ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 4 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨੨ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਸਰਕਾਰ ਨੂੰ ਲੱਗਿਆ ਵੱਡਾ ਝਟਕਾ, ਨਗਰ ਨਿਗਮ ਚੋਣਾਂ 'ਤੇ ਲੱਗੀ ਰੋਕ !

**ਚੰਡੀਗੜ੍ਹ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੂੰ ਹਾਈ ਕੋਰਟ ਤੋਂ ਨਗਰ ਨਿਗਮ ਚੋਣਾਂ ਨੂੰ ਲੈਕੇ ਵੱਡਾ ਝਟਕਾ ਲੱਗਿਆ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸੂਬੇ ਦੀਆਂ ਨੌਂ ਨਗਰ ਨਿਗਮਾਂ ਅਤੇ 100 ਤੋਂ ਵੱਧ ਨਗਰ ਕੌਂਸਲਾਂ ਦੀਆਂ ਚੋਣਾਂ ਲਈ ਨੋਟੀਫਿਕੇਸ਼ਨ ਜਾਰੀ ਕਰਨ 'ਤੇ ਰੋਕ ਲਗਾ ਦਿੱਤੀ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਚੋਣ ਪ੍ਰਕਿਰਿਆ ਉਦੋਂ ਤੱਕ ਅੱਗੇ ਨਹੀਂ ਵੱਧ ਸਕਦੀ, ਜਦੋਂ ਤੱਕ ਸਰਕਾਰ ਵਾਰਡਬੰਦੀ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਦਾ ਜਵਾਬ ਦਾਇਰ ਨਹੀਂ ਕਰਦੀ।ਅਦਾਲਤ ਨੂੰ ਪਤਾ ਲੱਗਿਆ ਕਿ ਵਾਰਡਬੰਦੀ ਨੂੰ ਚੁਣੌਤੀ ਦੇਣ ਵਾਲੀਆਂ ਕਈ ਪਟੀਸ਼ਨਾਂ 'ਤੇ ਪਹਿਲਾਂ ਹੀ ਨੋਟਿਸ ਜਾਰੀ ਕੀਤੇ ਜਾ ਚੁੱਕੇ ਹਨ, ਪਰ ਸਰਕਾਰ ਨੇ ਅਜੇ ਤੱਕ ਕੋਈ ਜਵਾਬ ਨਹੀਂ ਦਿੱਤਾ ਹੈ। ਹਾਈ ਕੋਰਟ ਨੇ ਇਸ 'ਤੇ ਸਖ਼ਤ ਨਾਰਾਜ਼ਗੀ ਪ੍ਰਗਟ ਕਰਦਿਆਂ ਹੋਇਆਂ ਕਿਹਾ ਕਿ ਸਰਕਾਰ ਦਾ ਰਵੱਈਆ ਨਿਆਂਇਕ ਪ੍ਰਕਿਰਿਆ ਦੀ ਅਣਦੇਖੀ ਦੇ ਬਰਾਬਰ ਹੈ।ਇਸ ਮਾਮਲੇ ਦੀ ਅਗਲੀ ਸੁਣਵਾਈ ਹੁਣ 18 ਫਰਵਰੀ ਨੂੰ ਹੋਵੇਗੀ।ਪਟੀਸ਼ਨਰਾਂ ਨੇ ਹਾਈ ਕੋਰਟ ਵਿੱਚ ਦਲੀਲ ਦਿੱਤੀ ਕਿ ਨਵੀਂ ਵਾਰਡਬੰਦੀ ਵਿੱਚ ਮਨਮਾਨੀ ਕੀਤੀ ਗਈ ਹੈ।ਉਨ੍ਹਾਂ ਦਾ ਦੋਸ਼ ਹੈ ਕਿ ਹੱਦਬੰਦੀ ਵਿੱਚ ਰਾਜਨੀਤਿਕ ਪੱਖਪਾਤ ਦਿਖਾਇਆ ਗਿਆ ਹੈ ਅਤੇ ਆਬਾਦੀ ਸੰਤੁਲਨ ਨੂੰ ਧਿਆਨ ਵਿੱਚ ਨਹੀਂ ਰੱਖਿਆ ਗਿਆ। ਇਨ੍ਹਾਂ ਦੋਸ਼ਾਂ ਦੇ ਆਧਾਰ 'ਤੇ ਕਈ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਹਨ ਅਤੇ ਇਨ੍ਹਾਂ ਨਗਰ ਪਾਲਿਕਾਵਾਂ ਦੀ ਗਿਣਤੀ ਹੁਣ ਦਰਜਨਾਂ ਤੱਕ ਪਹੁੰਚ ਗਈ ਹੈ। ਜਿਨ੍ਹਾਂ ਨਗਰ ਨਿਗਮਾਂ ਦੇ ਵਾਰਡਬੰਦੀ ਨੂੰ ਸਿੱਧੇ ਤੌਰ 'ਤੇ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ ਗਈ ਹੈ, ਉਨ੍ਹਾਂ ਵਿੱਚ ਬਟਾਲਾ, ਪਠਾਨਕੋਟ, ਕਪੂਰਥਲਾ, ਹੁਸ਼ਿਆਰਪੁਰ, ਮੋਹਾਲੀ, ਬਠਿੰਡਾ, ਅਬੋਹਰ, ਮੋਗਾ ਅਤੇ ਬਰਨਾਲਾ ਸ਼ਾਮਲ ਹਨ।

## ਜੇਲ੍ਹ ਤੋਂ ਬਾਹਰ ਆਉਂਦੇ ਗਰਜੇ ਬਿਕਰਮ ਸਿੰਘ ਮਜੀਠੀਆ

# 'ਨਾ ਮਜੀਠੀਆ ਰੁਕੇਗਾ, ਨਾ ਝੁਕੇਗਾ'

**ਨਾਭਾ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਸੁਪਰੀਮ ਕੋਰਟ ਵੱਲੋਂ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਜ਼ਮਾਨਤ ਮਿਲਣ ਤੋਂ ਬਾਅਦ ਨਾਭਾ ਜੇਲ੍ਹ ਤੋਂ ਰਿਹਾਅ ਕਰ ਦਿੱਤਾ ਗਿਆ ਹੈ। ਜੇਲ੍ਹ ਦੇ ਬਾਹਰ ਸੁਰੱਖਿਆ ਦੇ ਸਖ਼ਤ ਇੰਤਜਾਮ ਕੀਤੇ ਹੋਏ ਸੀ। ਮਜੀਠੀਆ ਦੇ ਸਮਰਥਕ ਜੇਲ੍ਹ ਦੇ ਬਾਹਰ ਖੜ੍ਹੇ ਹੋਏ ਸਨ। ਜਿਨ੍ਹਾਂ ਨੇ ਬਿਕਰਮ ਸਿੰਘ ਮਜੀਠੀਆ ਦਾ ਭਰਵਾਂ ਸਵਾਗਤ ਕੀਤਾ। ਮਜੀਠੀਆ ਨੇ 'ਆਪ' ਸਰਕਾਰ 'ਤੇ ਹਮਲਾ ਬੋਲਿਆ।ਉਨ੍ਹਾਂ ਇਲਜ਼ਾਮ ਲਗਾਇਆ ਕਿ 'ਆਪ' ਸਰਕਾਰ ਉਨ੍ਹਾਂ ਨੂੰ ਮੂਸੇਵਾਲਾ ਵਾਂਗ ਮਾਰ ਸਕਦੀ ਹੈ, ਪਰ ਮਜੀਠੀਆ ਨਾ ਤਾਂ ਝੁਕੇਗਾ ਅਤੇ ਨਾ ਹੀ ਰੁਕੇਗਾ।ਉਹ ਪੰਜਾਬ ਲਈ ਬੋਲਦੇ ਰਹਿਣਗੇ। ਉਨ੍ਹਾਂ ਵਿਰੋਧੀ ਆਗੂਆਂ ਦਾ ਧੰਨਵਾਦ ਕੀਤਾ। ਮਜੀਠੀਆ ਨੇ ਕਿਹਾ ਕਿ



ਸਰਕਾਰ ਨੇ ਉਨ੍ਹਾਂ ਦੀ ਪਤਨੀ ਨੂੰ ਤੰਗ ਕੀਤਾ ਹੈ। ਮਜੀਠੀਆ ਨੇ ਕਿਹਾ ਕਿ ਸਰਕਾਰ ਚਾਹੁੰਦੀ ਸੀ ਕਿ ਉਹ ਜ਼ਿੰਦਾ ਜੇਲ੍ਹ ਤੋਂ ਬਾਹਰ ਨਾ ਆਵੇ, ਪਰ ਪੰਜਾਬ ਦੇ ਲੋਕਾਂ ਦੀਆਂ ਦੁਆਵਾਂ ਸਦਕਾ, ਉਹ ਹੁਣ ਪੂਰੀ ਤਰ੍ਹਾਂ ਤੰਦਰੁਸਤ ਹੈ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਉਹ ਸਰਕਾਰ ਤੋਂ ਨਹੀਂ ਡਰਦੇ ਅਤੇ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਅਤੇ ਨੌਜਵਾਨਾਂ ਦੀ ਆਵਾਜ਼ ਬਣ ਕੇ ਸਰਕਾਰ ਖਿਲਾਫ ਆਪਣੀ ਆਵਾਜ਼ ਬੁਲੰਦ ਕਰਦੇ ਰਹਿਣਗੇ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ-ਢੇਰੀ ਹੋ ਚੁੱਕੀ ਹੈ। ਜੋ ਵੀ ਇਸ 'ਤੇ ਸਵਾਲ ਉਠਾਉਂਦਾ ਹੈ, ਉਸ 'ਤੇ ਝੂਠੇ ਇਲਜ਼ਾਮ ਲਗਾਏ ਜਾਂਦੇ ਹਨ ਅਤੇ ਉਸਨੂੰ ਕੈਦ ਕਰ ਦਿੱਤਾ ਜਾਂਦਾ ਹੈ। ਸਾਬਕਾ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਅੱਜ ਪੰਜਾਬੀਆਂ ਨੂੰ ਸੱਦਾ ਦਿੱਤਾ ਕਿ ਉਹ ਲੋਕ ਲਹਿਰ ਸਿਰਜ ਕੇ ਪੰਜਾਬ ਨੂੰ ਆਮ ਆਦਮੀ ਪਾਰਟੀ (ਆਪ) ਦੇ ਦਿੱਲੀ ਦੇ ਆਗੂਆਂ ਦੇ ਚੁੰਗਲ ਵਿਚੋਂ ਮੁਕਤ ਕਰਵਾਉਣ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਆਪਣੇ ਰਾਜ ਦੀ ਭਲਾਈ ਵਾਸਤੇ ਖੁਦ ਫੈਸਲੇ ਲੈ ਸਕਣ। ਅਕਾਲੀ ਆਗੂ ਜਿਨ੍ਹਾਂ ਦਾ ਅੱਜ ਨਾਭਾ ਜੇਲ੍ਹ ਵਿਚੋਂ ਰਿਹਾਈ 'ਤੇ ਪੁਲਿਸ ਵੱਲੋਂ ਪਾਰਟੀ ਵਰਕਰਾਂ ਅਤੇ ਸਮਰਥਕਾਂ ਨੂੰ ਜੇਲ੍ਹ ਪਹੁੰਚਣ ਤੋਂ ਰੋਕਣ ਲਈ ਪੂਰੀ ਵਾਹ ਲਗਾਉਣ ਦੇ ਬਾਵਜੂਦ ਲੋਕਾਂ ਨੇ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਉਹ ਕਿਸਾਨਾਂ, ਨੌਜਵਾਨਾਂ, ਮੁਲਾਜ਼ਮਾਂ ਅਤੇ ਵਪਾਰੀਆਂ ਸਮੇਤ ਸਮੁੱਚੇ ਪੰਜਾਬੀਆਂ ਲਈ ਆਵਾਜ਼ ਬੁਲੰਦ ਕਰਦੇ ਰਹਿਣਗੇ ਅਤੇ ਕਾਨੂੰਨ ਵਿਵਸਥਾ ਸਮੇਤ ਹੋਰ ਮੁੱਦੇ ਰਹਿਣਗੇ ਭਾਵੇਂ ਉਨ੍ਹਾਂ ਖਿਲਾਫ ਜਿੰਨੇ ਮਰਜ਼ੀ ਕੇਸ ਦਰਜ ਹੋ ਜਾਣ।

## ਨਾਭਾ ਜੇਲ੍ਹ ਬਾਹਰ ਪਹੁੰਚੀ ਗਨੀਵ ਕੌਰ, ਕਿਹਾ 'ਦੇਖੋ ਜਦੋਂ ਸ਼ੇਰ ਬਾਹਰ ਆਉਂਦਾ ਤਾਂ ਕੀ ਬਣਦਾ'

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਸੁਪਰੀਮ ਕੋਰਟ ਤੋਂ ਜ਼ਮਾਨਤ ਮਿਲਣ ਤੋਂ ਬਾਅਦ ਉਨ੍ਹਾਂ ਦੇ ਪਰਿਵਾਰ ਅਤੇ ਸਮਰਥਕਾਂ ਵਿਚ ਖੁਸ਼ੀ ਦੀ ਲਹਿਰ ਹੈ। ਅਦਾਲਤ ਦੇ ਇਸ ਫੈਸਲੇ ਨੂੰ 'ਸੱਚ ਦੀ ਜਿੱਤ' ਕਰਾਰ ਦਿੰਦਿਆਂ ਮਜੀਠੀਆ ਦੀ ਪਤਨੀ ਗਨੀਵ ਕੌਰ ਨੇ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ ਹਨ। ਉਨ੍ਹਾਂ ਕਿਹਾ ਕਿ ਇਹ ਸਰਕਾਰ ਸ਼ਾਇਦ ਭੁੱਲ ਗਈ ਸੀ ਕਿ ਸਭ ਤੋਂ ਉੱਪਰ ਇਕ ਰੱਬ ਦੀ ਅਦਾਲਤ ਵੀ ਹੈ, ਜਿੱਥੇ ਦੇਰ ਹੈ ਪਰ ਹਨੇਰ ਨਹੀਂ। ਗਨੀਵ ਕੌਰ ਨੇ ਇਹ ਵੀ ਕਿਹਾ ਕਿ ਹੁਣ ਪੰਜਾਬ ਵਿਚ ਡਾਇਨਾਸੌਰ ਵੀ ਆਉਣਗੇ ਅਤੇ ਅਕਾਲੀ ਵੀ। ਬਿਕਰਮ ਮਜੀਠੀਆ ਦੀ ਰਿਹਾਈ 'ਤੇ ਵਿਰੋਧੀਆਂ ਵੱਲੋਂ ਕੱਸੇ ਜਾ ਰਹੇ ਤੰਜ 'ਤੇ ਉਨ੍ਹਾਂ ਕਿਹਾ ਕਿ ਦੇਖੋ ਜਦੋਂ ਸ਼ੇਰ ਬਾਹਰ ਨਿਕਲ ਕੇ ਆਉਂਦਾ ਹੈ ਤਾਂ ਕੀ ਬਣਦਾ ਹੈ। ਗਨੀਵ ਕੌਰ ਨੇ ਕਿਹਾ ਕਿ ਅੱਜ ਸੱਚਾਈ ਦੀ ਜਿੱਤ ਹੋਈ ਹੈ। ਉਨ੍ਹਾਂ ਨੇ ਪ੍ਰਮਾਤਮਾ ਅਤੇ ਦੇਸ਼ ਦੀ ਸਰਵਉੱਚ ਅਦਾਲਤ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਿੰਨੀ ਧੱਕੇਸ਼ਾਹੀ ਕਰਨੀ ਸੀ, ਉਹ ਕਰ ਚੁੱਕੀ ਹੈ ਪਰ ਅੰਤ ਵਿਚ ਇਨਸਾਫ਼ ਦੀ ਜਿੱਤ ਹੋਈ ਹੈ। ਉਨ੍ਹਾਂ ਸਰਕਾਰ ਨੂੰ ਲੰਮੇ ਹੱਥੀਂ ਲੈਂਦਿਆਂ ਸਵਾਲ ਕੀਤਾ ਕਿ ਜਿਨ੍ਹਾਂ ਕੁਰਸੀਆਂ 'ਤੇ ਉਹ ਬੈਠੇ ਹਨ, ਕੀ ਉਨ੍ਹਾਂ ਨੂੰ ਅਜਿਹੀਆਂ ਗੱਲਾਂ ਸ਼ੋਭਾ ਦਿੰਦੀਆਂ ਹਨ ?



## ਰੂਸ ਦਾ ਯੂਕ੍ਰੇਨ 'ਤੇ ਹੁਣ ਤੱਕ ਦਾ ਸਭ ਤੋਂ ਵੱਡਾ ਹਮਲਾ; ਸ਼ਾਂਤੀ ਵਾਰਤਾ ਤੋਂ ਪਹਿਲਾਂ ਦਾਗੇ 450 ਡਰੋਨ ਤੇ 70 ਮਿਜ਼ਾਈਲਾ

**ਕੀਵ , 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਆਬੂਧਾਬੀ ਵਿੱਚ ਅਮਰੀਕਾ ਦੀ ਵਿਚੋਲਗੀ ਹੇਠ ਹੋਣ ਵਾਲੀ ਸ਼ਾਂਤੀ ਵਾਰਤਾ ਤੋਂ ਠੀਕ ਇੱਕ ਦਿਨ ਪਹਿਲਾਂ, ਰੂਸ ਨੇ ਯੂਕ੍ਰੇਨ 'ਤੇ ਹੁਣ ਤੱਕ ਦਾ ਸਭ ਤੋਂ ਭਿਆਨਕ ਹਮਲਾ ਕਰ ਦਿੱਤਾ ਹੈ। ਯੂਕ੍ਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨੇ ਦੱਸਿਆ ਕਿ ਰੂਸ ਨੇ ਰਾਤੋ-ਰਾਤ ਲਗਭਗ 450 ਡਰੋਨ ਅਤੇ 70 ਵੱਖ-ਵੱਖ ਕਿਸਮਾਂ ਦੀਆਂ ਮਿਜ਼ਾਈਲਾਂ ਨਾਲ ਯੂਕ੍ਰੇਨ ਨੂੰ ਨਿਸ਼ਾਨਾ ਬਣਾਇਆ ਹੈ। ਇਸ ਹਮਲੇ ਵਿੱਚ ਹੁਣ ਤੱਕ 10 ਲੋਕਾਂ ਦੇ ਜ਼ਖਮੀ ਹੋਣ ਦੀ ਖ਼ਬਰ ਹੈ, ਜਦਕਿ ਕਈ ਇਲਾਕਿਆਂ ਵਿੱਚ ਬਚਾਅ ਕਾਰਜ ਜਾਰੀ ਹਨ।ਇਸ ਹਮਲੇ ਦਾ ਮੁੱਖ ਨਿਸ਼ਾਨਾ ਯੂਕਰੇਨ ਦਾ ਬਿਜਲੀ ਗਰਿੱਡ ਰਿਹਾ ਹੈ।



ਰੂਸ ਨੇ ਘੱਟੋ-ਘੱਟ 5 ਖੇਤਰਾਂ ਵਿੱਚ ਬਿਜਲੀ ਘਰਾਂ, ਟ੍ਰਾਂਸਫਾਰਮਰਾਂ ਅਤੇ ਟਰਬਾਈਨਾਂ 'ਤੇ ਬੰਬਾਰੀ ਕੀਤੀ ਹੈ ਤਾਂ ਜੋ ਇਸ ਸਖ਼ਤ ਸਰਦੀ ਵਿੱਚ ਲੋਕਾਂ ਨੂੰ ਬਿਜਲੀ, ਹੀਟਿੰਗ ਅਤੇ ਪਾਣੀ ਤੋਂ ਵਾਂਝਾ ਰੱਖਿਆ ਜਾ ਸਕੇ।ਰਾਜਧਾਨੀ ਕੀਵ ਦੇ ਮੇਅਰ ਵਿਟਾਲੀ ਕਲਿਟਸਕੋ ਨੇ ਦੱਸਿਆ ਕਿ ਹਮਲੇ ਕਾਰਨ 1,170 ਰਿਹਾਇਸ਼ੀ ਇਮਾਰਤਾਂ ਦੀ ਹੀਟਿੰਗ ਸਪਲਾਈ ਬੰਦ ਹੋ ਗਈ ਹੈ। ਰੂਸੀ ਮਿਜ਼ਾਈਲਾਂ ਨੇ ਨਾ ਸਿਰਫ਼ ਪਾਵਰ ਪਲਾਂਟਾਂ ਸਗੋਂ ਰਿਹਾਇਸ਼ੀ ਇਮਾਰਤਾਂ, ਇੱਕ ਕਿੰਡਰਗਾਰਟਨ (ਬਾਲਵਾੜੀ) ਅਤੇ ਇੱਕ ਗੈਸ ਸਟੇਸ਼ਨ ਨੂੰ ਵੀ ਨੁਕਸਾਨ ਪਹੁੰਚਾਇਆ ਹੈ, ਜਿਸ ਵਿੱਚ ਕਈ ਲੋਕ ਜ਼ਖਮੀ ਹੋਏ ਹਨ। ਕੀਵ ਵਿੱਚ ਸਥਿਤ 'ਨੈਸ਼ਨਲ ਮਿਊਜ਼ੀਅਮ ਆਫ ਦਿ ਹਿਸਟਰੀ ਆਫ ਯੂਕਰੇਨ ਇਨ ਦਿ ਸੈਕਿੰਡ ਵਰਲਡ ਵਾਰ' ਦੇ ਹਾਲ ਆਫ ਫੇਮ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ ਹੈ। ਰਾਸ਼ਟਰਪਤੀ ਜ਼ੇਲੇਂਸਕੀ ਨੇ ਰੂਸ ਦੇ ਇਸ ਕਦਮ ਦੀ ਨਿਖੇਧੀ ਕਰਦਿਆਂ ਕਿਹਾ ਕਿ ਰੂਸ ਲਈ ਗੱਲਬਾਤ ਨਾਲੋਂ ਲੋਕਾਂ ਨੂੰ ਦਹਿਸ਼ਤਜ਼ਦਾ ਕਰਨਾ ਜ਼ਿਆਦਾ ਮਹੱਤਵਪੂਰਨ ਹੈ। ਉਨ੍ਹਾਂ ਨੇ ਆਪਣੇ ਸਹਿਯੋਗੀ ਦੇਸ਼ਾਂ ਨੂੰ ਅਪੀਲ ਕੀਤੀ ਕਿ ਉਹ ਯੂਕਰੇਨ ਨੂੰ ਵਧੇਰੇ ਹਵਾਈ ਰੱਖਿਆ ਪ੍ਰਣਾਲੀ ਮੁਹੱਈਆ ਕਰਵਾਉਣ ਅਤੇ ਰੂਸ 'ਤੇ ਜੰਗ ਖਤਮ ਕਰਨ ਲਈ ਵੱਧ ਤੋਂ ਵੱਧ ਦਬਾਅ ਪਾਉਣ।ਦੱਸਣਯੋਗ ਹੈ ਕਿ 24 ਫਰਵਰੀ, 2022 ਨੂੰ ਸ਼ੁਰੂ ਹੋਈ ਇਸ ਜੰਗ ਨੂੰ ਖਤਮ ਕਰਨ ਲਈ ਅਬੂ ਧਾਬੀ ਵਿੱਚ ਬੁੱਧਵਾਰ ਅਤੇ ਵੀਰਵਾਰ ਨੂੰ ਮਹੱਤਵਪੂਰਨ ਗੱਲਬਾਤ ਹੋਣੀ ਤੈਅ ਸੀ। ਹਾਲਾਂਕਿ ਟਰੰਪ ਪ੍ਰਸ਼ਾਸਨ ਇਸ ਮੁੱਦੇ 'ਤੇ ਕਿਸੇ ਸਿੱਟੇ 'ਤੇ ਪਹੁੰਚਣ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਰੂਸ ਦੇ ਇਸ ਤਾਜ਼ਾ ਹਮਲੇ ਨੇ ਸ਼ਾਂਤੀ ਦੀਆਂ ਉਮੀਦਾਂ ਨੂੰ ਵੱਡਾ ਝਟਕਾ ਦਿੱਤਾ ਹੈ।

## ਸੈਸ਼ਨ ਦੌਰਾਨ ਸਪੀਕਰ ਵੱਲ ਕਾਗਜ਼ ਸੁੱਟਣ ਦੇ ਮਾਮਲੇ 'ਚ ਵੱਡੀ ਕਾਰਵਾਈ; ਗੁਰਜੀਤ ਔਜਲਾ ਤੇ ਰਾਜਾ ਵੜਿੰਗ ਸਣੇ 8 ਸਾਂਸਦ ਸਸਪੈਂਡ

**ਨਵੀਂ ਦਿੱਲੀ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਵਿੱਚ ਸਪੀਕਰ 'ਤੇ ਕਾਗਜ਼ ਸੁੱਟਣ ਵਾਲੇ ਅੱਠ ਵਿਰੋਧੀ ਸੰਸਦ ਮੈਂਬਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਗਈ ਹੈ। ਹੰਗਾਮੇ ਦੌਰਾਨ, ਸਪੀਕਰ ਓਮ ਬਿਰਲਾ ਨੇ ਅੱਠ ਸੰਸਦ ਮੈਂਬਰਾਂ ਨੂੰ ਪੂਰੇ ਸੈਸ਼ਨ ਲਈ ਮੁਅੱਤਲ ਕਰ ਦਿੱਤਾ। ਇਹ ਸੰਸਦ ਮੈਂਬਰ ਸਪੀਕਰ ਦੀ ਕੁਰਸੀ ਦੇ ਨੇੜੇ ਗਏ ਸਨ ਅਤੇ ਕਾਗਜ਼ ਸੁੱਟੇ ਸਨ। ਤੇਜ਼ ਹੰਗਾਮੇ ਕਾਰਨ ਅੱਜ ਸਦਨ ਦੀ ਕਾਰਵਾਈ ਵਿੱਚ ਵਿਘਨ ਪਿਆ। ਸੰਸਦ ਨੂੰ ਕੱਲ੍ਹ ਸਵੇਰੇ 11 ਵਜੇ ਤੱਕ ਮੁਲਤਵੀ ਕਰ ਦਿੱਤਾ ਗਿਆ ਹੈ।



ਦਰਅਸਲ, ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਭਾਸ਼ਣ ਤੋਂ ਬਾਅਦ ਅੱਜ ਲੋਕ ਸਭਾ ਵਿੱਚ ਭਾਰੀ ਹੰਗਾਮਾ ਹੋਇਆ। ਜਿਵੇਂ ਹੀ ਰਾਹੁਲ ਗਾਂਧੀ ਨੇ ਦੁਬਾਰਾ ਚੀਨ ਦਾ ਮੁੱਦਾ ਉਠਾਉਣਾ ਸ਼ੁਰੂ ਕੀਤਾ, ਸਦਨ ਹੰਗਾਮੇ ਨਾਲ ਭਰ ਗਿਆ। ਰਾਹੁਲ ਗਾਂਧੀ ਨੇ ਬੋਲਣ 'ਤੇ ਜ਼ੋਰ ਦਿੱਤਾ, ਪਰ ਉਨ੍ਹਾਂ ਦਾ ਭਾਸ਼ਣ ਪੂਰਾ ਨਹੀਂ ਹੋ ਸਕਿਆ। ਹੰਗਾਮੇ ਕਾਰਨ ਸਦਨ ਨੂੰ ਕਈ ਵਾਰ ਮੁਲਤਵੀ ਕਰਨਾ ਪਿਆ। ਇਸ ਦੌਰਾਨ, ਲੋਕ ਸਭਾ ਵਿੱਚ ਸੰਸਦ ਮੈਂਬਰਾਂ ਨੇ ਸਪੀਕਰ ਦੀ ਕੁਰਸੀ ਵੱਲ ਕਾਗਜ਼ ਦੇ ਟੁਕੜੇ ਸੁੱਟੇ।

ਜਦੋਂ ਲੋਕ ਸਭਾ ਦੁਪਹਿਰ 3 ਵਜੇ ਚੌਥੀ ਵਾਰ ਮੁੜ ਸ਼ੁਰੂ ਹੋਈ, ਤਾਂ ਸੰਸਦੀ ਮਾਮਲਿਆਂ ਦੇ ਮੰਤਰੀ ਕਿਰੇਨ ਰਿਜੀਜੂ ਨੇ ਸੈਸ਼ਨ ਦੇ ਬਾਕੀ ਸਮੇਂ ਲਈ ਕਾਗਜ਼ ਸੁੱਟਣ ਵਾਲੇ ਸੰਸਦ ਮੈਂਬਰਾਂ ਨੂੰ ਮੁਅੱਤਲ ਕਰਨ ਦਾ ਪ੍ਰਸਤਾਵ ਪੇਸ਼ ਕੀਤਾ, ਜਿਸਨੂੰ ਆਵਾਜ਼ ਵੋਟ ਨਾਲ ਪਾਸ ਕਰ ਦਿੱਤਾ ਗਿਆ।

ਮੁਅੱਤਲ ਕੀਤੇ ਗਏ ਸੰਸਦ ਮੈਂਬਰਾਂ ਦੇ ਨਾਮ:

ਗੁਰਜੀਤ ਔਜਲਾ
ਮਣਿਕਮ ਟੈਗੋਰ (ਤਾਮਿਲਨਾਡੂ ਤੋਂ ਕਾਂਗਰਸ ਸੰਸਦ ਮੈਂਬਰ)
ਅਮਰਿੰਦਰ ਸਿੰਘ ਰਾਜਾ ਵੜਿੰਗ
ਕਿਰਨ ਕੁਮਾਰ ਰੈਡੀ
ਡੀਨ ਕੁਰੀਆਕੋਸੇ (ਕੇਰਲ ਤੋਂ ਕਾਂਗਰਸ ਸੰਸਦ ਮੈਂਬਰ)
ਐਸ. ਵੈਂਕਟੇਸ਼ (ਸੀਪੀਐਮ ਸੰਸਦ ਮੈਂਬਰ)
ਹਿਬੀ ਈਡਨ - ਕੇਰਲ ਤੋਂ ਕਾਂਗਰਸ ਸੰਸਦ ਮੈਂਬਰ
ਪ੍ਰਸ਼ਾਂਤ ਪਡੋਲੇ
ਥਾਮਸ

ਜੇਕਰ ਤੁਹਾਡੇ ਵਿੱਚ ਹਿੰਮਤ ਹੈ ਤਾਂ ਸੰਸਦ ਮੈਂਬਰਾਂ ਨੂੰ ਮੁਅੱਤਲ ਕਰੋ: ਕੇਸੀ ਵੇਣੂਗੋਪਾਲ

ਇਸ ਤੋਂ ਪਹਿਲਾਂ, ਕਾਂਗਰਸ ਸੰਸਦ ਮੈਂਬਰ ਕੇਸੀ ਵੇਣੂਗੋਪਾਲ ਨੇ ਮੇਜ਼ 'ਤੇ ਚੜ੍ਹੇ ਸੰਸਦ ਮੈਂਬਰਾਂ ਬਾਰੇ ਸਰਕਾਰ ਨੂੰ ਚੁਣੌਤੀ ਦਿੱਤੀ ਸੀ। ਵੇਣੂਗੋਪਾਲ ਨੇ ਕਿਹਾ ਕਿ ਰਾਹੁਲ ਗਾਂਧੀ ਆਪਣੀ ਡਿਊਟੀ ਕਰ ਰਹੇ ਸਨ ਅਤੇ ਸਰਕਾਰ ਉਨ੍ਹਾਂ ਨੂੰ ਰੋਕ ਰਹੀ ਸੀ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਵਿੱਚ ਹਿੰਮਤ ਹੈ ਤਾਂ ਸੰਸਦ ਮੈਂਬਰਾਂ ਨੂੰ ਮੁਅੱਤਲ ਕਰੋ। ਸਿਰਫ਼ ਸਾਰੇ ਕਾਂਗਰਸੀ ਸੰਸਦ ਮੈਂਬਰਾਂ ਨੂੰ ਹੀ ਨਹੀਂ, ਸਗੋਂ ਪੂਰੀ ਵਿਰੋਧੀ ਧਿਰ ਨੂੰ।

## ਈਰਾਨ 'ਚ ਵਧਦੇ ਤਣਾਅ ਦਾ ਅਸਰ: ਇੰਡੀਗੋ ਨੇ 28 ਫਰਵਰੀ ਤੱਕ ਰੱਦ ਕੀਤੀਆਂ ਕਈ ਅੰਤਰਰਾਸ਼ਟਰੀ ਉਡਾਣਾਂ

**ਨਵੀਂ ਦਿੱਲੀ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਇਰਾਨ ਵਿੱਚ ਲਗਾਤਾਰ ਬਦਲ ਰਹੇ ਹਾਲਾਤਾਂ ਅਤੇ ਵਧਦੀ ਖਿੱਚੋਤਾਣ ਦੇ ਮੱਦੇਨਜ਼ਰ ਭਾਰਤੀ ਹਵਾਬਾਜ਼ੀ ਕੰਪਨੀ ਇੰਡੀਗੋ ਨੇ ਵੱਡਾ ਫੈਸਲਾ ਲੈਂਦਿਆਂ ਆਪਣੀਆਂ ਕਈ ਅੰਤਰਰਾਸ਼ਟਰੀ ਉਡਾਣਾਂ ਦੇ ਸ਼ਿਡਊਲ ਵਿੱਚ ਬਦਲਾਅ ਕੀਤਾ ਹੈ। ਕੰਪਨੀ ਨੇ ਇੱਕ ਟ੍ਰੈਵਲ ਐਡਵਾਈਜ਼ਰੀ ਜਾਰੀ ਕਰਦਿਆਂ ਦੱਸਿਆ ਕਿ ਤਬਿਲਿਸੀ, ਅਲਮਾਟੀ, ਬਾਕੂ ਅਤੇ ਤਾਸ਼ਕੰਦ ਲਈ ਆਉਣ-ਜਾਣ ਵਾਲੀਆਂ ਉਡਾਣਾਂ ਨੂੰ 28 ਫਰਵਰੀ 2026 ਤੱਕ ਰੱਦ ਕਰ ਦਿੱਤਾ ਗਿਆ ਹੈ। ਇੰਡੀਗੋ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਰਾਨ ਦੇ ਆਲੇ-ਦੁਆਲੇ ਦੇ ਹਾਲਾਤਾਂ ਨੂੰ ਦੇਖਦੇ ਹੋਏ ਗਾਹਕਾਂ ਅਤੇ ਕਰੂ ਮੈਂਬਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਹ ਕਦਮ ਚੁੱਕਿਆ ਗਿਆ ਹੈ। ਕੰਪਨੀ ਨੇ ਪ੍ਰਭਾਵਿਤ ਯਾਤਰੀਆਂ ਨੂੰ ਭਰੋਸਾ ਦਿੱਤਾ ਹੈ ਕਿ ਉਹ ਜਾਂ ਤਾਂ ਯਾਤਰਾ ਦੇ ਹੋਰ ਵਿਕਲਪ ਚੁਣ ਸਕਦੇ ਹਨ ਜਾਂ ਆਪਣੀ ਟਿਕਟ ਦਾ ਪੂਰਾ ਰਿਫੰਡ ਲੈ ਸਕਦੇ ਹਨ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ 25 ਜਨਵਰੀ ਨੂੰ ਵੀ ਦਿੱਲੀ-ਤਬਿਲਿਸੀ ਅਤੇ ਮੁੰਬਈ-ਅਲਮਾਟੀ ਦੀਆਂ ਉਡਾਣਾਂ ਰੱਦ ਕੀਤੀਆਂ ਗਈਆਂ ਸਨ।ਇਹ ਫੈਸਲਾ ਅਜਿਹੇ ਸਮੇਂ ਆਇਆ ਹੈ ਜਦੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੱਧ ਪੂਰਬ ਵਿੱਚ ਜੰਗੀ ਬੇੜੇ ਤਾਇਨਾਤ ਕਰ ਦਿੱਤੇ ਹਨ। ਟਰੰਪ ਨੇ ਇਰਾਨ ਨੂੰ ਪ੍ਰਮਾਣੂ ਗੱਲਬਾਤ ਮੁੜ ਸ਼ੁਰੂ ਕਰਨ ਲਈ ਕਿਹਾ ਹੈ, ਜੋ ਪਿਛਲੇ ਸਾਲ ਜੂਨ ਵਿੱਚ ਇਜ਼ਰਾਈਲ ਅਤੇ ਅਮਰੀਕਾ ਵੱਲੋਂ ਇਰਾਨੀ ਟਿਕਾਣਿਆਂ 'ਤੇ ਕੀਤੇ ਹਮਲਿਆਂ ਤੋਂ ਬਾਅਦ ਰੁਕ ਗਈ ਸੀ। ਹਾਲਾਂਕਿ ਟਰੰਪ ਨੇ ਗੱਲਬਾਤ ਦੀ ਉਮੀਦ ਜਤਾਈ ਹੈ, ਪਰ ਨਾਲ ਹੀ ਚੇਤਾਵਨੀ ਦਿੱਤੀ ਹੈ ਕਿ ਅਮਰੀਕਾ ਦੇ ਬਹੁਤ ਸ਼ਕਤੀਸ਼ਾਲੀ ਜਹਾਜ਼ ਉਸ ਦਿਸ਼ਾ ਵਿੱਚ ਵਧ ਰਹੇ ਹਨ।




ਦੂਜੇ ਪਾਸੇ, ਇਰਾਨ ਦੇ ਸੁਪਰੀਮ ਲੀਡਰ ਅਲੀ ਖਮੇਨੀ ਨੇ ਸਖ਼ਤ ਸਟੈਂਡ ਲੈਂਦਿਆਂ ਚੇਤਾਵਨੀ ਦਿੱਤੀ ਹੈ ਕਿ ਜੇਕਰ ਇਰਾਨ 'ਤੇ ਕੋਈ ਵੀ ਹਮਲਾ ਹੁੰਦਾ ਹੈ ਤਾਂ ਇਸ ਨਾਲ "ਖੇਤਰੀ ਜੰਗ" ਛਿੜ ਸਕਦੀ ਹੈ। ਅਮਰੀਕਾ ਨੇ ਗੱਲਬਾਤ ਲਈ ਕਈ ਸ਼ਰਤਾਂ ਰੱਖੀਆਂ ਹਨ, ਜਿਨ੍ਹਾਂ ਵਿੱਚ ਯੂਰੇਨੀਅਮ ਵਿਚ ਸੋਧ ਨੂੰ ਖਤਮ ਕਰਨਾ ਅਤੇ ਮਿਜ਼ਾਈਲ ਪ੍ਰੋਗਰਾਮ 'ਤੇ ਰੋਕ ਲਗਾਉਣਾ ਸ਼ਾਮਲ ਹੈ। ਇੰਡੀਗੋ ਨੇ ਕਿਹਾ ਹੈ ਕਿ ਉਹ ਹਾਲਾਤ 'ਤੇ ਲਗਾਤਾਰ ਨਜ਼ਰ ਰੱਖ ਰਹੇ ਹਨ ਅਤੇ ਕੋਈ ਵੀ ਅਗਲਾ ਬਦਲਾਅ ਹੋਣ 'ਤੇ ਯਾਤਰੀਆਂ ਨੂੰ ਤੁਰੰਤ ਸੂਚਿਤ ਕੀਤਾ ਜਾਵੇਗਾ।

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ (ਸ਼.ਭ.ਸ.ਨਗਰ)

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

**ਧੰਨ ਧੰਨ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ**

# 28ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

## ਪ੍ਰੋਗਰਾਮ

ਆਵਾਜ਼ਿ ਕੌਮ AWAZE QAUM International Newspaper & WEB TV

ਮਿਤੀ : 11 ਫਰਵਰੀ 2026, ਦਿਨ ਬੁੱਧਵਾਰ ।

ਸਹਾਇਤਾ ਵੰਡ ਸਮਾਗਮ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : **ਗਰਾਂਊਂਡ ਮਿਡਲ ਸਕੂਲ, ਪਿੰਡ ਐਮਾਂ ਜੱਟਾਂ, ਜ਼ਿਲਾ ਹੁਸ਼ਿਆਰਪੁਰ ਵਿਖੇ ।**

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ, ਯੋਗੀ ਦੇਵੀ ਨਾਥ ਐਮਾਂ ਜੱਟਾਂ ।

ਮੁੱਖ ਮਹਿਮਾਨ : ਸ: ਜਗਤਾਰ ਸਿੰਘ ਸਟੇਟ ਟੈਕਸ ਅਫ਼ਸਰ ਹੁਸ਼ਿਆਰਪੁਰ ।

ਵਿਸ਼ੇਸ਼ ਮਹਿਮਾਨ:
ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਯੂਨੀਕ ਹੋਮ, ਭਾਈ ਘਨੱਈਆ ਜੀ ਚੈਰੀਟੇਬਲ ਟਰੱਸਟ ਜਲੰਧਰ ।
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ
ਸ੍ਰੀ ਯੋਗ ਰਾਜ ਮੈਰਾ, ਡਾਇਰੈਕਟਰ ਫਾਈਨਾਂਸੀਅਲ ਐਡਵਾਈਜ਼ਰ ਡਿਪਾਰਟਮੈਂਟ ਆਫ ਪੋਸਟ ਮਨੀਸੀਟਰੀ ਆਫ ਕੁਮਿਨੀਕੇਸ਼ਨ ਭਾਰਤ ਸਰਕਾਰ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ SGPC ਅੰਮ੍ਰਿਤਸਰ, ਸ: ਦਲਜੀਤ ਸਿੰਘ ਖੱਖ, ਡੀ.ਐਸ.ਪੀ, ਗੜ੍ਹਸ਼ੰਕਰ।
ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਅਤੇ ਬੀ.ਡੀ.ਸੀ. ਨਵਾਂਸ਼ਹਿਰ ।
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਹਰਸੇਵਾ ਮੈਡੀਕਲ ਟਰੱਸਟ, ਯੂ.ਕੇ. ਮੋਰਾਂਵਾਲੀ ।, ਗ੍ਰੀਨ ਵਿਲੇਜ਼ ਸੁਸਾਇਟੀ, ਬੀਣੇਵਾਲ ।
ਉਪਕਾਰ ਐਜ਼ੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ, ਗੜ੍ਹਸ਼ੰਕਰ ।
ਮਾਤਾ ਅਮਰ ਕੌਰ, ਚਰਨ ਕੌਰ ਵੈਲਫੇਅਰ ਸੁਸਾਇਟੀ, ਭੂੰਗਰਨੀ, ਹੁਸ਼ਿਆਰਪੁਰ।
ਲੈਕ: ਰਜਿੰਦਰ ਕੁਮਾਰ ਸ਼ਰਮਾ, ਬੰਗਾ।, ਸਮਾਜ ਭਲਾਈ ਸਵੈ-ਸੇਵੀ ਸੰਸਥਾ, ਪਿੰਡ ਸੁੱਜੋਂ ।
ਗੁਰੂ ਨਾਨਕ ਮਿਸ਼ਨ ਇੰਟਰਨੈਸ਼ਨਲ ਚੈਰੀਟੇਬਲ ਹਸਪਤਾਲ ਕੁਲਪੁਰ, ਨਵਾਂਗਰਾ ।
ਸ: ਜਤਿੰਦਰ ਸਿੰਘ ਲਾਡੀ ਸਭ ਦਾ ਭਲਾ ਚੈਰੀਟੇਬਲ ਹਸਪਤਾਲ, ਸ਼ਿਕਾਰ ਮਾਸ਼ੀਆਂ (ਗੁਰਦਾਸਪੁਰ)
ਰਵਿੰਦਰ ਕੌਰ ਕਨੇਡਾ ਐਮਾਂ ਜੱਟਾਂ, ਸੁਰਿੰਦਰ ਸਿੰਘ ਯੂ.ਕੇ. ਐਮਾਂ ਜੱਟਾਂ,
ਡਾ: ਪਰਮਿੰਦਰ ਸਿੰਘ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਸਲਾ ਕਾਲਜ, ਮਾਹਿਲਪੁਰ ।
ਡਾ: ਤਰਸੇਮ ਸਿੰਘ ਭਿੰਡਰ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ, ਬੰਗਾ ।

ਇਸ ਮੌਕੇ ਤੇ ਧਾਰਮਿਕ ਪੁਸਤਕਾਂ ਦਾ ਲੰਗਰ ਲਗਾਇਆ ਜਾਵੇਗਾ ।

ਲਾਈਵ ਚੈਨਲ ਮਿਸਟਰ ਸਿੰਘ ਪ੍ਰੋਡੈਕਸ਼ਨ ਟੀ.ਵੀ. ਚੈਨਲ ਤੇ ਲਾਈਵ ਹੋਵੇਗਾ ।

ਸਨਮਾਨਿਤ ਸਖਸ਼ੀਅਤਾਂ ਅਤੇ ਸੰਸਥਾਵਾਂ
ਮੇਜ਼ਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਨਵਾਂਸ਼ਹਿਰ ।
ਸ: ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜ਼ੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ।
ਡਾ: ਕਸ਼ਮੀਰ ਚੰਦ ਐਮ.ਐਸ. ਪੀ.ਸੀ.ਐਮ.ਐਸ.-1, ਸਰਜੀਕਲ ਸਪੈਸ਼ਲਿਸਟ, ਐਮ.ਜੇ. ਲਾਈਫ ਹਸਪਤਾਲ, ਬੰਗਾ
ਡਾ: ਨਿਰਮਲ ਕੁਮਾਰ, ਐਸ.ਐਮ.ਓ. ਸੀ.ਐਚ.ਸੀ. ਬੀਣੇਵਾਲ, ਰਿਟਾਇਰ ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ ।
ਰਿਟਾਇਰ ਵਾਈਸ ਚਾਂਸਲਰ ਧਰਮਜੀਤ ਸਿੰਘ ਪਰਮਾਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।
ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

**ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲੇ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਤੇ ਚਾਨਣਾ ਪਾਉਣਗੇ।**

ਅਜ਼ਾਦ ਰੰਗਮੰਚ ਰਜਿ: ਕਲਾ ਭਵਨ ਫਗਵਾੜਾ ਵਲੋਂ ਬੀਬੀ ਕੁਲਵੰਤ ਦੇ ਨਿਰਦੇਸ਼ਨਾ ਤਹਿਤ "ਗੁਰੂ ਤੇਗ ਬਹਾਦਰ ਬੋਲਿਆ" ਨਾਟਕ ਪੇਸ਼ ਕੀਤਾ ਜਾਵੇਗਾ ।

ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।


ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਿੰਡ ਐਮਾਂ ਜੱਟਾਂ (ਹੁਸ਼ਿਆਰਪੁਰ)

ਮੋਬਾ: 98153-48143, 98140-23547

ਛਾਪਕ : ਸੱਲ੍ਹਣ ਪ੍ਰਿੰਟਿੰਗ ਪ੍ਰੈਸ, ਬੰਗਾ # 94646-34793, 98159-01698

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਕਾ ਨਕੋਦਰ ਦੇ ਦੋਸ਼ੀਆਂ ਨੂੰ ਸਜ਼ਾ ਦੇ ਕੇ ਪੰਜਾਬ ਸਰਕਾਰ ਇਨਸਾਫ਼ ਦੇਵੇ : ਕਰਨੈਲ ਸਿੰਘ ਪੀਰ ਮੁਹੰਮਦ

**ਨਕੋਦਰ 3 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸੀਨੀਅਰ ਆਗੂ ਸ੍ਰ. ਕਰਨੈਲ ਸਿੰਘ ਪੀਰ ਮੁਹੰਮਦ ਨੇ ਸਾਕਾ ਨਕੋਦਰ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਪੰਜਾਬ ਸਰਕਾਰ 'ਤੇ ਤਿੱਖਾ ਨਿਸ਼ਾਨਾ ਸਾਧਿਆ ਹੈ।

**ਬਿਆਨ ਦੇ ਮੁੱਖ ਅੰਸ਼:**

* ਸੱਚੀ ਸ਼ਰਧਾਂਜਲੀ ਇਨਸਾਫ਼ ਹੈ: ਪੀਰ ਮੁਹੰਮਦ ਨੇ ਕਿਹਾ ਕਿ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਫੁੱਲ ਭੇਂਟ ਕਰਨ ਨਾਲ ਨਹੀਂ, ਸਗੋਂ ਉਨ੍ਹਾਂ ਦੇ ਕਾਤਲਾਂ ਨੂੰ ਸਜ਼ਾ ਦਿਵਾ ਕੇ ਮਿਲੇਗੀ।40 ਸਾਲਾਂ ਦਾ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਪੰਜਾਬ ਦੀਆਂ ਸਰਕਾਰਾਂ ਨੇ ਸਿਰਫ਼ ਵੋਟਾਂ ਦੀ ਸਿਆਸਤ ਕੀਤੀ ਹੈ, ਇਨਸਾਫ਼ ਨਹੀਂ ਦਿੱਤਾ।

* ਸਰਕਾਰ ਦੀ ਚੁੱਪ 'ਤੇ ਸਵਾਲ: ਪੰਜਾਬ ਸਰਕਾਰ ਦੱਸੇ ਕਿ ਜਸਟਿਸ ਗੁਰਨਾਮ ਸਿੰਘ ਕਮਿਸ਼ਨ ਦੀ ਰਿਪੋਰਟ 'ਤੇ ਕਾਰਵਾਈ ਕਰਨ ਤੋਂ ਉਹ ਕਿਉਂ ਡਰ ਰਹੀ ਹੈ? ਗੁਰੂ ਸਾਹਿਬ ਦੀ ਬੇਅਦਬੀ ਅਤੇ ਸਿੱਖ ਨੌਜਵਾਨਾਂ ਦਾ ਕਤਲ ਕਰਨ ਵਾਲੇ ਦੋਸ਼ੀ ਅੱਜ ਵੀ ਆਜ਼ਾਦ ਕਿਉਂ ਹਨ?

* ਵਿਦਿਆਰਥੀ ਸ਼ਕਤੀ ਦਾ ਸੱਦਾ: ਉਨ੍ਹਾਂ ਸਮੂਹ ਸਿੱਖ ਵਿਦਿਆਰਥੀਆਂ ਅਤੇ ਜਥੇਬੰਦੀਆਂ ਨੂੰ ਸੱਦਾ ਦਿੱਤਾ ਕਿ ਉਹ ਇਸ ਇਨਸਾਫ਼ ਦੀ ਲੜਾਈ ਨੂੰ ਸੜਕਾਂ ਤੋਂ ਲੈ ਕੇ ਅਦਾਲਤਾਂ ਤੱਕ ਲੜਨ ਲਈ ਇੱਕਜੁੱਟ ਹੋਣ।

"ਜਦੋਂ ਤੱਕ ਸਾਕਾ ਨਕੋਦਰ ਦੇ ਚਾਰ ਸ਼ਹੀਦਾਂ—ਭਾਈ ਰਵਿੰਦਰ ਸਿੰਘ, ਭਾਈ ਹਰਮਿੰਦਰ ਸਿੰਘ, ਭਾਈ ਬਲਧੀਰ ਸਿੰਘ ਅਤੇ ਭਾਈ ਝਲਮਣ ਸਿੰਘ—ਦੇ ਕਾਤਲਾਂ ਨੂੰ ਫਾਂਸੀ ਦੇ ਰੱਸੇ ਤੱਕ ਨਹੀਂ ਪਹੁੰਚਾਇਆ ਜਾਂਦਾ, ਸਾਡਾ ਸੰਘਰਸ਼ ਜਾਰੀ ਰਹੇਗਾ।

## ਸਾਕਾ ਨਕੋਦਰ 1986 ਦੇ ਸਿੱਖ ਸ਼ਹੀਦ



ਆਵਾਜ਼ਿ ਕੌਮ AWAZE QAUM
International Newspaper & WEB TV

ਸਾਕਾ ਨਕੋਦਰ ਦੇ ਸ਼ਹੀਦ ਭਾਈ ਰਵਿੰਦਰ ਸਿੰਘ, ਭਾਈ ਹਰਮਿੰਦਰ ਸਿੰਘ, ਭਾਈ ਬਲਧੀਰ ਸਿੰਘ ਅਤੇ ਭਾਈ ਝਿਲਮਨ ਸਿੰਘ ਦੀ ਸ਼ਹਾਦਤ ਨੂੰ ਕੋਟਿ-ਕੋਟਿ ਪ੍ਰਣਾਮ। 37 ਸਾਲ ਪਹਿਲਾਂ 4 ਫਰਵਰੀ, 1986 ਨੂੰ ਇਨ੍ਹਾਂ ਸਿੰਘਾਂ ਨੂੰ ਭਾਰਤੀ ਹਕੂਮਤ ਵਾਲੀ ਪੰਜਾਬ ਪੁਲਿਸ ਨੇ ਅੰਨ੍ਹੇਵਾਹ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ ਸੀ। ਇਨ੍ਹਾਂ ਸ਼ਹੀਦਾਂ ਦੇ ਪਰਿਵਾਰਾਂ ਨੂੰ ਅੱਜ ਤੱਕ ਇਨਸਾਫ਼ ਨਹੀਂ ਮਿਲਿਆ।


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

## ਜਰਮਨੀ ਦੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਓਫ਼ਨਬੈਚ ਵਿਖੇ

# ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ



**ਨਵੀਂ ਦਿੱਲੀ 3 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਗੁਰਦੁਆਰਾ ਗੁਰੂ ਨਾਨਕ ਦਰਬਾਰ ਓਫ਼ਨਬੈਚ ਵਿਖੇ ਸਿਰਲੱਥ ਯੋਧੇ ਅਤੇ ਕੌਮ ਦੇ ਮਹਾਨ ਜਰਨੈਲ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜਾ ਸੰਸ਼ਥਾ ਸਹੀਦ ਬਾਬਾ ਦੀਪ ਸਿੰਘ ਜੀ ਵੱਲੋ ਹਰ ਸਾਲ ਦੀ ਤਰਾ ਬਹੁਤ ਸਰਧਾ ਭਾਵਨਾਂ ਨਾਲ ਮਨਾਇਆ ਗਿਆ।ਸੰਸਥਾ ਦੇ ਜਨਰਲ ਸਕੱਤਰ ਭਾਈ ਹੀਰਾ ਸਿੰਘ ਮੱਤੇਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 30 ਜਨਵਰੀ ਨੂੰ ਅਰੰਭ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੀ ਸੰਪੂਰਨਤਾ 1 ਫਰਵਰੀ, ਐਤਵਾਰ ਨੂੰ ਸਵੇਰੇ 11 ਵਜੇ ਹੋਈ।ਇਸ ਉਪਰੰਤ ਗੁਰਮਤਿ ਦੀਵਾਨ ਸਜਾਏ ਗਏ। ਸਜਾਏ ਗਏ ਦੀਵਾਨ ਵਿਚ ਭਾਈ ਪਰਮਜੀਤ ਸਿੰਘ ਅਤੇ ਭਾਈ ਗੁਰਮੇਲ ਸਿੰਘ ਵੱਲੋਂ ਰਸਭਿੰਨਾ ਸ਼ਬਦ ਕੀਰਤਨ ਉਪਰੰਤ ਪੰਥ ਪ੍ਰਸਿੱਧ ਕਵੀਸ਼ਰੀ ਜੱਥਾ ਭਾਈ ਅਵਤਾਰ ਸਿੰਘ ਜੀ ਨਿੱਝਰ ਵੱਲੋਂ ਕਵੀਸ਼ਰੀ ਰਾਹੀਂ ਸੰਗਤ ਨੂੰ ਗੁਰ ਇਤਿਹਾਸ ਨਾਲ ਜੋੜਿਆ ਗਿਆ। ਸਮਾਗਮ ਦੌਰਾਨ ਧੰਨ ਧੰਨ ਬਾਬਾ ਦੀਪ ਸਿੰਘ ਜੀ ਸੰਸਥਾ ਦੇ ਮੁੱਖ ਸੇਵਾਦਾਰ ਭਾਈ ਕਿਰਪਾਲ ਸਿੰਘ, ਮੀਤ ਪ੍ਰਧਾਨ ਭਾਈ ਕਮਲਜੀਤ ਸਿੰਘ, ਚੇਅਰਮੇਨ ਭਾਈ ਨਿਰਮਲ ਸਿੰਘ ਵਿਰਦੀ , ਖ਼ਜ਼ਾਨਚੀ ਭਾਈ ਜਸਵਿੰਦਰ ਸਿੰਘ, ਜਨਰਲ ਸਕੱਤਰ ਭਾਈ ਹੀਰਾ ਸਿੰਘ ਮੱਤੇਵਾਲ, ਦਫ਼ਤਰ ਸਕੱਤਰ ਭਾਈ ਲਵਪ੍ਰੀਤ ਸਿੰਘ, ਪ੍ਰੈਸ ਸਕੱਤਰ ਭਾਈ ਤੇਜਿੰਦਰਪਾਲ ਸਿੰਘ ਅਤੇ ਮੁੱਖ ਸਲਾਹਕਾਰ ਭਾਈ ਇੰਦਰਪ੍ਰੀਤ ਸਿੰਘ ਸਰੋਆ ਵੱਲੋਂ ਸੰਗਤ ਨੂੰ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਨ ਦੀਆਂ ਹਾਰਦਿਕ ਵਧਾਈਆਂ ਦਿੰਦਿਆਂ ਭਾਈ ਪ੍ਰਭਦੀਪ ਸਿੰਘ ਲਿੱਦੜ, ਭਾਈ ਜਗਤਾਰ ਸਿੰਘ ਸੁਭਾਨਪੁਰ, ਭਾਈ ਸ਼ਿਵਪ੍ਰੀਤ ਸਿੰਘ, ਭਾਈ ਤੇਜਿੰਦਰ ਸਿੰਘ, ਭਾਈ ਸਾਹਿਬ ਸਿੰਘ ਆਦਿ ਵੱਲੋਂ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਵੀ ਕੀਤਾ ਗਿਆ। ਦੀਵਾਨ ਦੌਰਾਨ ਫੈਡਰੇਸ਼ਨ ਆਗੂ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ ਨੇ ਬਾਬਾ ਦੀਪ ਸਿੰਘ ਜੀ ਦਾ ਜੀਵਨ ਸਮੁੱਚੇ ਪੰਥ ਲਈ ਪ੍ਰੇਰਨਾ ਸ੍ਰੋਤ ਹੈ। ਮੌਜੂਦਾ ਹਾਲਤਾ ਚ ਸਾਨੂੰ ਸਹੀਦਾ ਤੋਂ ਪ੍ਰੇਰਨਾ ਲੈ ਕੇ ਉਨ੍ਹਾਂ ਦੇ ਪਾਏ ਹੋਏ ਪੂਰਨਿਆਂ ਤੇ ਚੱਲਣ ਦੀ ਲੋੜ ਹੈ। ਗੁਰਦੁਆਰਾ ਗੁਰੂ ਨਾਨਕ ਦਰਬਾਰ ਓਫ਼ਨਬੈਚ ਦੇ ਸਾਬਕਾ ਮੁੱਖ ਸੇਵਾਦਾਰ ਅਤੇ ਸੰਸਥਾ ਦੇ ਮੀਤ ਪ੍ਰਧਾਨ ਭਾਈ ਕਮਲਜੀਤ ਸਿੰਘ ਚੀਮਾਂ ਨੇ ਸਮੂੱਹ ਸੰਗਤਾ ਅਤੇ ਪ੍ਰਬੰਧਿਕ ਕਮੇਟੀ ਦਾ ਸਹਯੋਗ ਦੇਣ ਲਈ ਧਨਵਾਦ ਕੀਤਾ। ਅੰਤ 'ਚ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਤਜਿੰਦਰਪਾਲ ਸਿੰਘ ਨੇ ਆਈਆਂ ਸੰਗਤਾਂ ਅਤੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਸੰਸਥਾ ਜਰਮਨੀ ਦਾ ਧੰਨਵਾਦ ਕੀਤਾ। ਬਾਬਾ ਦੀਪ ਸਿੰਘ ਸੰਸਥਾ ਜਰਮਨੀ ਵੱਲੋਂ ਕਵੀਸ਼ਰੀ ਜੱਥਾ ਭਾਈ ਅਵਤਾਰ ਸਿੰਘ ਜੀ ਨਿੱਝਰ, ਸਹੀਦ ਭਾਈ ਜਸਪਾਲ ਸਿੰਘ ਪੱਡਾ ਦੇ ਭਰਾਤਾ ਭਾਈ ਸਤਪਾਲ ਸਿੰਘ ਪੱਡਾ, ਭਾਈ ਅਰਪਿੰਦਰ ਸਿੰਘ ਬਿੱਟੂ ਅਤੇ ਪੱਤਰਕਾਰ ਭਾਈ ਪਵਨ ਪ੍ਰਵਾਸੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਮੂਹ ਸਮਾਗਮ ਦੌਰਾਨ ਤਿੰਨੇ ਦਿਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਕਿਊ ਏਕਤਾ ਉਗਰਾਹਾਂ ਨੇ ਪੱਕੇ ਮੋਰਚੇ ਸਬੰਧੀ ਤਲਵੰਡੀ ਸਾਬੋ ਵਿਖੇ ਕੀਤੀ ਅਹਿਮ ਇਕੱਤਰਤਾ

# ਕਿਸਾਨ ਆਗੂਆਂ ਦੀ ਪੱਕੀ ਰਿਹਾਈ ਲਈ 6 ਨੂੰ ਬਠਿੰਡਾ ਵਿਖੇ ਸੂਬਾ ਪੱਧਰੀ ਪੱਕਾ ਮੋਰਚਾ- ਜਗਦੇਵ ਸਿੰਘ ਜੋਗੇਵਾਲਾ



**ਤਲਵੰਡੀ ਸਾਬੋ, 03 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਦਾਣਾ ਮੰਡੀ ਤਲਵੰਡੀ ਸਾਬੋ ਵਿਖੇ ਬਲਾਕ ਪ੍ਰਧਾਨ ਬਹੱਤਰ ਸਿੰਘ ਨੰਗਲਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਸਮੇਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਕਿਸਾਨ ਆਗੂਆਂ ਨੇ ਕਿਹਾ ਕਿ ਸ਼ਗਨਦੀਪ ਸਿੰਘ ਜਿਉਂਦ ਤੇ ਬਲਦੇਵ ਸਿੰਘ ਚਾਉਕੇ ਜੋ ਕਿ 9 ਮਹੀਨਿਆਂ ਤੋਂ ਵੱਧ ਸਮੇਂ ਤੋਂ ਚਾਉਕੇ ਆਦਰਸ਼ ਸਕੂਲ ਦੇ ਸੰਘਰਸ਼ ਕਾਰਨ ਬਠਿੰਡਾ ਜੇਲ੍ਹ ਵਿੱਚ ਬੰਦ ਹਨ ਪਰ ਪ੍ਰਸ਼ਾਸਨ ਵੱਲੋਂ ਕਿਸਾਨਾਂ ਤੇ ਪਿੰਡ ਜਿਉਂਦ ਦੇ ਜ਼ਮੀਨੀ ਸੰਘਰਸ਼ ਦੇ ਝੂਠੇ ਕੇਸ ਪਾ ਕੇ ਜੇਲ੍ਹ ਵਿੱਚ ਬੰਦ ਕਰਕੇ ਰੱਖਿਆ ਹੋਇਆ



ਹੈ ਜੋ ਸਰਾਸਰ ਝੂਠ ਹੈ। ਉਹਨਾਂ ਉਪਰ 307 ਤੇ ਹੋਰ ਸੰਗੀਨ ਧਾਰਾਵਾਂ ਲਾਈਆਂ ਗਈਆਂ ਹਨ ਪਰ ਮੈਡੀਕਲ ਰਿਪੋਰਟ ਅਨੁਸਾਰ ਉਹ ਧਰਾਵਾਂ ਨਹੀਂ ਬਣਦੀਆਂ ਜਿਸ ਦੇ ਬਾਵਜੂਦ ਵੀ ਕਿਸਾਨ ਆਗੂਆਂ ਨੂੰ ਨਾਂ ਤਾਂ ਜ਼ਮਾਨਤ ਦਿੱਤੀ ਜਾ ਰਹੀ ਹੈ, ਨਾ ਹੀ ਉਨ੍ਹਾਂ ਦਾ ਕੇਸ ਕੋਰਟ ਵਿੱਚ ਸੁਣਵਾਈ ਤੇ ਲਾਇਆ ਜਾ ਰਿਹਾ ਹੈ। ਬਠਿੰਡੇ ਜ਼ਿਲ੍ਹੇ ਦਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਇਹ ਜਾਣਬੁੱਝ ਕੇ ਜਥੇਬੰਦੀ ਦੇ ਆਗੂਆਂ ਨਾਲ ਦੁਰਵਿਹਾਰ ਕਰ ਰਹੀ ਹੈ। ਕਿਸਾਨ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਨੂੰ 5 ਅਪ੍ਰੈਲ ਤੋਂ ਬਠਿੰਡਾ ਜੇਲ੍ਹ ਬੰਦ ਕੀਤਾ ਹੋਇਆ ਹੈ। ਮੀਟਿੰਗ ਵਿੱਚ ਕਿਸਾਨ ਆਗੂਆਂ ਨੂੰ ਪੱਕੀ ਰਿਹਾਈ ਲਈ 6 ਫਰਵਰੀ ਨੂੰ ਬਠਿੰਡਾ ਵਿਖੇ ਸੂਬਾ ਪੱਧਰੀ ਪੱਕਾ ਮੋਰਚਾ ਲਾਇਆ ਜਾ ਰਿਹਾ ਹੈ, ਉਸ ਵਿੱਚ ਬਲਾਕ ਤਲਵੰਡੀ ਸਾਬੋ ਵੱਲੋਂ ਠੋਸ ਵਿਉਂਤਬੰਦੀ ਲਈ ਤਿਆਰੀ ਕੀਤੀ ਗਈ ਅਤੇ ਬਲਾਕ ਦੇ ਸਾਰਿਆਂ ਪਿੰਡਾਂ ਨੂੰ ਇਸ ਮੋਰਚੇ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਤੇ ਸੈਂਟਰ ਸਰਕਾਰ ਕਿਸਾਨਾਂ, ਮਜ਼ਦੂਰਾਂ, ਪੱਤਰਕਾਰਾਂ ਦੀ ਜ਼ੁਬਾਨਬੰਦੀ ਕਰਨ 'ਤੇ ਉਤਰੀ ਹੋਈ ਹੈ ਤੇ ਜ਼ਮੀਨਾਂ ਤੋਂ ਲੈਕੇ ਸਾਰੇ ਸਰਕਾਰੀ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਦਾ ਫੈਸਲਾ ਕਰੀ ਬੈਠੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਇਹ ਖੋਖਲਾ ਬਜ਼ਟ ਪੇਸ਼ ਕੀਤਾ ਹੈ ਜਿਸ ਵਿਚ ਕਿਰਤ ਕਰਨ ਵਾਲੇ ਲੋਕਾਂ ਵਾਸਤੇ ਕਿਸੇ ਪ੍ਰਕਾਰ ਦੀ ਕੋਈ ਰਿਆਇਤ ਨਹੀਂ ਦਿੱਤੀ ਗਈ ਅਤੇ ਨਾ ਹੀ ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਮਾਫੀ ਦੀ ਕੋਈ ਗੱਲ ਕੀਤੀ ਗਈ ਅਤੇ ਨਾ ਹੀ ਕੋਈ ਐਮ.ਐਸ.ਪੀ ਦੇ ਗਾਰੰਟੀ ਕਨੂੰਨ ਦਾ ਜ਼ਿਕਰ ਅਤੇ ਨਾ ਹੀ ਕੋਈ ਹੜ ਪੀੜਤਾਂ ਲਈ ਵਿਸ਼ੇਸ਼ ਪੈਕੇਜ ਦਾ ਜ਼ਿਕਰ ਕੀਤਾ ਗਿਆ ਸਗੋਂ ਕਿਸਾਨਾਂ ਮਜ਼ਦੂਰਾਂ ਨੂੰ ਹੋਰ ਕਰਜ਼ਾ ਦੇ ਕੇ ਕਰਜ਼ਈ ਕਰਨ ਦਾ ਫੈਸਲਾ ਬਣਾਇਆ ਹੋਇਆ ਹੈ ਅਤੇ ਇਹ ਬਜ਼ਟ ਕਾਰਪੋਰੇਟ ਪੱਖੀ ਪੇਸ਼ ਕੀਤਾ ਗਿਆ। ਅੱਜ ਦੀ ਮੀਟਿੰਗ ਵਿੱਚ ਬਲਾਕ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਗਿਆਨਾ, ਬਲਾਕ ਜਨਰਲ ਸਕੱਤਰ ਕਾਲਾ ਚੱਠੇਵਾਲਾ, ਕਲੱਤਰ ਸਿੰਘ ਕਲਾਲਵਾਲਾ, ਰਣਜੋਧ ਸਿੰਘ ਮਾਹੀ ਨੰਗਲ ਸਮੇਤ ਪਿੰਡ ਕਮੇਟੀਆਂ ਦੇ ਪ੍ਰਧਾਨ, ਸਕੱਤਰ ਤੇ ਕਿਸਾਨ ਆਗੂ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਮੌਕੇ ਮੌੜ ਨੇ ਵੱਖ ਵੱਖ ਪਿੰਡਾਂ 'ਚ ਭਰੀ ਹਾਜ਼ਰੀ





**ਮਹਿਲ ਕਲਾਂ (ਰਣਜੀਤ ਸਿੰਘ ਪੇਧਨੀ )**-ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਦੇ ਪਵਿੱਤਰ ਮੌਕੇ 'ਤੇ ਕਾਗਰਸ ਪਾਰਟੀ ਦੇ ਹਲਕਾ ਮਹਿਲ ਕਲਾਂ ਤੋਂ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਉੱਘੇ ਸਮਾਜ ਸੇਵੀ ਗੁਰਮੇਲ ਸਿੰਘ ਮੌੜ ਨੇ ਹਲਕਾ ਮਹਿਲ ਕਲਾਂ ਦੇ ਵੱਖ ਵੱਖ ਪਿੰਡਾਂ ਵਿੱਚ ਜਾ ਕੇ ਹਾਜ਼ਰੀ ਭਰੀ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਗੁਰਮੇਲ ਸਿੰਘ ਮੌੜ ਨੇ ਕਿਹਾ ਕਿ ਸ੍ਰੀ ਗੁਰੂ ਸਾਹਿਬ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਦੇ ਹੋਏ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਜੀ ਦੇ ਉਪਦੇਸ਼ ਅੱਜ ਦੇ ਸਮਾਜ ਲਈ ਬਹੁਤ ਹੀ ਪ੍ਰਸੰਗਿਕ ਹਨ, ਜੋ ਸਾਨੂੰ ਜਾਤ-ਪਾਤ ਤੋਂ ਉੱਪਰ ਉੱਠ ਕੇ ਆਪਸੀ ਸਾਂਝ ਅਤੇ ਪ੍ਰੇਮ ਨਾਲ ਜੀਣ ਦੀ ਪ੍ਰੇਰਣਾ ਦਿੰਦੇ ਹਨ। ਉਨ੍ਹਾਂ ਨੇ ਸਮੂਹ ਸੰਗਤ ਨੂੰ ਗੁਰੂ ਰਵਿਦਾਸ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਂਦਰੀ ਬਜਟ ਹਰ ਭਾਰਤੀ ਅਤੇ ਦੇਸ਼ ਨੂੰ ਆਰਥਿਕ ਮਜਬੂਤੀ ਦੇਣ ਵਾਲਾ - ਦਿਓਲ



ਸੰਗਾਲਾ ( ਰਣਜੀਤ ਸਿੰਘ ਪੇਧਨੀ )--ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਚ ਭਾਰਤ ਲਗਾਤਾਰ ਆਰਥਿਕ ਤੌਰ ਤੇ ਮਜ਼ਬੂਤ ਹੋ ਰਿਹਾ ਹੈ ਦੇਸ਼ 7% ਦੇ ਇਤਿਹਾਸਿਕ ਗ੍ਰੋਥ ਰੇਟ ਨਾਲ ਆਰਥਿਕ ਪੱਖੋਂ ਮਜ਼ਬੂਤ ਹੋ ਰਿਹਾ ਹੈ ਇਸ ਵਾਰ ਖਜਾਨਾ ਮੰਤਰੀ ਨਿਰਮਲਾ ਸੀਤਾ ਰਮਨ ਵੱਲੋਂ ਪੇਸ਼ ਕੀਤਾ ਗਿਆ। ਬਜਟ ਇਸੇ ਕੜੀ ਨੂੰ ਤੇਜੀ ਨਾਲ ਅੱਗੇ ਵਧਾਉਣ ਵਾਲਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬੀਜੇਪੀ ਦੇ ਧੂਰੀ ਤੋਂ ਹਲਕਾ ਇੰਚਾਰਜ ਰਣਦੀਪ ਸਿੰਘ ਦਿਓਲ ਨੇ ਕੀਤਾ। ਉਨਾ ਕਿਹਾ ਕਿ ਬਜਟ ਜਿੱਥੇ ਹਰ ਭਾਰਤੀ ਨੂੰ ਮੁਢਲੀਆਂ ਜਰੂਰਤਾਂ ਦੀ ਪੂਰਤੀ ਚ ਸਹਾਈ ਹੋਣ ਵਾਲਾ ਹੈ ਉਥੇ ਹੀ ਦੇਸ਼ ਨੂੰ ਵੀ ਆਰਥਿਕ ਤੌਰ ਤੇ ਮਜਬੂਤ ਕਰਨ ਵਾਲਾ ਹੈ ਇਸ ਤੋਂ ਇਲਾਵਾ ਅੰਤਰਰਾਸ਼ਟਰੀ ਪੱਧਰ ਤੇ ਵੀ ਭਾਰਤ ਨਵੇਂ ਮੁਕਾਮ ਹਾਸਿਲ ਕਰੇਗਾ ਮੁੱਖ ਤੌਰ ਤੇ ਆਮ ਲੋਕਾਂ ਨੂੰ ਜਾਨ ਲੇਵਾ ਬਿਮਾਰੀਆਂ ਤੋਂ ਬਚਾਉਣ ਲਈ ਨਵੇਂ ਉਪਰਾਲੇ ਕੀਤੇ ਜਾਣਗੇ ਜਿਗਰ ਗੁਰਦੇ ਦਿੱਲ ਅਤੇ ਸ਼ੁਗਰ ਵਰਗੀਆਂ ਬਿਮਾਰੀਆਂ ਦੀ ਜਾਂਚ ਅਤੇ ਮੁਢਲੇ ਇਲਾਜ ਲਈ ਬਜਟ ਚ ਫੰਡ ਰਾਖਵੇਂ ਰੱਖੇ ਗਏ ਹਨ। ਦਿੱਲੀ ਵਾਰਨਸੀ ਤੋਂ ਇਲਾਵਾ ਦੇਸ਼ ਚ 6 ਹਾਈ ਸਪੀਡ ਰੇਲ ਕੋਰੀਡਰ ਬਣਾਏ ਜਾਣਗੇ ਘਰੇਲੂ ਉਦਯੋਗ ਨੂੰ ਹੁਲਾਰਾ ਦੇਣ ਅਤੇ ਦੇਸ਼ ਨੂੰ ਆਤਮ ਨਿਰਭਰ ਬਣਾਉਣ ਲਈ ਜਹਾਜਾਂ ਦੀ ਮਰੁੰਮਤ ਲਈ ਉਦਯੋਗ ਸਥਾਪਿਤ ਕੀਤੇ ਜਾਣਗੇ ਇਸ ਤੋਂ ਇਲਾਵਾ ਕੰਮ ਕਰਨ ਅਤੇ ਪੜਾਈ ਕਰਨ ਵਾਲੀਆਂ ਲੜਕੀਆਂ ਲਈ ਹਰ ਜ਼ਿਲ੍ਹੇ ਚ ਗਰਲ ਹੋਸਟਲ ਬਣਾਉਣ ਦੀ ਵੀ ਤਜਵੀਜ ਰੱਖੀਂ ਗਈ ਹੈ। ਉਧਯੋਗਾ ਨੂੰ ਸਮੇ ਦੇ ਹਾਨ ਅਤੇ ਪ੍ਰਦੂਸ਼ਣ ਮੁਕਤ ਕਰਨ ਲਈ 20000 ਕਰੋੜ ਰੁਪਏ ਵੀ ਰੱਖੇ ਗਏ ਹਨ ਰਾਜਾਂ ਦੇ ਵਿਕਾਸ ਲਈ 16 ਵਿਤ ਕਮਿਸ਼ਨ ਨੂੰ ਮਨਜੂਰ ਕਰਕੇ 14 ਲੱਖ ਕਰੋੜ ਰੁਪਏ ਰਾਜਾਂ ਨੂੰ ਜਾਰੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਬਜਟ ਦੇਸ਼ ਨੂੰ ਹਰ ਖੇਤਰ ਚ ਮਜ਼ਬੂਤ ਕਰਨ ਵਾਲਾ ਹੈ ਜਿਸ ਦਾ ਹਰ ਇੱਕ ਨੂੰ ਸਵਾਗਤ ਕਰਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਰੰਧਾਵਾ ਕਾਤਰੋਂ ਨੇ ਮਜੀਠੀਆ ਨੂੰ ਜ਼ਮਾਨਤ ਮਿਲਣ ਦੇ ਫੈਸਲੇ ਦਾ ਕੀਤਾ ਸਵਾਗਤ



ਧੂਰੀ ( ਰਣਜੀਤ ਸਿੰਘ ਪੇਧਨੀ ) ਸ੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਧੂਰੀ ਤੋਂ ਮੁੱਖ ਸੇਵਾਦਾਰ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਸਾਬਕਾ ਕੈਬਨਿਟ ਮੰਤਰੀ ਸ. ਬਿਕਰਮ ਸਿੰਘ ਮਜੀਠੀਆ ਨੂੰ ਮਾਨਯੋਗ ਸੁਪਰੀਮ ਕੋਰਟ ਵੱਲੋਂ ਜ਼ਮਾਨਤ ਦਿੱਤੇ ਜਾਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਨਿਆ-ਪਾਲਿਕਾ 'ਤੇ ਸਮਾਜ ਦਾ ਹਮੇਸ਼ਾ ਯਕੀਨ ਰਿਹਾ ਹੈ ਅਤੇ ਹਰ ਵਿਅਕਤੀ ਅਦਾਲਤਾਂ ਤੋਂ ਇਨਸਾਫ਼ ਦੀ ਆਸ ਰੱਖਦਾ ਹੈ। ਉਨ੍ਹਾਂ ਕਿਹਾ ਕਿ ਮਾਨਯੋਗ ਸੁਪਰੀਮ ਕੋਰਟ ਦਾ ਸ. ਬਿਕਰਮ ਸਿੰਘ ਮਜੀਠੀਆ ਸਬੰਧੀ ਇਹ ਇਕ ਚੰਗਾ ਫੈਸਲਾ ਹੈ, ਜਿਸ ਨਾਲ ਨਿਰਪੱਖ ਨਿਆਪ੍ਰਣਾਲੀ 'ਤੇ ਭਰੋਸਾ ਹੋਰ ਮਜਬੂਤ ਹੋਵੇਗਾ ਤੇ ਉਨ੍ਹਾਂ ਵੱਲੋਂ ਮਾਨਯੋਗ ਅਦਾਲਤ ਦਾ ਧੰਨਵਾਦ ਕੀਤਾ ਮਜੀਠੀਆ ਸਾਹਿਬ ਨੂੰ ਵਧਾਈ ਦਿੱਤੀ।




# ਘੋੜੀਆਂ ਦੇ ਮੇਲੇ ਲਈ ਪੱਕੀ ਜਗ੍ਹਾ ਜਲਦ ਮੁਹੱਈਆ ਕਰਵਾਈ ਜਾਵੇਗੀ- ਅਮੀਤ ਸਿੱਧੂ ਟੀਮਾ





ਤਲਵੰਡੀ ਸਾਬੋ, 3 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬ ਕੈਬਨਟ ਮੰਤਰੀ ਸ. ਗੁਰਮੀਤ ਸਿੰਘ ਖੁਡੀਆਂ ਦੇ ਪੁੱਤਰ ਅਮੀਤ ਸਿੱਧੂ ਟੀਮਾ ਨੇ ਤਲਵੰਡੀ ਸਾਬੋ ਵਿਖੇ ਲੱਗੇ ਪ੍ਰਸਿੱਧ ਅਤੇ ਇਤਿਹਾਸਕ ਪੰਜਵੇਂ ਘੋੜੀਆਂ ਦੇ ਮੇਲੇ 'ਚ ਸ਼ਿਰਕਤ ਕਰਦਿਆਂ ਮੇਲੇ ਦੇ ਪ੍ਰਬੰਧਕਾਂ ਅਤੇ ਸ਼ਹਿਰ ਵਾਸੀਆਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਤਲਵੰਡੀ ਸਾਬੋ ਦੇ ਘੋੜੀਆਂ ਦੇ ਮੇਲੇ ਲਈ ਜਲਦ ਹੀ ਪੰਜਾਬ ਸਰਕਾਰ ਵੱਲੋਂ ਇੱਕ ਢੁਕਵੀਂ ਅਤੇ ਸਥਾਈ ਜਗ੍ਹਾ ਮੁਹੱਈਆ ਕਰਵਾਉਣ ਲਈ ਮੰਤਰੀ ਸਾਹਿਬ ਅਤੇ ਸਬੰਧਿਤ ਵਿਭਾਗਾਂ ਨਾਲ ਗੱਲਬਾਤ ਕੀਤੀ ਜਾਵੇਗੀ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਅਮੀਤ ਸਿੱਧੂ ਟੀਮਾ ਨੇ ਕਿਹਾ ਕਿ ਤਲਵੰਡੀ ਸਾਬੋ ਦਾ ਘੋੜੀਆਂ ਦਾ ਮੇਲਾ ਸਿਰਫ਼ ਇੱਕ ਵਪਾਰਕ ਜਾਂ ਮਨੋਰੰਜਕ ਸਮਾਗਮ ਨਹੀਂ, ਸਗੋਂ ਪੰਜਾਬ ਦੀ ਲੋਕਧਾਰਾ, ਸੱਭਿਆਚਾਰ ਅਤੇ ਵਿਰਾਸਤ ਨਾਲ ਡੂੰਘਾ ਨਾਤਾ ਰੱਖਦਾ ਹੈ। ਉਨ੍ਹਾਂ ਕਿਹਾ ਕਿ ਮੇਲੇ ਨੂੰ ਦਰਪੇਸ਼ ਮੁਸ਼ਕਲਾਂ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ ਅਤੇ ਸਰਕਾਰ ਵੱਲੋਂ ਇਸ ਨੂੰ ਬਿਹਤਰ ਸੁਵਿਧਾਵਾਂ ਦੇ ਨਾਲ ਅੱਗੇ ਵਧਾਉਣ ਲਈ ਪੂਰੀ ਕੋਸ਼ਿਸ਼ ਕੀਤੀ ਜਾਵੇਗੀ।

## ☛ ਤਲਵੰਡੀ ਸਾਬੋ ਘੋੜੀਆਂ ਦੇ ਮੇਲੇ 'ਚ ਅਮੀਤ ਸਿੱਧੂ ਟੀਮਾ ਦੀ ਸ਼ਿਰਕਤ, ਕੇਂਦਰੀ ਬਜਟ 'ਤੇ ਸਵਾਲ ☛ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਬਰਦਾਸ਼ਤਯੋਗ ਨਹੀਂ- ਅਮੀਤ ਸਿੱਧੂ ਟੀਮਾ

ਇਸ ਮੌਕੇ ਟੀਮਾ ਨੇ ਬੀਤੇ ਦਿਨੀਂ ਕੇਂਦਰ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ 'ਤੇ ਵੀ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਬਜਟ 'ਚ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪਹਿਲਾਂ ਹੀ ਹੜਾਂ ਦੀ ਮਾਰ ਝੱਲ ਰਿਹਾ ਹੈ, ਜਿਸ ਕਾਰਨ ਕਿਸਾਨਾਂ, ਵਪਾਰੀਆਂ ਅਤੇ ਆਮ ਲੋਕਾਂ ਨੂੰ ਭਾਰੀ ਨੁਕਸਾਨ ਹੋਇਆ ਹੈ, ਪਰ ਬਜਟ 'ਚ ਰਾਜ ਲਈ ਕੋਈ ਵਿਸ਼ੇਸ਼ ਰਾਹਤ ਜਾਂ ਮਦਦ ਦਾ ਪ੍ਰਬੰਧ ਨਹੀਂ ਕੀਤਾ ਗਿਆ। ਇਸ ਦੌਰਾਨ ਸ੍ਰੀ ਦਮਦਮਾ ਹੋਰਸ ਸੋਸਾਇਟੀ ਤਲਵੰਡੀ ਸਾਬੋ ਵੱਲੋਂ ਅਮੀਤ ਸਿੱਧੂ ਟੀਮਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਘੋੜੀਆਂ ਦੇ ਮੇਲੇ 'ਚ ਪਹੁੰਚਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਟੀਮਾ ਦੇ ਪੁਰਾਣੇ ਸਾਥੀ ਪ੍ਰੋਫੈਸਰ ਤੇ ਪ੍ਰਸਿੱਧ ਗਾਇਕ ਜੱਸੀ ਖਾਨ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਉਨ੍ਹਾਂ ਨੂੰ ਤਲਵੰਡੀ ਸਾਬੋ ਅਤੇ ਘੋੜੀਆਂ ਦੇ ਮੇਲੇ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ। ਇਸ ਮੌਕੇ ਮੇਲੇ ਦੇ ਪ੍ਰਬੰਧਕ ਬਾਬਾ ਜੋਰਾ ਸਿੰਘ, ਕੁਲਦੀਪ ਸਿੰਘ ਚਹਿਲ, ਦਰਸ਼ਨ ਸਿੰਘ ਕੈਰੋਂ, ਚਰਨਜੀਤ ਗਿੱਲ, ਹਰਪਾਲ ਸਿੰਘ ਸਿੱਧੂ, ਬਲਵਿੰਦਰ ਸਿੰਘ ਗਿੱਲ ਕੌਂਸਲਰ, ਦਵਿੰਦਰ ਸਿੰਘ ਗੁੱਗੂ, ਤੇਜਾ ਸਿੰਘ ਮਲਕਾਣਾ, ਰਜਿੰਦਰਪਾਲ ਸ਼ਰਮਾ, ਸੁਖਤਾਜ ਸਿੰਘ ਤੂਰ, ਜੈ ਸਿੰਘ ਸਰਾਂ, ਗੁਰਚਰਨ ਖਰਾਸੀਆ ਅਤੇ ਚਮਕੌਰ ਸਿੰਘ ਨੱਤ ਸਮੇਤ ਵੱਡੀ ਗਿਣਤੀ 'ਚ ਸਥਾਨਕ ਲੋਕ ਹਾਜ਼ਰ ਸਨ।

## ਵਾਈਸ ਚਾਂਸਲਰ ਡਾ. ਰਾਮੇਸ਼ਵਰ ਸਿੰਘ ਵੱਲੋਂ ਡਾ. ਹਰਮੀਤ ਕੌਰ ਦੀ ਕਿਤਾਬ "ਬਿਲਡਿੰਗ ਦਾ ਸੈਲਫ" ਰੀਲੀਜ਼

# ਵਿਅਕਤੀ ਦੇ ਸਰਵਪੱਖੀ ਵਿਕਾਸ ਵਿੱਚ ਸਹਾਈ ਹੈ ਇਹ ਕਿਤਾਬ- ਡਾ. ਹਰਮੀਤ ਕੌਰ



**ਤਲਵੰਡੀ ਸਾਬੋ, 2 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਜੀ.ਕੇ.ਯੂ. ਦੇ ਵਾਈਸ ਚਾਂਸਲਰ ਡਾ. ਰਾਮੇਸ਼ਵਰ ਸਿੰਘ ਵੱਲੋਂ ਵਿਦਿਆਰਥੀਆਂ ਦੇ ਵਿਅਕਤੀਤੱਵ ਨਿਖਾਰ ਅਤੇ ਸਰਵ-ਪੱਖੀ ਵਿਕਾਸ ਦਾ ਮਾਰਗ ਦਰਸ਼ਨ ਕਰਦੀ ਡਾ. ਹਰਮੀਤ ਕੌਰ, ਐਡਵੋਕੇਟ ਆਕਾਸ਼ਦੀਪ ਗਰਗ ਤੇ ਸਾਥੀਆਂ ਦੀ ਲਿਖੀ ਕਿਤਾਬ "ਬਿਲਡਿੰਗ ਦਾ ਸੈਲਫ" ਸਾਦੇ ਪਰ ਪ੍ਰਭਾਵਸ਼ਾਲੀ ਸਮਾਰੋਹ ਵਿੱਚ ਰੀਲੀਜ਼ ਕੀਤੀ ਗਈ। ਇਸ ਮੌਕੇ ਡਾ. ਵਿਕਾਸ ਗੁਪਤਾ ਡਿਪਟੀ ਡਾਇਰੈਕਟਰ ਸੈਂਟਰ ਫਾਰ ਡਿਸਟੈਂਸ ਐਂਡ ਆਨ ਲਾਈਨ ਐਜੂਕੇਸ਼ਨ ਤੇ ਲਵਲੀਨ ਸੱਚਦੇਵਾ ਡਿਪਟੀ ਡਾਇਰੈਕਟਰ ਲੋਕ ਸੰਪਰਕ ਹਾਜ਼ਰ ਸਨ। ਕਿਤਾਬ ਰੀਲੀਜ਼ ਮੌਕੇ ਵਾਈਸ ਚਾਂਸਲਰ ਡਾ. ਸਿੰਘ ਨੇ ਕਿਤਾਬ ਦੇ ਲੇਖਕਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਕਿਤਾਬ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਵਾਸਤੇ ਵਿਦਿਆਰਥੀਆਂ ਲਈ ਸਹਾਈ ਹੋਵੇਗੀ, ਕਿਉਂਕਿ ਇਸ ਵਿੱਚ ਵਿਅਕਤੀਤਵ ਨਿਖਾਰ, ਲੇਖਨ ਕਲਾ, ਟੀਮ ਭਾਵਨਾ, ਬੋਲ ਚਾਲ ਦੇ ਹੁਨਰ, ਇੰਟਰਵਿਊ ਆਦਿ ਦੀ ਤਿਆਰੀ ਵਾਸਤੇ ਲੋੜੀਂਦੀ ਸਮੱਗਰੀ ਉਪਲਬਧ ਹੈ ਜੋ ਪਾਠਕਾਂ ਦੇ ਮਨੋਬਲ ਨੂੰ ਉੱਚਾ ਕਰਦੀ ਹੈ। ਲੇਖਿਕਾ ਡਾ. ਕੌਰ ਨੇ ਦੱਸਿਆ ਕਿ ਕਿਤਾਬ ਨੌਜਵਾਨ ਵਰਗ ਦੇ ਸ੍ਵੈ-ਵਿਸ਼ਵਾਸ ਵਿੱਚ ਵਾਧਾ ਕਰਦੀ ਹੈ ਜਿਸ ਸਦਕਾ ਉਹ ਇੰਟਰਵਿਊ ਲਈ ਵਧੀਆ ਤਿਆਰੀ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਨਵੇਂ ਸਟਾਰਟ ਅੱਪ ਸ਼ੁਰੂ ਕਰਨ ਲਈ ਇਹ ਕਿਤਾਬ ਟੀਮ ਭਾਵਨਾ ਅਤੇ ਗਲਬਾਤ ਕਰਨ ਦੀ ਕਲਾ ਵਿੱਚ ਨਿਖਾਰ ਲਿਆਉਂਦੀ ਹੈ। ਉਨ੍ਹਾਂ ਕਿਤਾਬ ਵਿੱਚ ਅਗਵਾਈ ਦੇ ਵਿਸ਼ੇ 'ਤੇ ਵਿਸ਼ੇਸ਼ ਜਾਣਕਾਰੀ ਦਾ ਜ਼ਿਕਰ ਕੀਤਾ ਹੈ। ਇਸ ਮੌਕੇ ਡਾ. ਗੁਪਤਾ ਨੇ ਲੇਖਕਾਂ ਦੇ ਵੱਖ-ਵੱਖ ਵਿਸ਼ਿਆਂ ਦੇ ਤਜ਼ਰਬੇ ਦੀ ਗੱਲ ਕਰਦਿਆਂ ਕਿਹਾ ਕਿ ਇਹ ਕਿਤਾਬ ਜ਼ਿੰਦਗੀ ਦੇ ਬਹੁਤ ਸਾਰੇ ਪਹਿਲੂਆਂ ਨੂੰ ਫਰੋਲਦੀ ਹੈ ਤੇ ਚੁਣੌਤੀਆਂ ਦੇ ਸਮਾਧਾਨ ਬਾਰੇ ਸਪਸ਼ਟ ਰਾਏ ਦਿੰਦੀ ਹੈ। ਉਨ੍ਹਾਂ ਕਿਹਾ ਕਿ ਕਿਤਾਬ ਦੀ ਭਾਸ਼ਾ ਸਰਲ ਅਤੇ ਮਨੋਰੰਜਕ ਹੋਣ ਕਾਰਨ ਪਾਠਕ ਨੂੰ ਆਪਣੇ ਨਾਲ ਜੁੜੇ ਰੱਖਣ ਦੀ ਸਮਰੱਥਾ ਰੱਖਦੀ ਹੈ।

# ਕੇਂਦਰ ਦੀ ਮਦਦ ਨਾਲ ਪੰਜਾਬ ਵਿੱਚ ਵਿਕਾਸ ਦਾ ਨਵਾਂ ਯੁੱਗ



**"2014 ਤੋਂ ਬਾਅਦ ਪੰਜਾਬ ਨੂੰ ਕੇਂਦਰ ਵੱਲੋਂ ਵਿੱਤੀ ਸਹਾਇਤਾ ਅਤੇ ਬੁਨਿਆਦੀ ਢਾਂਚੇ ਵਿੱਚ ਬੇਮਿਸਾਲ ਮਜ਼ਬੂਤੀ ਮਿਲੀ ਹੈ। ਟੈਕਸ ਡਿਵੋਲਿਊਸ਼ਨ ਅਤੇ ਗ੍ਰਾਂਟਸ ਰਾਹੀਂ ਲੱਖਾਂ ਕਰੋੜ ਰੁਪਏ ਪੰਜਾਬ ਦੇ ਵਿਕਾਸ 'ਚ ਲੱਗੇ ਹਨ। ਸੜਕਾਂ, ਰੇਲਵੇ, ਹਵਾਈ ਸੇਵਾਵਾਂ ਅਤੇ ਸਿਹਤ ਖੇਤਰ ਵਿੱਚ ਵੱਡੇ ਪ੍ਰੋਜੈਕਟ ਪੰਜਾਬ ਦੀ ਆਰਥਿਕ ਦਿਸ਼ਾ ਬਦਲ ਰਹੇ ਹਨ। ਕੇਂਦਰ-ਰਾਜ ਸਹਿਯੋਗ ਨਾਲ ਪੰਜਾਬ ਵਿਕਾਸ ਦੇ ਨਵੇਂ ਦੌਰ ਵਿੱਚ ਦਾਖ਼ਲ ਹੋ ਰਿਹਾ ਹੈ।" — ਪ੍ਰੋ. ਸਰਚਾਂਦ ਸਿੰਘ ਖਿਆਲਾ**

ਪਿਛਲੇ ਇੱਕ ਦਹਾਕੇ ਦੌਰਾਨ ਕੇਂਦਰ ਸਰਕਾਰ ਅਤੇ ਪੰਜਾਬ ਦੇ ਸਬੰਧ ਸਿਰਫ਼ ਰਾਜਨੀਤਿਕ ਦਾਅਵਿਆਂ ਤੱਕ ਸੀਮਿਤ ਨਹੀਂ ਰਹੇ, ਸਗੋਂ ਵਿੱਤੀ ਸਹਾਇਤਾ, ਬੁਨਿਆਦੀ ਢਾਂਚੇ ਅਤੇ ਲੋਕ-ਕਲਿਆਣਕਾਰੀ ਯੋਜਨਾਵਾਂ ਦੇ ਰੂਪ ਵਿੱਚ ਜ਼ਮੀਨੀ ਪੱਧਰ 'ਤੇ ਵੀ ਸਪਸ਼ਟ ਤੌਰ 'ਤੇ ਨਜ਼ਰ ਆ ਰਹੇ ਹਨ। ਉਪਲਬਧ ਅੰਕੜੇ ਦਰਸਾਉਂਦੇ ਹਨ ਕਿ ਪੰਜਾਬ ਨੂੰ ਮਿਲਣ ਵਾਲੇ ਕੇਂਦਰੀ ਟ੍ਰਾਂਸਫਰ ਅਤੇ ਵਿਕਾਸਕਾਰੀ ਸਹਾਇਤਾ ਵਿੱਚ ਇਤਿਹਾਸਕ ਵਾਧਾ ਹੋਇਆ ਹੈ।

ਵਿੱਤੀ ਸਾਲ 2026-27 ਲਈ ਪੰਜਾਬ ਨੂੰ ਟੈਕਸ ਡਿਵੋਲਿਊਸ਼ਨ ਦੇ ਤੌਰ 'ਤੇ 30,464 ਕਰੋੜ ਦਾ ਬਜਟ ਅਨੁਮਾਨ ਦਿੱਤਾ ਗਿਆ ਹੈ, ਜਦਕਿ ਵਿੱਤੀ ਸਾਲ 2025-26 ਵਿੱਚ ਗ੍ਰਾਂਟ-ਇਨ-ਏਡ ਵਜੋਂ 10,576 ਕਰੋੜ ਪ੍ਰਦਾਨ ਕੀਤੇ ਗਏ ਹਨ।

ਜੇ 2014 ਤੋਂ 2026 ਤੱਕ ਦੀ ਮਿਆਦ ਨੂੰ ਦੇਖੀਏ ਤਾਂ ਟੈਕਸ ਡਿਵੋਲਿਊਸ਼ਨ ਰਾਹੀਂ ਪੰਜਾਬ ਨੂੰ 1.66 ਲੱਖ ਕਰੋੜ ਅਤੇ ਗ੍ਰਾਂਟਸ ਦੇ ਰੂਪ ਵਿੱਚ 1.32 ਲੱਖ ਕਰੋੜ ਮਿਲੇ ਹਨ। ਇਹ ਅੰਕੜੇ ਸਪਸ਼ਟ ਕਰਦੇ ਹਨ ਕਿ ਕੇਂਦਰ ਸਰਕਾਰ ਨੇ ਪੰਜਾਬ ਦੀ ਵਿੱਤੀ ਲੋੜਾਂ ਅਤੇ ਜ਼ਿੰਮੇਵਾਰੀਆਂ ਨੂੰ ਗੰਭੀਰਤਾ ਨਾਲ ਲਿਆ ਹੈ।

ਪੂੰਜੀ ਖਰਚ ਲਈ ਕੇਂਦਰ ਵੱਲੋਂ ਰਾਜਾਂ ਨੂੰ ਦਿੱਤੀ ਜਾ ਰਹੀ ਵਿਸ਼ੇਸ਼ ਸਹਾਇਤਾ ਪੰਜਾਬ ਲਈ ਇੱਕ ਮਹੱਤਵਪੂਰਨ ਆਰਥਿਕ ਸਹਾਰਾ ਬਣੀ ਹੈ। ਇਸ ਸਕੀਮ ਤਹਿਤ ਪੰਜਾਬ ਨੂੰ 50 ਸਾਲਾਂ ਲਈ ਵਿਆਜ-ਮੁਕਤ ਕਰਜ਼ੇ ਦਿੱਤੇ ਗਏ ਹਨ, ਜਿਨ੍ਹਾਂ ਦਾ ਪੂਰਾ ਵਿਆਜ ਕੇਂਦਰ ਸਰਕਾਰ ਵੱਲੋਂ ਭਰਿਆ ਜਾਂਦਾ ਹੈ।

2020-21 ਤੋਂ ਜਨਵਰੀ 2026 ਤੱਕ ਇਸ ਯੋਜਨਾ ਹੇਠ ਪੰਜਾਬ ਨੂੰ ਕੁੱਲ ?6,157 ਕਰੋੜ ਜਾਰੀ ਕੀਤੇ ਗਏ ਹਨ। ਇਹ ਸਹਾਇਤਾ ਵਿੱਤ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਤੋਂ ਉੱਪਰ ਹੈ ਅਤੇ ਰਾਜ ਨੂੰ ਆਪਣੇ ਵਿਕਾਸਕਾਰੀ ਪ੍ਰਾਜੈਕਟਾਂ ਲਈ ਵਾਧੂ ਆਰਥਿਕ ਸਮਰੱਥਾ ਪ੍ਰਦਾਨ ਕਰਦੀ ਹੈ।

ਸੜਕਾਂ ਅਤੇ ਕਨੈਕਟਿਵਿਟੀ ਦੀ ਗਲ ਕੀਤੀ ਜਾਵੇ ਤਾਂ ਇਹ ਵਿਕਾਸ ਦੀ ਨਵੀਂ ਰੀੜ੍ਹ ਬਣੀ ਹੈ। 30 ਜੂਨ 2025 ਤੱਕ ਪੰਜਾਬ ਵਿੱਚ 4,264 ਕਿੱਲੋਮੀਟਰ ਤੋਂ ਵੱਧ ਰਾਸ਼ਟਰੀ ਰਾਜਮਾਰਗ ਤਿਆਰ ਹੋ ਚੁੱਕੇ ਹਨ। 29,000 ਕਰੋੜ ਦੀ ਲਾਗਤ ਨਾਲ ਪੰਜ ਗ੍ਰੀਨਫੀਲਡ ਅਤੇ ਆਰਥਿਕ ਕਾਰੀਡੋਰ ਨਿਰਮਾਣ ਅਧੀਨ ਹਨ।

ਭਾਰਤ ਮਾਲਾ ਪਰਿਯੋਜਨਾ ਦੇ ਫੇਜ਼-1 ਹੇਠ 1,764 ਕਿੱਲੋਮੀਟਰ ਦੇ ਰਾਸ਼ਟਰੀ ਰਾਜਮਾਰਗ ਕਾਰੀਡੋਰਾਂ ਨੂੰ 58,875 ਕਰੋੜ ਦੀ ਅੰਦਾਜ਼ੀ ਲਾਗਤ ਨਾਲ ਮਨਜ਼ੂਰੀ ਦਿੱਤੀ ਗਈ ਹੈ। ਇਸ ਦੇ ਨਾਲ ਹੀ, ਪੰਜਾਬ ਅਤੇ ਰਾਜਸਥਾਨ ਦੇ ਸਰਹੱਦੀ ਖੇਤਰਾਂ ਵਿੱਚ 2,280 ਕਿੱਲੋਮੀਟਰ ਸੜਕਾਂ ਦੇ ਨਿਰਮਾਣ ਲਈ 4,406 ਕਰੋੜ ਦਾ ਨਿਵੇਸ਼ ਕੀਤਾ ਗਿਆ ਹੈ, ਜੋ ਸੁਰੱਖਿਆ ਅਤੇ ਵਿਕਾਸ ਦੋਵਾਂ ਲਈ ਅਹਿਮ ਹੈ।

ਰੇਲਵੇ, ਰਫ਼ਤਾਰ ਦਾ ਆਧੁਨਿਕਤਾ ਅਤੇ ਲੋਜਿਸਟਿਕ ਤਾਕਤ ਹੈ, ਰੇਲਵੇ ਖੇਤਰ ਵਿੱਚ ਪੰਜਾਬ ਨੇ ਇੱਕ ਨਵਾਂ ਮੋੜ ਲਿਆ ਹੈ। ਰਾਜ ਹੁਣ 100% ਬਿਜਲੀਕ੍ਰਿਤ ਹੋ ਚੁੱਕਾ ਹੈ। ਅੰਮ੍ਰਿਤਸਰ-ਦਿੱਲੀ ਅਤੇ ਫਿਰੋਜ਼ਪੁਰ-ਦਿੱਲੀ ਵੰਦੇ ਭਾਰਤ ਐਕਸਪ੍ਰੈਸ ਨਾਲ ਯਾਤਰਾ ਤੇਜ਼ ਅਤੇ ਸੁਵਿਧਾਜਨਕ ਬਣੀ ਹੈ।

ਇਸ ਦੇ ਨਾਲ ਹੀ, 12 ਨਵੇਂ ਰੇਲ ਪ੍ਰਾਜੈਕਟਾਂ ਰਾਹੀਂ 1,158 ਕਿੱਲੋਮੀਟਰ ਨਵੀਆਂ ਪਟੜੀਆਂ 'ਤੇ 19,843 ਕਰੋੜ ਦਾ ਨਿਵੇਸ਼ ਹੋ ਰਿਹਾ ਹੈ। 2014 ਤੋਂ ਬਾਅਦ 366 ਰੇਲ ਫਲਾਈਓਵਰ ਅਤੇ ਅੰਡਰ-ਬ੍ਰਿਜ ਬਣਾਏ ਗਏ ਹਨ। ਅੰਮ੍ਰਿਤ ਭਾਰਤ ਸਕੀਮ ਤਹਿਤ ਪੰਜਾਬ ਦੇ 30 ਰੇਲਵੇ ਸਟੇਸ਼ਨਾਂ ਨੂੰ ਆਧੁਨਿਕ ਰੂਪ ਦਿੱਤਾ ਜਾ ਰਿਹਾ ਹੈ।

ਇਸ ਤੋਂ ਇਲਾਵਾ, ਲੁਧਿਆਣਾ ਤੋਂ ਸੋਨਨਗਰ ਤੱਕ 1,337 ਕਿੱਲੋਮੀਟਰ ਲੰਬਾ ਪੂਰਬੀ ਡੈਡੀਕੇਟਡ ਫ੍ਰੇਟ ਕਾਰੀਡੋਰ ਪੰਜਾਬ ਦੇ ਉਦਯੋਗ ਅਤੇ ਖੇਤੀਬਾੜੀ ਲਈ ਇੱਕ ਮਜ਼ਬੂਤ ਲੋਜਿਸਟਿਕ ਆਧਾਰ ਤਿਆਰ ਕਰਦਾ ਹੈ।

ਵਿਕਸਤ ਹਵਾਈ ਸੇਵਾਵਾਂ ਵਿਕਾਸ ਦਾ ਪੈਮਾਨਾ ਹੈ, ਪੰਜਾਬ 'ਚ RCS-ਉਡਾਣ ਅਤੇ ਕ੍ਰਿਸ਼ੀ ਉਡਾਣ ਯੋਜਨਾਵਾਂ ਹੇਠ ਬਠਿੰਡਾ, ਲੁਧਿਆਣਾ, ਆਦਮਪੁਰ ਅਤੇ ਪਠਾਨਕੋਟ ਹਵਾਈ ਅੱਡਿਆਂ ਦੀ ਸ਼ੁਰੂਆਤ ਨਾਲ ਪੰਜਾਬ ਹਵਾਈ ਨਕਸ਼ੇ 'ਤੇ ਮਜ਼ਬੂਤੀ ਨਾਲ ਉੱਭਰਿਆ ਹੈ। ਆਦਮਪੁਰ ਹਵਾਈ ਅੱਡੇ 'ਤੇ ਨਵੀਂ ਟਰਮੀਨਲ ਇਮਾਰਤ ਇਸ ਦਿਸ਼ਾ ਵਿੱਚ ਅਹਿਮ ਕਦਮ ਹੈ।

ਸਿਹਤ ਖੇਤਰ ਵਿੱਚ AIIMS ਬਠਿੰਡਾ, PGIMER ਦੇ ਸੈਟੇਲਾਈਟ ਸੈਂਟਰ ਅਤੇ ਨਵੇਂ ਮੈਡੀਕਲ ਕਾਲਜ ਪੰਜਾਬ ਦੀ ਸਿਹਤ ਸੰਰਚਨਾ ਨੂੰ ਮਜ਼ਬੂਤ ਕਰ ਰਹੇ ਹਨ।

ਸ਼ਹਿਰੀ ਵਿਕਾਸ ਵਲ ਨਜ਼ਰ ਦੁਹਰਾਈਏ ਤਾਂ ਪਤਾ ਚਲਦਾ ਹੈ ਕਿ ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਦਾ ਸਮਾਰਟ ਸਿਟੀਜ਼ ਮਿਸ਼ਨ ਵਿੱਚ ਸ਼ਾਮਿਲ ਹੋਣਾ ਸ਼ਹਿਰੀ ਜੀਵਨ ਦੀ ਗੁਣਵੱਤਾ ਵਧਾਉਣ ਵੱਲ ਵੱਡਾ ਕਦਮ ਹੈ। NICDP ਹੇਠ ਰਾਜਪੁਰਾ-ਪਟਿਆਲਾ ਖੇਤਰ ਵਿੱਚ ਉਦਯੋਗਿਕ ਪ੍ਰਾਜੈਕਟ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨਗੇ। ਲੋਕਾਂ ਤੱਕ ਸਿੱਧਾ ਕੇਂਦਰੀ ਲਾਭ ਪਹੁੰਚਾਉਣ 'ਚ ਅਹਿਮ ਕਦਮ ਕੇਂਦਰ ਵੱਲੋਂ ਉਠਾਏ ਗਏ। ਜਨ ਧਨ, ਉੱਜਵਲਾ, ਆਯੁਸ਼ਮਾਨ ਭਾਰਤ, ਪੀ ਐਮ ਕਿਸਾਨ, ਜਲ ਜੀਵਨ ਮਿਸ਼ਨ ਵਰਗੀਆਂ ਫਲੈਗਸ਼ਿਪ ਯੋਜਨਾਵਾਂ ਰਾਹੀਂ ਲੱਖਾਂ ਪੰਜਾਬੀ ਪਰਿਵਾਰਾਂ ਤੱਕ ਸਿੱਧਾ ਲਾਭ ਪਹੁੰਚਿਆ ਹੈ। ਇਹ ਯੋਜਨਾਵਾਂ ਸਾਬਤ ਕਰਦੀਆਂ ਹਨ ਕਿ ਵਿਕਾਸ ਸਿਰਫ਼ ਅੰਕੜਿਆਂ ਦੀ ਗੱਲ ਨਹੀਂ, ਸਗੋਂ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਆ ਰਹੇ ਹਕੀਕੀ ਬਦਲਾਅ ਦਾ ਨਾਮ ਹੈ।

ਅੱਜ ਪੰਜਾਬ ਲਈ ਵਿਕਾਸ ਸਿਰਫ਼ ਵਾਅਦਾ ਨਹੀਂ, ਸਗੋਂ ਅੰਕੜਿਆਂ ਅਤੇ ਜ਼ਮੀਨੀ ਹਕੀਕਤ ਵਿੱਚ ਦਿਖਾਈ ਦੇ ਰਹੀ ਸਚਾਈ ਹੈ। ਕੇਂਦਰ ਸਰਕਾਰ ਦੀ ਮਜ਼ਬੂਤ ਵਿੱਤੀ ਸਹਾਇਤਾ ਅਤੇ ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਨਾਲ ਪੰਜਾਬ ਵਿਕਾਸ ਦੇ ਨਵੇਂ ਦੌਰ ਵਿੱਚ ਦਾਖ਼ਲ ਹੋ ਚੁੱਕਾ ਹੈ ਅਤੇ ਇਹ ਯਾਤਰਾ ਅੱਗੇ ਵੀ ਜਾਰੀ ਰਹੇਗੀ।

**— ਪ੍ਰੋ. ਸਰਚਾਂਦ ਸਿੰਘ ਖਿਆਲਾ 9781355522**

# ਬਜਟ ਪ੍ਰਧਾਨ ਮੰਤਰੀ ਮੋਦੀ ਦੇ ਵਿਕਸਤ ਭਾਰਤ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰੇਗਾ - ਓਂਕਾਰ ਸਿੰਘ ਸਿੱਧੂ



ਧੂਰੀ ( ਰਣਜੀਤ ਸਿੰਘ ਪੇਧਨੀ ) ਦੇਸ਼ ਦੀ ਵਿੱਤ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਬਜਟ ਇੱਕ ਇਤਿਹਾਸਕ ਬਜਟ ਹੈ ਜੋ ਦੇਸ਼ ਨੂੰ ਊਰਜਾ ਆਤਮਨਿਰਭਰਤਾ ਵੱਲ ਲੈ ਜਾਵੇਗਾ ਵਿੱਤੀ ਸਾਲ 2026-27 ਦੇ ਕੇਂਦਰੀ ਬਜਟ ਜੋ 1.5 ਅਰਬ ਭਾਰਤੀਆਂ ਦੀਆਂ ਇੱਛਾਵਾਂ ਨੂੰ ਪੂਰਾ ਕਰਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬੀਜੇਪੀ ਦੇ ਸੀਨੀਅਰ ਆਗੂ ਪ੍ਰੋ ਓਂਕਾਰ ਸਿੰਘ ਸਿੱਧੂ ਨੇ ਕੀਤਾ। ਉਨ੍ਹਾਂ ਕਿਹਾ ਕਿ ਇਹ ਬਜਟ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਸਤ ਭਾਰਤ ਲਈ ਸੰਕਲਪ ਨੂੰ ਹੋਰ ਮਜ਼ਬੂਤ ਕਰੇਗਾ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਸਮਾਜ ਦੇ ਹਰ ਵਰਗ ਨੂੰ ਰਾਹਤ ਪ੍ਰਦਾਨ ਕੀਤੀ ਹੈ,ਜਿਸ ਵਿੱਚ ਕਿਸਾਨ ਮਜ਼ਦੂਰ, ਨੌਜਵਾਨ,ਔਰਤਾਂ,ਕੰਮ ਕਰਨ ਵਾਲੇ ਪੇਸ਼ੇਵਰ, ਉੱਦਮੀ ਅਤੇ ਕਾਰੋਬਾਰੀ ਸ਼ਾਮਲ ਹਨ।ਸਿੱਖਿਆ, ਸਿਹਤ,ਬੁਨਿਆਦੀ ਢਾਂਚਾ,ਪੇਂਡੂ ਵਿਕਾਸ ਦੇ ਨਾਲ-ਨਾਲ ਲੋੜਵੰਦਾਂ ਨੂੰ ਸਮਾਜਿਕ ਸੁਰੱਖਿਆ ਪ੍ਰਦਾਨ ਕਰਨ ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ ਦੇਸ਼ ਦੇ ਊਰਜਾ ਖੇਤਰ ਨੂੰ ਮਜ਼ਬੂਤ ਕਰਨ ਲਈ ਹੋਰ ਖੇਤਰਾਂ ਦੇ ਨਾਲ-ਨਾਲ ਕਈ ਐਲਾਨ ਵੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਬਜਟ ਦੇਸ਼ ਦੀ ਊਰਜਾ ਸੁਰੱਖਿਆ ਲਈ ਮਹੱਤਵਪੂਰਨ ਉਰਜਾ ਪਰਿਵਰਤਨ ਪ੍ਰੋਜੈਕਟਾਂ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਬਜਟ ਬੈਟਰੀ ਉਰਜਾ ਸਟੋਰੇਜ ਪ੍ਰਣਾਲੀਆਂ ਵਿੱਚ ਵਰਤੇ ਜਾਣ ਵਾਲੇ ਲਿਥੀਅਮ-ਆਇਨ ਸੈੱਲਾਂ ਦੀ ਵਰਤੋਂ ਕਰਕੇ ਬੈਟਰੀਆਂ ਲਈ ਲਿਥੀਅਮ-ਆਇਨ ਸੈੱਲ ਨਿਰਮਾਣ ਲਈ ਪ੍ਰੋਤਸਾਹਨ ਪ੍ਰਦਾਨ ਕਰੇਗਾ।

## ਐਮ.ਐਸ.ਐਮ.ਈ. ਉਦਯੋਗਾਂ ਦੀ ਸਮੱਰਥਾ ਨੂੰ ਵਧਾਉਣ ਲਈ ਨਵਾਂ ਬਜਟ ਵਚਨਬੱਧ-ਭੂਪੇਸ਼ ਜਿੰਦਲ



**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਭਾਰਤੀਯ ਜਨਤਾ ਪਾਰਟੀ ਦੇ ਐਮ.ਐਸ.ਐਮ.ਈ. ਵਿੰਗ ਦੇ ਸੂਬਾ ਮੀਤ ਪ੍ਰਧਾਨ ਭੂਪੇਸ਼ ਜਿੰਦਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਦਸ਼ਕਾਂ ਤੱਕ ਐਮ.ਐਸ.ਐਮ.ਈ. ਉਦਯੋਗ ਬਿਨਾਂ ਸਰਕਾਰੀ ਸਹਾਇਤਾ ਤੋਂ ਖੁਦ ਹੀ ਸੰਘਰਸ਼ ਕਰਦਾ ਰਿਹਾ ਹੈ। ਮੋਦੀ ਸਰਕਾਰ ਐਮ.ਐਸ.ਐਮ.ਈ. ਨੂੰ ਆਰਥਿਕ ਵਾਧੇ ਦਾ ਇੱਕ ਮਹੱਤਵਪੂਰਨ ਇੰਜਣ ਮੰਨਦੀ ਹੈ ਅਤੇ ਇਸਦੇ ਨਿਰਮਾਣ ਹੇਤੁ ਤਿੰਨ ਪੱਖੀ ਹੱਲ ਪ੍ਰਸਤਾਵਿਤ ਕੀਤੇ ਹਨ। ਈਕ੍ਵਿਟੀ ਸਹਾਇਤਾ ਲਈ ਬਜਟ 'ਚ 10 ਹਜਾਰ ਕਰੋੜ ਦਾ ਐਮ.ਐਸ.ਐਮ.ਈ. ਕੋਸ਼ ਬਣਾਇਆ ਗਿਆ ਹੈ ਅਤੇ ਲਗਾਤਾਰ ਸਹਾਇਤਾ ਦੇਣ ਲਈ 2 ਹਜਾਰ ਕਰੋੜ ਰੁਪੈ ਦੀ ਅਤਿਰਿਕਤ ਪੂੰਜੀ ਦਾ ਵੀ ਪ੍ਰਸਤਾਵ ਦਿੱਤਾ ਹੈ। ਤਰਲਤਾ ਸਹਾਇਤਾ ਦੇ ਲਈ ਬਜਟ ਵਿੱਚ ਇਹ ਪ੍ਰਸਤਾਵ ਹੈ ਕਿ ਐਮ.ਐਸ.ਐਮ.ਈ. ਉਦਯੋਗਾਂ ਤੋਂ ਕੇਂਦਰੀ ਸਰਵਜਨਿਕ ਖੇਤਰ ਉਪਕਰਮਾ ਵੱਲੋਂ ਕੀਤੀ ਜਾਣ ਵਾਲੀ ਸਾਰੀ ਖਰੀਦਦਾਰੀ ਦੇ ਭੁਗਤਾਨ ਨਿਪਟਾਉਣ ਹੇਤੁ ਵਪਾਰ ਪਰਾਏ ਛੂਟ ਪ੍ਰਣਾਲੀ (ਟੀ.ਆਰ.ਈ.ਡੀ.ਐਸ) ਨੂੰ ਜਰੂਰੀ ਲੈਣ-ਦੇਣ ਨਿਪਟਾਉਣ ਮੰਚ ਬਣਾਉਣ ਦਾ ਪ੍ਰਸਤਾਵ ਹੈ। ਇਨਵੁਆਇਸ ਛੋਟ ਹੇਤੁ ਸੀ.ਜੀ.ਟੀ.ਐਮ.ਐਸ.ਈ ਦੇ ਰਾਹੀਂ ਕਰਜ ਸਹਾਇਤਾ ਪ੍ਰਦਾਨ ਕਰਨ ਦਾ ਪ੍ਰਯੋਜਨ, ਸਸਤੀ ਅਤੇ ਤੁਰੰਤ ਵਿੱਤੀ ਸੁਵਿਧਾ ਦੇ ਲਈ ਸਰਕਾਰੀ ਈ ਬਜਾਰ ਜੀ.ਈ.ਐਮ ਨੂੰ ਟੀ.ਆਰ.ਡੀ.ਈ.ਐਸ ਨਾਲ ਲਿੰਕ ਕਰਨ ਅਤੇ ਸੈਕੰਡਰੀ ਮਾਰਕਿਟ ਨੂੰ ਵਿਕਸਿਤ ਕਰਨ ਲਈ ਟੀ.ਸੀ.ਆਰ.ਈ.ਡੀ.ਐਸ ਰਸੀਦਾਂ ਨੂੰ ਪ੍ਰੀਸੰਪਤੀ ਸਮਰਥਿਤ ਪ੍ਰਤੀਭੂਤੀਆਂ ਦੇ ਰੂਪ 'ਚ ਪ੍ਰਸਤੂਤ ਕਰਨ ਦੀ ਤਜਵੀਜ਼ ਰੱਖੀ ਗਈ ਹੈ। ਇਸਤੋਂ ਇਲਾਵਾ 7 ਹਾਈਸਪੀਡ ਰੇਲ ਕੋਰੀਡੋਰ ਬਣਾਉਣ ਦਾ ਵੀ ਪ੍ਰਸਤਾਵ ਰੱਖਿਆ ਗਿਆ ਹੈ। ਅਗਲੇ ਪੰਜ ਸਾਲਾਂ 'ਚ 20 ਨਵੇਂ ਜਲਮਾਰਗ ਬਣਾਉਣ ਦਾ ਵੀ ਪ੍ਰਸਤਾਵ ਰੱਖਿਆ ਗਿਆ ਹੈ। ਹਰੇਕ ਜਿਲ੍ਹੇ 'ਚ ਗਰਲ ਹੋਸਟਲ ਬਣਾਉਣ ਦੀ ਤਜਵੀਜ਼ ਰੱਖੀ ਗਈ ਹੈ ਕਿਸਾਨਾਂ ਦੀ ਮੱਦਦ ਲਈ ਇੱਕ ਬਹੁ ਭਾਸ਼ਾਈ ਏ.ਆਈ ਟੂਲ ਲਾਂਚ ਕੀਤਾ ਗਿਆ ਹੈ, ਇਹ ਕਿਸਾਨਾਂ ਨੂੰ ਖੇਤੀਬਾੜੀ ਦੇ ਤਰਕਿਆਂ ਅਤੇ ਫਸਲਾਂ ਦੀ ਸੁਰੱਖਿਆ ਬਾਰੇ ਸਲਾਹ ਦੇ ਕੇ ਪੈਦਾਵਾਰ ਵਧਾਉਣ 'ਚ ਮੱਦਦ ਕਰੇਗਾ। ਸਿੱਖਿਆ ਅਤੇ ਰੋਜਗਾਰ ਲਈ ਇੱਕ ਉੱਚੀ ਪੱਧਰੀ ਕਮੇਟੀ ਬਣਾਉਣ ਦਾ ਪ੍ਰਸਤਾਵ ਹੈ, ਜੋ ਏ.ਆਈ ਵਰਗੀਆਂ ਤਕਨੀਕਾਂ ਦੇ ਪ੍ਰਭਾਵ ਦਾ ਮੁਲਾਕਣ ਕਰੇਗੀ ਅਤੇ ਹੁੰਨਰ ਵਿਕਾਸ ਲਈ ਨੀਤੀਆਂ ਦੀ ਸਿਫਾਰਸ ਕਰੇਗੀ। ਐਨੀਮੇਸ਼ਨ ਅਤੇ ਗੇਮਿੰਗ ਦੇ ਖੇਤਰ ਵਿੱਚ 15 ਹਜਾਰ ਸੈਕੰਡਰੀ ਸਕੂਲਾਂ ਅਤੇ 500 ਕਾਲਜਾਂ 'ਚ ਕੰਨਟੈਟ ਕਰੀਏਅਰ ਲਾਇਬਰੇਰੀਆਂ ਸਥਾਪਿਤ ਕਰਨ 'ਚ ਵੀ ਸਹਾਇਤਾ ਦਿੱਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਭਾਰਤੀ ਕਰੰਸੀ ਨੋਟਾਂ 'ਤੇ ਮੋਹਰ ਲਾ ਕੇ 'ਖ਼ਜ਼ਾਨਾ' ਵੰਡਣ ਦੀ ਗੁਰਮਤਿ ਵਿਰੋਧੀ ਵਰਤਾਰੇ ਨੂੰ ਨਾ ਜਥੇਦਾਰ, ਨਾ ਹੀ ਸ਼੍ਰੋਮਣੀ ਕਮੇਟੀ ਨੇ ਰੋਕਣ ਦੀ ਠੋਸ ਕਾਰਵਾਈ ਕੀਤੀ : : ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**—ਸਿੱਖ ਚਿੰਤਕ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ਼ਹੀਦ ਗੰਜ (ਚਾਟੀਵਿੰਡ ਚੌਕ) ਵਿਖੇ ਕੁਝ ਵਿਅਕਤੀਆਂ ਵੱਲੋਂ ਭਾਰਤੀ ਕਰੰਸੀ ਨੋਟਾਂ 'ਤੇ "ਖ਼ਜ਼ਾਨਾ ਬਾਬਾ ਦੀਪ ਸਿੰਘ ਜੀ", "ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ" ਅਤੇ "ਸੇਵਕ ਜਥਾ ਇਸ਼ਨਾਨ" ਆਦਿ ਮੋਹਰਾਂ ਲਗਾ ਕੇ ਮਾਇਆ ਵੰਡਣ ਦੀ ਲਗਾਤਾਰ ਹੋ ਰਹੀ ਕਾਰਵਾਈ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਗੁਰਮਤ ਵਿਰੋਧੀ ਵਰਤਾਰੇ ਬਾਰੇ ਜਾਣਕਾਰੀ ਹੋਣ ਦੇ ਬਾਵਜੂਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਅਜੇ ਤੱਕ ਕੋਈ ਠੋਸ ਨੋਟਿਸ ਨਾ ਲੈਣਾ ਬਹੁਤ ਹੀ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਇਹ ਵਰਤਾਰਾ ਗੁਰਮਤ ਦੇ ਨਾਮ-ਬਾਣੀ ਸੰਕਲਪ, ਸਿੱਖੀ ਦੇ ਮੂਲ ਸਿਧਾਂਤਾਂ, ਗੁਰਬਾਣੀ ਅਤੇ ਸਿੱਖ ਰਹਿਤ ਮਰਿਆਦਾ ਦੀ ਸਿੱਧੀ ਉਲੰਘਣਾ ਹੈ ਅਤੇ ਇਸ ਖੁੱਲ੍ਹਮ-ਖੁੱਲ੍ਹਾ ਮਨਮਤੀ ਰਵੱਈਏ ਨੂੰ ਤੁਰੰਤ ਰੋਕਿਆ ਜਾਣਾ ਚਾਹੀਦਾ ਹੈ। ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਸਿੱਖੀ ਵਿੱਚ "ਨਾਮ ਦਾ ਖ਼ਜ਼ਾਨਾ" ਗੁਰਬਾਣੀ, ਸਿਮਰਨ, ਸੇਵਾ ਅਤੇ ਸੱਚੇ ਆਚਰਨ ਰਾਹੀਂ ਪ੍ਰਾਪਤ ਹੁੰਦਾ ਹੈ, ਨਾ ਕਿ ਭਾਰਤੀ ਕਰੰਸੀ ਨੋਟਾਂ 'ਤੇ ਮੋਹਰ ਲਾ ਕੇ ਉਨ੍ਹਾਂ ਨੂੰ ਅਸ਼ੀਰਵਾਦ ਸਮਝ ਕੇ ਜੇਬਾਂ ਜਾਂ ਪਰਸਾਂ ਵਿੱਚ ਰੱਖਣ ਨਾਲ। ਇਸ ਤਰ੍ਹਾਂ ਦੀ ਕਾਰਵਾਈ ਸੰਗਤਾਂ ਨੂੰ ਗੁਰਮਤ ਤੋਂ ਦੂਰ ਕਰਕੇ ਮਾਇਆ-ਕੇਂਦਰਿਤ ਸੋਚ ਵੱਲ ਧੱਕਣ ਦੀ ਕੋਸ਼ਿਸ਼ ਹੈ, ਜੋ ਸਿੱਖੀ ਦੀ ਰੂਹ ਅਤੇ ਅਸੂਲਾਂ ਨਾਲ ਸਿੱਧਾ ਧੋਖਾ ਹੈ। ਉਨ੍ਹਾਂ ਕਿਹਾ ਕਿ ਇਹ ਹੋਰ ਵੀ ਗੰਭੀਰ ਗੱਲ ਹੈ ਕਿ ਇਹ ਸਭ ਕੁਝ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਗੁਰਦੁਆਰੇ ਵਿੱਚ ਹੋ ਰਿਹਾ ਹੈ ਅਤੇ ਇਹ ਮਾਮਲਾ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਪੁੱਜਣ ਦੇ ਬਾਵਜੂਦ ਅਜੇ ਤੱਕ ਨਾ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਤੇ ਨਾ ਹੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਵੱਲੋਂ ਕੋਈ ਸਪਸ਼ਟ ਅਤੇ ਸਖ਼ਤ ਸਟੈਂਡ ਸਾਹਮਣੇ ਆਇਆ ਹੈ। ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੋਮਣੀ ਕਮੇਟੀ ਕੋਲ ਸਵਾਲ ਉਠਾਇਆ ਕਿ ਗੁਰਮਤ ਵਿਰੋਧੀ ਇਸ ਵਰਤਾਰੇ ਲਈ ਕੌਣ ਜ਼ਿੰਮੇਵਾਰ ਹੈ, ਇਹ ਸਭ ਕੁਝ ਕਿਸ ਦੀ ਸਹਿਮਤੀ ਜਾਂ ਅਣਗਹਿਲੀ ਨਾਲ ਚੱਲ ਰਿਹਾ ਹੈ ਅਤੇ ਹੁਣ ਤੱਕ ਇਸ ਮਨਮਤੀ ਸਿਲਸਿਲੇ ਨੂੰ ਪੂਰੀ ਤਰ੍ਹਾਂ ਰੋਕਣ ਲਈ ਕੋਈ ਠੋਸ ਅਤੇ ਪ੍ਰਭਾਵਸ਼ਾਲੀ ਕਾਰਵਾਈ ਕਿਉਂ ਨਹੀਂ ਕੀਤੀ ਗਈ। ਉਨ੍ਹਾਂ ਨੇ ਇਹ ਵੀ ਚਿੰਤਾ ਜਤਾਈ ਕਿ ਸੰਭਵ ਹੈ ਕੁਝ ਸੰਗਤਾਂ ਅਣਜਾਣਪੁਣੇ ਜਾਂ ਸ਼ਰਧਾ ਦੇ ਵਹਾਵ ਵਿੱਚ ਇਹ ਸਭ ਕੁਝ "ਖ਼ਜ਼ਾਨਾ" ਸਮਝ ਕੇ ਕਰ ਰਹੀਆਂ ਹੋਣ, ਪਰ ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਕਿਤੇ ਇਹ ਗੁਰੂ ਘਰਾਂ ਦੀ ਮਰਿਆਦਾ ਨੂੰ ਖੰਡਿਤ ਕਰਨ ਅਤੇ ਸਿੱਖੀ ਦੇ ਨਾਮ ਸੰਕਲਪ ਨੂੰ ਮਾਇਆਵਾਦੀ ਦਿਸ਼ਾ ਵੱਲ ਮੋੜਣ ਲਈ ਕੋਈ ਗਹਿਰੀ ਸਾਜ਼ਿਸ਼ ਤਾਂ ਨਹੀਂ। ਅਖੀਰ ਵਿੱਚ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੋਮਣੀ ਕਮੇਟੀ ਅਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਤੋਂ ਮੰਗ ਕੀਤੀ ਕਿ ਇਸ ਮਾਮਲੇ 'ਚ ਤੁਰੰਤ, ਸਪਸ਼ਟ ਅਤੇ ਕੜੀ ਕਾਰਵਾਈ ਕੀਤੀ ਜਾਵੇ, ਜ਼ਿੰਮੇਵਾਰਾਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਮਿਸਾਲੀ ਕਦਮ ਚੁੱਕੇ ਜਾਣ ਅਤੇ ਸੰਗਤਾਂ ਨੂੰ ਇਹ ਸਪਸ਼ਟ ਸੁਨੇਹਾ ਦਿੱਤਾ ਜਾਵੇ ਕਿ ਸਿੱਖੀ ਵਿੱਚ ਮਰਿਆਦਾ ਤੋਂ ਉਪਰ ਕੁਝ ਨਹੀਂ। ਉਨ੍ਹਾਂ ਕਿਹਾ ਕਿ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਸ਼ਹਾਦਤ ਗੁਰਮਤ ਦੀ ਅਟੱਲਤਾ, ਤਿਆਗ ਅਤੇ ਸਚਾਈ ਦਾ ਪ੍ਰਤੀਕ ਹੈ, ਨਾ ਕਿ ਮੋਹਰ ਲੱਗੀ ਮਾਇਆ ਦਾ। ਸ਼ਹੀਦਾਂ ਦੇ ਨਾਮ 'ਤੇ ਮਨਮਤੀ ਕਰਤੂਤਾਂ ਸਹਿਣਯੋਗ ਨਹੀਂ ਅਤੇ ਪੰਥ ਇਸ ਬਾਰੇ ਚੁੱਪ ਨਹੀਂ ਰਹੇਗਾ।



## ‘ਪੰਜਾਬੀ ਕਲਮ ਕੇਂਦਰ’ (ਰਜਿ) ਮੌਂਟਰੀਅਲ ਵੱਲੋਂ

# ‘ਪਾਪੂਲਰ ਪੀਜ਼ਾ’ ਦੇ ਸਹਿਯੋਗ ਨਾਲ ਕਰਵਾਇਆ ਗਿਆ ਸ਼ਾਨਦਾਰ ਸਾਹਿਤਕ ਸਮਾਗਮ




















**ਮੌਂਟਰੀਅਲ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਬੀਤੇ ਐਤਵਾਰ ਪੰਜਾਬੀ ਕਲਮ ਕੇਂਦਰ(ਰਜਿ) ਮੌਂਟਰੀਅਲ ਨੇ ’ਪਾਪੂਲਰ ਪੀਜ਼ੇ’ ਦੇ ਸਹਿਯੋਗ ਨਾਲ਼ ਇੱਕ ਕਾਵਿ ਸਮਾਗਮ ’ਸ਼ਾਇਰੀ ਵਿਦ ਸਲਾਈਸ’ ਆਯੋਜਿਤ ਕੀਤਾ ਗਿਆ, ਜਿਸ ਵਿੱਚ ਮੌਂਟਰੀਅਲ ਦੀਆਂ ਅਦਬੀ ਸ਼ਖ਼ਸੀਅਤਾਂ ਭਰਵੀਂ ਸ਼ਿਰਕਤ ਕੀਤੀ । ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵੱਜੋਂ ਪੰਜਾਬ ਤੋਂ ਆਏ ਉੱਘੇ ਗ਼ਜ਼ਲਗੋ ਅਮਰਜੀਤ ਸਿੰਘ ਜੀਤ ਜੀ ਸ਼ਾਮਿਲ ਹੋਏ। ਕਵਿਤਾ ਸਮਾਗਮ ਸ਼ੁਰੂ ਕਰਨ ਤੋਂ ਪਹਿਲਾਂ ’ਪਾਪੂਲਰ ਪੀਜ਼ਾ’ ਪ੍ਰਬੰਧਕਾਂ ਵੱਲੋਂ ਕਵਿਤਾ ਦਾ ਆਨੰਦ ਮਾਨਣ ਆਏ ਸਰੋਤਿਆਂ ਦੀ ਟਹਿਲ ਸੇਵਾ ਪੀਜ਼ਾ,ਮਠਿਆਈ ਤੇ ਚਾਹ ਪਾਣੀ ਨਾਲ਼ ਬੜੇ ਸੁਚੱਜੇ ਢੰਗ ਨਾਲ਼ ਕੀਤੀ ਗਈ । ਦੀਪਇੰਦਰ ਸਿੰਘ ਸਿੱਧੂ ਜੋ ਕਿ ’ਪਾਪੂਲਰ ਪੀਜ਼ਾ’ਦੇ ਆਨਰ ਹਨ ਖੁਦ ਇਕ ਨਾਮਵਰ ਅਦਬੀ ਸ਼ਖ਼ਸੀਅਤ ਵੀ ਹਨ। ਅੱਜ ਦਾ ਮੰਚ ਸੰਚਾਲਨ ਕਰਨ ਦੀ ਜ਼ਿੰਮੇਵਾਰੀ ਵੀ ਉਹਨਾਂ ਨੇ ਹੀ ਸੰਭਾਲ਼ੀ। ਸਮਾਗਮ ਚ ਸ਼ਿਰਕਤ ਕਰਨ ਵਾਲੇ ਕਵੀਆਂ ਤੇ ਸਰੋਤਿਆਂ ਦਾ ਸਵਾਗਤ ਕਰਦਿਆਂ ਉਹਨਾਂ ਸਭ ਤੋਂ ਪਹਿਲਾਂ ਸ਼ਾਇਰ ਅਨਿਲ ਭਾਰਦਵਾਜ ਨੂੰ ਸੱਦਾ ਦਿੱਤਾ , ਜਿਹਨਾਂ ਆਪਣੀਆਂ ਹਿੰਦੀ ਕਵਿਤਾਵਾਂ ਪੜ੍ਹ ਕੇ ਰੰਗ ਬੰਨ੍ਹਿਆ ।ਅਗਲੇ ਕਵੀ ਸੁਖਵਿੰਦਰ ਜੂਤਲਾ ਜੀ ਨੇ ਦੋ ਕਵਿਤਾਵਾਂ ਨਾਲ਼ ਹਾਜ਼ਰੀ ਲਗਵਾਈ।ਕਪਿਲ ਧੀਮਾਨ ਨੇ ਇੱਕ ਕਵਿਤਾ ਸਰੋਤਿਆਂ ਨਾਲ ਸਾਂਝੀ ਕੀਤੀ।ਅਮਨਦੀਪ ਨੇ ਦੋ ਕਵਿਤਾਵਾਂ ਬੜੇ ਸੁਹਜਮਈ ਢੰਗ ਨਾਲ ਪੇਸ਼ ਕੀਤੀਆਂ।ਹੁਣ ਦੀਪਇੰਦਰ ਨੇ ਅੱਜ ਦੇ ਵਿਸ਼ੇਸ਼ ਮਹਿਮਾਨ ਨੂੰ ਬੁਲਾਇਆ, ਅਮਰਜੀਤ ਸਿੰਘ ਜੀਤ ਗ਼ਜ਼ਲਗੋ ਨੇ ਆਪਣੀਆਂ ਗ਼ਜ਼ਲਾਂ ਪੜ੍ਹ ਕੇ ਛਹਿਬਰ ਲਾ ਦਿੱਤੀ ਤੇ ਸਰੋਤਿਆਂ ਦੀ ਭਰਪੂਰ ਵਾਹਵਾ ਖੱਟੀ। ਫਿਰ ਹਰਜਿੰਦਰ ਸਿੰਘ ਪੱਤੜ ਹੁਰਾਂ ਨੇ ਆਪਣੀ ਇੱਕ ਨਵੀਂ ਕਵਿਤਾ ਅਤੇ ਕੁਝ ਛੋਟੀਆਂ ਕਵਿਤਾਵਾਂ ਪੜ੍ਹੀਆਂ। ਹਰਜਿੰਦਰ ਰਾਹੀ ਨੇ ਦੋ ਅਨੂਠੀਆਂ ਨਜ਼ਮਾਂ ਨਾਲ ਸਾਂਝ ਪਾਈ।ਮੋਹਣਪ੍ਰੀਤ ਸਿੰਘ ਪੱਤੜ ਨੇ ਆਪਣੀਆਂ ਚੋਣਵੀਆਂ ਕਵਿਤਾਵਾਂ ਸਰੋਤਿਆਂ ਨੂੰ ਪੜ੍ਹ ਕੇ ਸੁਣਾਈਆਂ। ਦੀਪਇੰਦਰ ਨੇ ਪਾਤਰ ਸਾਬ੍ਹ ਦੀ ਇੱਕ ਗ਼ਜ਼ਲ ਤਰੰਨਮ ਵਿੱਚ ਸੁਣਾਈ ਅਤੇ ਇੱਕ ਆਪਣੀ ਨਜ਼ਮ ਵੱਖਰੇ ਅੰਦਾਜ਼ ਦੀ ਪੜ੍ਹੀ। ਨੌਜਵਾਨ ਕਵੀ ਕਰਨਵੀਰ ਨੇ ਦੋ ਛੋਟੀਆਂ ਕਵਿਤਾਵਾਂ ਪੜ੍ਹ ਕੇ ਸੁਣਾਈਆਂ ਤੇ ਮਨਜੀਤ ਸਿੰਘ ਚਾਤ੍ਰਿਕ ਨੇ ਆਪਣੀ ਦੋ ਕਵਿਤਾਵਾਂ ਆਪਣੇ ਅੰਦਾਜ਼ ਨਾਲ ਅਦਾ ਕੀਤੀਆਂ ਆਖ਼ਰ ਵਿੱਚ ਮੋਹਣਪ੍ਰੀਤ ਸਿੰਘ ਪੱਤੜ ਨੇ ਕੁੱਝ ਧੰਨਵਾਦੀ ਸ਼ਬਦ ਸਰੋਤਿਆਂ ਨਾਲ਼ ਸਾਂਝੇ ਕੀਤੇ। ਬਹੁਤ ਸੁਚੱਜੇ ਸਰੋਤਿਆਂ ਵਿੱਚ ਕਰਮਿੰਦਰ ਗਿੱਲ, ਹਰਭਜਨ ਸਿੰਘ ਮਣਕੂ ,ਲਖਵਿੰਦਰ ਉੱਪਲ਼ ,ਸੁਖਨਿੰਦਰ ਮੁੱਤੀ, ਗੁਰਬਖਸ਼ ਕੌਰ, ਹਰਦੀਪ ਕੌਰ, ਕੁਲਵੰਤ ਕੌਰ, ਮਨਿੰਦਰ ਸਿੱਧੂ ਅਤੇ ਹੋਰ ਬਹੁਤ ਸਾਰੇ ਸਰੋਤੇ ਉਚੇਚੇ ਤੌਰ ਤੇ ਸ਼ਾਮਲ ਹੋਏ ਸਰੋਤਿਆਂ ਦੇ ਚਿਹਰਿਆਂ ਤੋਂ ਸਮਾਗਮ ਦੀ ਸਫਲਤਾ ਸਾਫ਼ ਦਿਸ ਰਹੀ ਸੀ ’ਪਾਪੂਲਰ ਪੀਜ਼ੇ’ ਦੇ ਇਸ ਉੱਦਮ ਦੀ ਪੰਜਾਬੀ ਕਲਮ ਕੇਂਦਰ ਨੇ ਸ਼ਲਾਘਾ ਕੀਤੀ।ਸਮਾਗਮ ਦੇ ਅੰਤ ਵਿਚ ਪੰਜਾਬੀ ਕਲਮ ਕੇਂਦਰ ਮੌਂਟਰੀਅਲ ਦੇ ਮੈਂਬਰਾਂ ਅਤੇ ਪਪੂਲਰ ਪੀਜ਼ੇ ਦੇ ਪ੍ਰਬੰਧਕਾਂ ਵਲੋਂ ਗ਼ਜ਼ਲਗੋ ਅਮਰਜੀਤ ਸਿੰਘ ਜੀਤ ਦਾ ਮੋਹ ਭਿੱਜਿਆ ਸਨਮਾਨ ਕੀਤਾ ਗਿਆ। ਸਮਾਗਮ ਬਿਲਕੁਲ ਸਮੇਂ ਸਿਰ ਮੁਕੰਮਲ ਹੋਇਆ ਤੇ ਸਭ ਨੇ ਦੁਆਰਾ ਮਿਲਣ ਦਾ ਵਾਅਦਾ ਕਰ ਕਰ ਕੇ ਵਿਦਾਇਗੀ ਲਈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸ਼ਹੀਦੀ ਨੂੰ ਸਮਰਪਿਤ ਤਿੰਨ ਰੋਜ਼ਾ ਗੁਰਮਤਿ ਸਮਾਗਮ ਜੋੜ ਮੇਲੇ ਦੇ ਆਖਰੀ ਦਿਨ

# ਨਿਹੰਗ ਸਿੰਘ ਜਥੇਬੰਦੀਆਂ ਨੇ ਸ਼ਾਨਦਾਰ ਮਹੱਲਾ ਖੇਡਿਆ : ਜਥੇ ਸੁਖਪਾਲ ਸਿੰਘ



**ਜੰਡਿਆਲਾ ਗੁਰੂ, 3 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸ਼ਹੀਦੀ ਨੂੰ ਸਮਰਪਿਤ ਤਿੰਨ ਰੋਜ਼ਾ ਸਾਲਾਨਾ ਸ਼ਹੀਦੀ ਦਿਹਾੜੇ ਗੁਰਮਤਿ ਸਮਾਗਮ ਦੇ ਆਖਰੀ ਦਿਨ ਅਕਾਲ ਪੁਰਖ ਦੀਆਂ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਨੇ ਸ਼ਾਨਦਾਰ ਮੁਹੱਲਾ ਦਾ ਪ੍ਰਦਰਸ਼ਨ ਕਰਕੇ ਸਿੱਖ ਸੰਗਤਾਂ ਨੂੰ ਸਿੱਖੀ ਦੇ ਸੁਨਹਿਰੀ ਪੁਰਾਤਨ ਵਿਰਸੇ ਇਤਿਹਾਸ ਨਾਲ ਜੋੜਿਆ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗੁਰਮਤਿ ਸਮਾਗਮ ਦੀਆਂ ਹਾਜ਼ਰੀਆਂ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਦੱਸਿਆ ਤਿੰਨ ਰੋਜ਼ਾ ਗੁਰਮਤਿ ਸਮਾਗਮ ਸਬੰਧੀ ਪਰਸੋਂ ਦੇ ਰੋਜ਼ ਤੋਂ ਰੱਬੀ ਗੁਰਬਾਣੀ ਦੇ ਅਖੰਡਪਾਠ ਆਰੰਭ ਕੀਤੇ ਗਏ ਸਨ ਜਿਨ੍ਹਾਂ ਦੇ ਅੱਜ ਸੰਪੂਰਨ ਭੋਗ, ਅਰਦਾਸ ਅਤੇ ਪਾਵਨ ਪਵਿੱਤਰ ਹੁਕਮਨਾਮੇ ਤੋਂ ਉਪਰੰਤ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਗੁਰਮਤਿ ਸਮਾਗਮ ਜੋੜ ਮੇਲੇ ਦੀ ਅਰੰਭਤਾ ਹੋਈ ਜਿਸ ਵਿਚ ਪੰਥ ਦੇ ਮਹਾਨ ਵਿਦਵਾਨਾਂ ਨੇ ਹਾਜ਼ਰੀ ਲਵਾਈ ਅਤੇ ਆਈ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ, ਭਾਈ ਖਾਲਸਾ ਨੇ ਦੀਵਾਨ ਸਮਾਪਤੀ ਤੋਂ ਉਪਰੰਤ ਅਕਾਲ ਪੁਰਖ ਦੀਆਂ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਨੇ ਆਪਣੇ ਆਪਣੇ ਘੌੜਿਆ ਤੇ ਸਵਾਰ ਨੇਜੇ ਖੰਡੇ ਕਿਰਪਾਨਾਂ ਬਰਛੇ ਬਰਛੀਆਂ ਤੇ ਹੋਰ ਰਵਾਇਤੀ ਹਥਿਆਰਾਂ ਨਾਲ ਲੈਸ ਹੋ ਕੇ ਜਥੇਦਾਰ ਬਾਬਾ ਸ੍ਰਵਨ ਸਿੰਘ ਰਸਾਲਦਾਰ ਤੇ ਜਥੇਦਾਰ ਬਾਬਾ ਸੁਖਪਾਲ ਸਿੰਘ ਦੀ ਅਗਵਾਈ ਹੇਠ ਸਭ ਤੋਂ ਨਗਰ ਫੂਲ ਦੀਆਂ ਪਰਕਰਮਾਂ ਕੀਤੀਆਂ ਗਈਆਂ ਅਤੇ ਸਥਾਨਕ ਸਕੂਲ ਦੀ ਗਰਾਊਂਡ ਵਿੱਚ ਸ਼ਾਨਦਾਰ ਮਹੱਲੇ ਦਾ ਪ੍ਰਦਰਸ਼ਨ ਕੀਤਾ, ਭਾਈ ਖਾਲਸਾ ਨੇ ਮੁਹੱਲੇ ਪ੍ਰਦਰਸ਼ਨ ਰਾਹੀਂ ਆਈ ਸੰਗਤ ਨੂੰ ਘੌੜ ਸਵਾਰੀ, ਨੇਜ਼ਾ ਬਾਜ਼ੀ ਗਤਕੇਬਾਜ਼ੀ ਪੈਂਤੜੇ ਕੱਢਣੇ ਨੰਗੀਆਂ ਤਲਵਾਰਾਂ ਦੇ ਜੌਹਰ ਅਤੇ ਦੋ ਦੋ ਤਿੰਨ ਤਿੰਨ ਘੌੜਿਆ ਤੇ ਇੱਕ ਸਵਾਰ ਨੇ ਦੌੜਾਂ ਲਗਵਾਉਣ ਵਰਗੀਆਂ ਕਈ ਤਰ੍ਹਾਂ ਦੀਆਂ ਜੰਗ ਜੂ ਖਾਲਸਾਈ ਖੇਡਾਂ ਦਾ ਪ੍ਰਦਰਸ਼ਨ ਕਰਕੇ ਆਈ ਸੰਗਤ ਨੂੰ ਸਿੱਖੀ ਦੇ ਪੁਰਾਤਨ ਵਿਰਸੇ ਇਤਿਹਾਸ ਨਾਲ ਜੋੜਿਆ, ਭਾਈ ਖਾਲਸਾ ਨੇ ਦੱਸਿਆ ਸਮੂਹ ਧਾਰਮਿਕ ਬੁਲਾਰਿਆਂ ਤੇ ਮਹੱਲਾ ਖੇਡਣ ਵਾਲਿਆਂ ਨੂੰ ਮਾਇਆ ਦੇ ਗੱਫੇ ਦੇ ਕੇ ਸਨਮਾਨਿਤ ਕੀਤਾ, ਇਸ ਮੌਕੇ ਤੇ ਗਤਕਾ ਪਾਰਟੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਵੱਖ ਵੱਖ ਕਲਾਂ ਦੇ ਜੌਹਰ ਵਿਖਾਏ, ਇਸ ਮੌਕੇ ਤੇ ਵਿਸ਼ੇਸ਼ ਤੌਰ ਪੁੱਜੇ ਬੁੱਢੇ ਦਲ ਦੇ ਜਥੇਦਾਰ ਬਾਬਾ ਸ੍ਰਵਣ ਸਿੰਘ ਰਸਾਲਦਾਰ, ਸਿੰਘ ਸਾਹਿਬ ਜਥੇਦਾਰ ਅਕਾਲਤਖਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ,ਜਥੇਦਾਰ ਬਾਬਾ ਜੋਗਾ ਸਿੰਘ ਬਾਬਾ ਬਕਾਲਾ ਤਰਨਦਲ, ਜਥੇਦਾਰ ਮੇਜ਼ਰ ਸਿੰਘ ਸੌਢੀ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ, ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ, ਜਥੇਦਾਰ ਬਾਬਾ ਪ੍ਰਗਟ ਸਿੰਘ, ਜਥੇਦਾਰ ਸਤਨਾਮ ਸਿੰਘ ਖਾਪੜਖੇੜੀ, ਭਾਈ ਸੁਖਦੇਵ ਸਿੰਘ ਜਗਰਾਓਂ, ਭਾਈ ਇੰਦਰਜੀਤ ਸਿੰਘ ਕਾਉਂਕੇ,ਸੰਤ ਬੂਟੀ ਦਾਸ ਜੀ, ਭਾਈ ਬਲਵਿੰਦਰ ਸਿੰਘ ਪ੍ਰਧਾਨ ਦੇ ਚਾਗਲੀ ਵਾਲੇ, ਸੂਬਾ ਪ੍ਰਧਾਨ ਪ੍ਰਭਜੋਤ ਸਿੰਘ ਮਾਨਸ਼ਾਹੀਆ, ਬਾਬਾ ਅਨੌਖ ਸਿੰਘ ਕਿਰਪਾਨ ਭੇਟ ਸਾਹਿਬ, ਜਥੇਦਾਰ ਸਤਨਾਮ ਸਿੰਘ ਰਤੜਾ ਤੋ ਇਲਾਵਾ ਸੈਂਕੜੇ ਜਥੇਦਾਰ ਤੇ ਹਜ਼ਾਰਾਂ ਲਾਡਲੀਆਂ ਫੌਜਾਂ ਤੇ ਹੋਰ ਧਾਰਮਿਕ ਸਿਆਸੀ ਸਮਾਜਿਕ ਆਗੂਆਂ ਨੇ ਹਾਜ਼ਰੀ ਭਰੀ।

ਮੋਦੀ ਅਤੇ ਸ਼ਾਹ ਪੰਜਾਬੀਆਂ ਤੇ ਸਿੱਖਾਂ ਵਿਚ ਜ਼ੇਕਰ ਵਿਚਰਣਾ ਲੋੜਦੇ ਹਨ, ਤਾਂ

# ਪਹਿਲਾਂ ਆਪਣੇ ਕੀਤੇ ਗੁਨਾਹਾਂ ਨੂੰ ਪ੍ਰਵਾਨ ਕਰਕੇ ਉਸਦੀ ਸਜ਼ਾ ਭੁਗਤਣ: ਮਾਨ



ਨਵੀਂ ਦਿੱਲੀ 3 ਫਰਵਰੀ, (ਮਨਪ੍ਰੀਤ ਸਿੰਘ ਖਾਲਸਾ):-ਕਿਸੇ ਵੀ ਮੁਲਕ, ਸੂਬੇ, ਸਹਿਰ ਜਾਂ ਪਿੰਡ ਦਾ ਹੁਕਮਰਾਨ ਉਹ ਹੁੰਦਾ ਹੈ ਜਿਸਦੇ ਲੋਕ ਪੱਖੀ ਕਰਮਾਂ ਦੀ ਬਦੌਲਤ ਅਤੇ ਸੇਵਾ ਦੀ ਬਦੌਲਤ ਮਨ-ਆਤਮਾ ਤੋ ਪਿਆਰ ਤੇ ਸਤਿਕਾਰ ਕਰਨ । ਜੋ ਹੁਕਮਰਾਨ 8 ਹਜਾਰ ਪੁਲਿਸ ਮੁਲਾਜਮਾਂ ਦੀ ਫ਼ੌਜ ਲਗਾਕੇ ਅਤੇ ਖੂਫੀਆ ਵਿਭਾਗ ਨੂੰ ਤਾਇਨਾਤ ਕਰਕੇ ਪੰਜਾਬ ਵਰਗੇ ਅਣਖੀ ਸੂਬੇ ਵਿਚ ਆਇਆ ਹੋਵੇ, ਪੁਲਿਸ ਮੁਲਾਜਮਾਂ ਦੀ ਲਗਾਈ ਗਈ ਨਫਰੀ ਸਾਬਤ ਕਰਦੀ ਹੈ ਕਿ ਉਸਦੇ ਆਪਣੇ ਮਨੁੱਖਤਾ ਵਿਰੋਧੀ ਕਾਲੇ ਕਾਰਨਾਮਿਆ ਦੀ ਬਦੌਲਤ ਵੱਡਾ ਡਰ-ਭੈ ਸੀ ।ਅਜਿਹਾ ਇਸ ਕਰਕੇ ਕਰਨਾ ਪਿਆ ਕਿਉਂਕਿ ਮੋਦੀ ਤੇ ਉਸਦੀ ਜਾਲਮ ਚੰਡਾਲ ਚੌਕੜੀ ਜਿਸ ਵਿਚ ਗ੍ਰਹਿ ਵਜੀਰ ਅਮਿਤ ਸ਼ਾਹ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਾਕਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾਂ ਅਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ ਵੱਲੋਂ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ ਕੈਨੇਡਾ, ਅਵਤਾਰ ਸਿੰਘ ਖੰਡਾ ਬਰਤਾਨੀਆ, ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ ਪਾਕਿਸਤਾਨ, ਦੀਪ ਸਿੰਘ ਸਿੱਧੂ ਹਰਿਆਣਾ, ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਅਤੇ ਗੁਰਪ੍ਰੀਤ ਸਿੰਘ ਹਰੀਨੌ ਦੇ ਕਤਲ ਕਰਨ ਅਤੇ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਕੋਸਿਸ ਕੀਤੀ ਗਈ ਸੀ । ਇਸ ਤੋ ਇਲਾਵਾ ਇਨ੍ਹਾਂ ਕਾਤਲਾਂ ਨੇ ਅਮਰੀਕਨ ਮੁਲਕ ਤੇ ਹੋਰਨਾਂ ਮੁਲਕਾਂ ਦੀ ਪ੍ਰਭੂਸਤਾਂ ਨੂੰ ਤੋੜਨ ਦੇ ਨਾਲ-ਨਾਲ ਅਮਰੀਕਾ ਦੀ ਮੁਨਰੋ ਡਾਕਟਰੀਨ ਦਾ ਵੀ ਘਾਣ ਕੀਤਾ ਹੈ ।ਇਸ ਲਈ ਪੰਜਾਬੀਆਂ ਤੇ ਸਿੱਖਾਂ ਵਿਚ ਐਨੀ ਵੱਡੀ ਸੁਰੱਖਿਆ ਵਗੈਰ ਉਹ ਨਹੀ ਖੜ੍ਹ ਸਕੇ । ਸਿੱਖ ਕੌਮ ਦਾ ਇਤਿਹਾਸ ਗਵਾਹ ਹੈ ਕਿ ਉਸਨੇ ਕਤਈ ਵੀ ਕਿਸੇ ਦੀ ਗੁਲਾਮੀ ਨੂੰ ਪ੍ਰਵਾਨ ਨਹੀ ਕੀਤਾ ਅਤੇ ਨਾ ਹੀ ਆਪਣੇ ਦੁਸਮਣਾਂ ਨੂੰ ਕਦੀ ਮੁਆਫ਼ ਕਰਦੀ ਹੈ । ਸਿੱਖ ਜਿਸਦੇ ਦੋਸਤ ਹੋਣ ਉਸ ਵੱਲ ਕੋਈ ਝਾਕ ਵੀ ਨਹੀ ਸਕਦਾ । ਇਹ ਗੈਰ ਇਖਲਾਕੀ ਭਾਜੀ ਹੁਕਮਰਾਨਾਂ ਨੇ ਸਿੱਖਾਂ ਨਾਲ ਖੁਦ ਪਾਈ ਹੈ ।ਜੇਕਰ ਮੋਦੀ ਅਤੇ ਸ਼ਾਹ ਪੰਜਾਬੀਆਂ ਤੇ ਸਿੱਖਾਂ ਵਿਚ ਵਿਚਰਣਾ ਲੋੜਦੇ ਹਨ, ਤਾਂ ਉਨ੍ਹਾਂ ਨੂੰ ਆਪਣੇ ਕੀਤੇ ਗੁਨਾਹਾਂ ਨੂੰ ਪ੍ਰਵਾਨ ਕਰਕੇ ਉਸਦੀ ਸਜ਼ਾ ਭੁਗਤਕੇ ਹੀ ਉਹ ਸਿੱਖਾਂ ਦੇ ਮਨ-ਆਤਮਾ ਨੂੰ ਜਿੱਤ ਸਕਦੇ ਹਨ ।ਸਿਆਸੀ ਸਤਰੰਜੀ ਖੇਡਾਂ ਨਾਲ ਨਹੀ ।ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ੍ਰੀ ਮੋਦੀ ਵੱਲੋ ਡੇਰਾ ਬੱਲਾਂ ਦੌਰੇ ਤੇ ਆਉਣ ਤੇ 8 ਹਜਾਰ ਦੀ ਵੱਡੀ ਪੁਲਿਸ ਮੁਲਾਜਮਾਂ ਦੀ ਨਫਰੀ ਲਗਾਉਣ ਉਤੇ ਇਨ੍ਹਾਂ ਵੱਲੋ ਕੀਤੇ ਕੁਕਰਮਾ ਦੇ ਡਰ-ਭੈ ਨੂੰ ਹੀ ਕਾਰਨ ਦੱਸਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਇਥੇ ਇਹ ਵੀ ਵਰਨਣ ਕਰਨਾ ਜਰੂਰੀ ਹੈ ਕਿ ਲਾਰੈਸ ਬਿਸਨੋਈ ਵਰਗੇ ਗੈਗਸਟਰਾਂ ਨੂੰ ਮੋਦੀ-ਸ਼ਾਹ ਨੇ ਗੁਜਰਾਤ ਦੀ ਸਾਬਰਮਤੀ ਜੇਲ੍ਹ ਵਿਚ ਆਪਣੇ ਸਿਆਸੀ ਦੁਸਮਣਾਂ ਨੂੰ ਨਿਸ਼ਾਨਾਂ ਬਣਾਉਣ ਲਈ ਸਰਪ੍ਰਸਤੀ ਹੇਠ ਰੱਖਿਆ ਹੋਇਆ ਹੈ । ਇਸ ਸੱਚ ਨੂੰ ਕੈਨੇਡਾ ਦੀ ਰੋਇਲ ਕੈਨੇਡੀਅਨ ਮਾਊਟੈਡ ਪੁਲਿਸ ਵੱਲੋ ਜਾਰੀ ਰਿਪੋਰਟ ਨੇ ਵੀ ਕੌਮਾਂਤਰੀ ਪੱਧਰ ਤੇ ਬਿਆਨ ਕੀਤਾ ਹੈ । ਫਿਰ ਸ੍ਰੀ ਮੋਦੀ ਤੇ ਸ਼ਾਹ ਉਪਰੋਕਤ ਸਿੱਖਾਂ ਦੇ ਕੀਤੇ ਗਏ ਕਤਲਾਂ ਦੇ ਦੋਸ ਤੋ ਕਿਵੇ ਬਚ ਸਕਦੇ ਹਨ ? ਸਿੱਖ ਕੌਮ ਦੇ ਕੀਤੇ ਗਏ ਕਤਲਾਂ ਦੀ ਬਦੌਲਤ ਹੀ ਬੀਜੇਪੀ-ਆਰ.ਐਸ.ਐਸ ਦੀ ਲੜਾਈ ਸਿੱਖ ਕੌਮ ਨਾਲ ਪੈ ਗਈ ਹੈ । ਇਸ ਵਿਚ ਆਪਣੀ ਗਲਤੀ ਨੂੰ ਸੁਧਾਰਕੇ ਹੀ ਇਹ ਹੁਕਮਰਾਨ ਪੰਜਾਬ ਵਿਚ ਕੋਈ ਨਵਾਂ ਅਧਿਆਏ ਪੜ੍ਹ ਸਕਦੇ ਹਨ । ਗੈਗਸਟਰਾਂ ਦੀ ਆਪਣੇ ਮਕਸਦਾਂ ਲਈ ਦੁਰਵਰਤੋ ਕਰਕੇ ਨਹੀ, ਬਲਕਿ ਉਨ੍ਹਾਂ ਨੂੰ ਸਿੱਧੇ ਰਾਹ ਪਾ ਕੇ ਹੀ ਵਿਸਫੋਟਕ ਬਣੇ ਮਾਹੌਲ ਨੂੰ ਸ਼ਾਂਤ ਕੀਤਾ ਜਾ ਸਕਦਾ ਹੈ ।ਅਸੀ ਇਸ ਗੰਭੀਰ ਵਿਸੇ ਉਤੇ ਟੇਬਲਟਾਕ ਕਰਨ ਦਾ ਵੱਡਾ ਜਿਗਰਾਂ ਰੱਖਦੇ ਹਾਂ ।ਮੂੰਹ ਵਿਚ ਰਾਮ-ਰਾਮ ਬਗਲ ਵਿਚ ਛੂਰੀ ਰੱਖਕੇ ਅਜਿਹੇ ਮਸਲੇ ਕਤਈ ਹੱਲ ਨਹੀ ਹੋ ਸਕਦੇ ।ਜੇਕਰ ਇੰਡੀਆ ਦੇ ਵਿਗੜਦੇ ਸਿਆਸੀ ਤੇ ਭੂਗੋਲਿਕ ਹਾਲਾਤਾਂ ਨੂੰ ਮੋਦੀ ਇਮਾਨਦਾਰੀ ਨਾਲ ਸਹੀ ਕਰਨਾ ਲੋਚਦੇ ਹਨ ਤਾਂ ਉਨ੍ਹਾਂ ਨੂੰ ਸਿੱਖ ਕੌਮ ਨਾਲ ਇਮਾਨਦਾਰੀ ਤੇ ਸੰਜੀਦਗੀ ਨਾਲ ਹਰ ਵਿਸੇ ਤੇ ਟੇਬਲਟਾਕ ਵਿਚ ਬੈਠਣਾ ਪਵੇਗਾ ।ਗੁਰੂ ਸਾਹਿਬਾਨ ਨੇ ਸਿੱਖ ਕੌਮ ਨੂੰ ਇਕ ਵੱਖਰੀ, ਅਣਖੀਲੀ ਸੰਸਾਰ ਪੱਧਰ ਦੀ ਸਤਿਕਾਰਿਤ ਪਹਿਚਾਣ ਦਿੱਤੀ ਹੈ ।ਸਾਡੀ ਵੱਖਰੀ ਬੋਲੀ, ਭਾਸ਼ਾ, ਪਹਿਰਾਵਾ, ਖਾਂਣਾ ਪੀਣਾ ਵੱਖਰਾਂ ਹੈ ।ਜਦੋਕਿ ਮੰਨੂਸਮ੍ਰਿਤੀ ਸੋਚ ਵਾਲੇ ਮੌਜੂਦਾ ਬੀਜੇਪੀ-ਆਰ.ਐਸ.ਐਸ ਅਤੇ ਇਨ੍ਹਾਂ ਦੇ ਭਾਈਵਾਲ ਹੁਕਮਰਾਨ ਸਿੱਖੀ ਨੂੰ ਲੰਮੇ ਸਮੇ ਤੋ ਉਸ ਵਿਚ ਜਜਬ ਕਰਨਾ ਚਾਹੁੰਦੇ ਹਨ ਜੋ ਕਿ ਕਤਈ ਨਹੀ ਹੋ ਸਕਦੇ ।ਸਿੱਖ ਕੌਮ ਦੀ ਸਹੀ ਢੰਗ ਨਾਲ ਸਹੀ ਦਿਸ਼ਾ ਵੱਲ ਇਮਾਨਦਾਰੀ ਨਾਲ ਵਰਤੋ ਕਰਕੇ ਹੀ ਮਨੁੱਖਤਾ ਲਈ ਚੰਗੇ ਉਦਮ ਹੋ ਸਕਦੇ ਹਨ ।ਨਾ ਕਿ ਸਿਆਸੀ ਗਿਣਤੀਆ-ਮਿਣਤੀਆ ਅਤੇ ਖੇਡਾਂ ਨਾਲ ਸਿੱਖਾਂ ਨੂੰ ਉਹ ਗੁੰਮਰਾਹ ਕਰਨ ਵਿਚ ਕਾਮਯਾਬ ਹੋ ਸਕਣਗੇ । ਬਿਹਤਰ ਇਹੀ ਹੋਵੇਗਾ ਕਿ ਗੁਰੂ ਨਾਨਕ ਸਾਹਿਬ ਤੋ ਲੈਕੇ 10 ਗੁਰੂ ਸਾਹਿਬਾਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੱਕ ਵੱਡੇ ਇਮਤਿਹਾਨਾਂ ਵਿਚੋ ਨਿਕਲਕੇ ਹੀ ਜੋ ਕੌਮ ਸਿਰਜੀ ਗਈ ਹੈ ਉਸਦੀ ਸੱਚਾਈ ਨੂੰ ਸਮਝਦੇ ਹੋਏ ਸਹੀ ਢੰਗ ਨਾਲ ਅਮਲ ਕੀਤੇ ਜਾਣ ਤੇ ਸਾਡੇ ਨਾਲ ਟੇਬਲਟਾਕ ਕੀਤੀ ਜਾਵੇ।

**8 ਹਜਾਰ ਪੁਲਿਸ ਮੁਲਾਜਮਾਂ ਦੀ ਸੁਰੱਖਿਆ ਵਿਚ ਪੰਜਾਬ ਅੰਦਰ ਵਿਚਰਨਾ ਮਨੁੱਖਤਾ ਵਿਰੋਧੀ ਕਾਲੇ ਕਾਰਨਾਮਿਆ ਬਦੌਲਤ ਵੱਡਾ ਡਰ**

# ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਤੇਜ ਸਿੰਘ ਦੇ ਜਵਾਈ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟਾਉਣ ਪੁੱਜੇ ਸਿੱਧੂ



**ਤਲਵੰਡੀ ਸਾਬੋ, 03 ਫਰਵਰੀ (ਗੁਰਜੰਟ ਸਿੰਘ ਨਥੇਹਾ)**-ਪੰਥਕ ਹਲਕਿਆਂ ਚ ਸਤਿਕਾਰਿਤ ਸਖਸ਼ੀਅਤ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਗੁਰਤੇਜ ਸਿੰਘ ਜੋਧਪੁਰ ਦੇ ਜਵਾਈ ਨਿਰਪਾਲ ਸਿੰਘ ਦੇ ਬੀਤੇ ਦਿਨੀਂ ਅਕਾਲ ਚਲਾਣਾ ਕਰ ਜਾਣ ਤੇ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਦੁੱਖ ਪ੍ਰਗਟ ਕਰਨ ਲਈ ਅੱਜ ਜਥੇਦਾਰ ਗੁਰਤੇਜ ਸਿੰਘ ਦੇ ਨਿਵਾਸ ਪਿੰਡ ਜੋਧਪੁਰ ਪਾਖਰ ਪਹੁੰਚੇ।ਐਥੇ ਦੱਸਣਾ ਬਣਦਾ ਹੈ ਕਿ ਜਥੇਦਾਰ ਗੁਰਤੇਜ ਸਿੰਘ ਜੋਧਪੁਰ ਦਾ ਹਲਕਾ ਤਲਵੰਡੀ ਸਾਬੋ ਦੀ ਰਾਜਨੀਤੀ 'ਚ ਵੀ ਵਿਸ਼ੇਸ਼ ਸਨਮਾਨ ਰਿਹਾ ਹੈ ਅੱਜ ਜਥੇਦਾਰ ਜੋਧਪੁਰ ਦੇ ਪਰਿਵਾਰ ਨਾਲ ਦੁੱਖ ਦਾ ਇਜ਼ਹਾਰ ਕਰਦਿਆਂ ਸਾਬਕਾ ਵਿਧਾਇਕ ਸਿੱਧੂ ਨੇ ਨਿਰਪਾਲ ਸਿੰਘ ਦੇ ਅਕਾਲ ਚਲਾਣੇ ਨੂੰ ਸਮੁੱਚੇ ਪਰਿਵਾਰ ਲਈ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਉਨਾਂ ਕਿਹਾ ਕਿ ਇਸ ਦੁੱਖ ਦੀ ਘੜੀ ਚ ਅਸੀਂ ਸਿਰਫ ਅਰਦਾਸ ਕਰ ਸਕਦੇ ਹਾਂ ਕਿ ਅਕਾਲ ਪੁਰਖ ਵਿਛੜੀ ਰੂਹ ਨੂੰ ਆਪਣੇ ਚਰਨਾਂ ਚ ਨਿਵਾਸ ਬਖਸ਼ੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਰਾਜਿੰਦਰ ਸਿੰਘ ਜੋਧਪੁਰ ਸਾਬਕਾ ਪ੍ਰਧਾਨ ਬਲਾਕ ਕਾਂਗਰਸ, ਸੀਨੀਅਰ ਕਾਂਗਰਸੀ ਆਗੂ ਸੁਖਮੰਦਰ ਸਿੰਘ ਜੋਧਪੁਰ, ਅਮਰਜੀਤ ਸਿੰਘ ਚੀਮਾ ਨਿੱਜੀ ਸਹਾਇਕ ਸਿੱਧੂ ਤੋਂ ਇਲਾਵਾ ਵੱਡੀ ਗਿਣਤੀ ਮੁਹਤਬਰ ਮੌਜੂਦ ਸਨ।

# ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੀ ਬਜਟ ਇਜਲਾਸ ਵਿੱਚ ਸ਼ਾਮਿਲ ਹੋਣ ਦੀ ਪਟੀਸ਼ਨ ਖਾਰਿਜ ਹੋਣ ਸਬੰਧੀ ਖਬਰ ਝੂਠੀ : ਐਡਵੋਕੇਟ ਹਰਜੋਤ ਸਿੰਘ ਮਾਨ

## ਪੰਜਾਬ ਸਰਕਾਰ ਦੇ ਇਨਕਾਰ ਤੋਂ ਬਾਅਦ ਹੁਣ ਮਾਣਯੋਗ ਹਾਈਕੋਰਟ ਵਿੱਚ ਪਾਈ ਜਾਵੇਗੀ ਪਟੀਸ਼ਨ



**ਚੰਡੀਗੜ 03 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨ ਇੱਕ ਅਖ਼ਬਾਰ ਵਿੱਚ ਪ੍ਰਕਾਸ਼ਿਤ ਖ਼ਬਰ, ਜਿਸ ਵਿੱਚ ਇਹ ਦਾਅਵਾ ਕੀਤਾ ਗਿਆ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੀ ਬਜਟ ਇਜਲਾਸ ਵਿੱਚ ਸ਼ਾਮਿਲ ਹੋਣ ਸਬੰਧੀ ਪਟੀਸ਼ਨ ਖ਼ਾਰਜ ਕਰ ਦਿੱਤੀ ਗਈ ਹੈ, ਜੋਕਿ ਪੂਰੀ ਤਰ੍ਹਾਂ ਤੱਥਾਂ ਤੋਂ ਪਰੇ ਹੈ। ਅਸਲ ਵਿੱਚ ਮਾਣਯੋਗ ਹਾਈਕੋਰਟ ਵੱਲੋਂ ਇਸ ਮਾਮਲੇ ਵਿੱਚ ਕੋਈ ਅੰਤਿਮ ਫੈਸਲਾ ਨਹੀਂ ਸੁਣਾਇਆ ਗਿਆ ਅਤੇ ਪੰਜਾਬ ਸਰਕਾਰ ਵੱਲੋਂ ਖਾਰਿਜ ਕੀਤੀ ਦਰਖ਼ਾਸਤ ਤੋਂ ਬਾਅਦ ਮਾਣਯੋਗ ਹਾਈਕੋਰਟ ਵਿੱਚ ਪਟੀਸ਼ਨ ਪਾਉਣੀ ਅਜੇ ਬਾਕੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਪ੍ਰੈਸ ਨੋਟ ਰਾਹੀਂ ਪਾਰਟੀ ਦੇ ਮੁੱਖ ਬੁਲਾਰੇ ਅਤੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਕੇਸ ਦੀ ਪੈਰਵਾਈ ਕਰ ਰਹੇ ਐਡਵੋਕੇਟ ਹਰਜੋਤ ਸਿੰਘ ਮਾਨ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਣਯੋਗ ਹਾਈਕੋਰਟ ਨੇ ਇਕ ਐਪਲੀਕੇਸ਼ਨ ਦੇ ਅਧਾਰ ਤੇ ਪੰਜਾਬ ਦੇ ਗ੍ਰਹਿ ਵਿਭਾਗ ਨੂੰ ਇਸ ਮਾਮਲੇ ਵਿੱਚ ਆਪਣਾਂ ਫੈਸਲਾ ਦੇਣ ਲਈ ਇੱਕ ਹਫ਼ਤੇ ਦਾ ਸਮਾਂ ਦਿੱਤਾ ਸੀ। ਜਿਸਦੇ ਤਹਿਤ ਪੰਜਾਬ ਦੇ ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਵੱਲੋਂ ਜਵਾਬ ਦਿੰਦਿਆ ਇਸ ਦਰਖਾਸਤ ਨੂੰ ਖ਼ਾਰਿਜ ਕਰ ਦਿੱਤਾ ਗਿਆ ਹੈ, ਜਿਸ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਨੂੰ ਬਜਟ ਇਜਲਾਸ ਵਿੱਚ ਸ਼ਾਮਿਲ ਹੋਣ ਦੀ ਇਜਾਜ਼ਤ ਨਾਂ ਦੇਣ ਬਾਰੇ ਸਰਕਾਰ ਨੇ ਆਪਣਾਂ ਪੱਖ ਰੱਖਿਆ ਹੈ। ਐਡਵੋਕੇਟ ਮਾਨ ਨੇ ਇਹ ਸਪਸ਼ਟ ਕੀਤਾ ਕਿ ਸਿਰਫ਼ ਸਰਕਾਰ ਵੱਲੋਂ ਇਕ ਦਰਖਾਸਤ ਨੂੰ ਰੱਦ ਕਰਨਾਂ ਹੀ ਪਟੀਸ਼ਨ ਨੂੰ ਖਾਰਿਜ ਕਰਨਾਂ ਨਹੀਂ ਮੰਨਿਆ ਜਾ ਸਕਦਾ। ਹਕੀਕਤ ਇਹ ਹੈ ਕਿ ਹੁਣ ਸਰਕਾਰ ਦੇ ਇਸ ਦਰਖਾਸਤ ਨੂੰ ਰੱਦ ਕਰਨ ਉਪਰੰਤ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਸਰਕਾਰ ਦੇ ਇਸ ਫੈਸਲੇ ਦੇ ਵਿਰੁੱਧ ਆਪਣੇਂ ਵਕੀਲ ਰਾਹੀ ਮਾਣਯੋਗ ਹਾਈਕੋਰਟ ਵਿੱਚ ਪਟੀਸ਼ਨ ਪਾਉਣਾਂ ਅਜੇ ਬਾਕੀ ਹੈ ਜੋ ਬਜਟ ਸ਼ੈਸ਼ਨ ਦੇ ਪਹਿਲੇ ਚਰਮ ਦੀ ਸਮਾਪਤੀ 13 ਫਰਵਰੀ ਤੋਂ ਬਾਅਦ ਅਗਲੇ ਬਜਟ ਸ਼ੈਸ਼ਨ ਦੇ ਚਰਮ ( ਜੋ 09 ਮਾਰਚ ਤੋਂ 02 ਅਪ੍ਰੈਲ ਤੱਕ ਹੋਵੇਗਾ ) ਵਾਸਤੇ ਪਾਈ ਜਾਵੇਗੀ। ਇਸਤੇ ਵਿਸਥਾਰਿਤ ਜਾਣਕਾਰੀ ਦਿੰਦਿਆਂ ਐਡਵੋਕੇਟ ਹਰਜੋਤ ਸਿੰਘ ਮਾਨ ਨੇ ਮੀਡੀਆ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਅਜਿਹੇ ਸੰਵੇਦਨਸ਼ੀਲ ਮਾਮਲਿਆਂ ਵਿੱਚ ਖ਼ਬਰਾਂ ਪ੍ਰਕਾਸ਼ਿਤ ਕਰਨ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਜ਼ਰੂਰ ਕੀਤੀ ਜਾਵੇ, ਤਾਂ ਜੋ ਕਿਸੇ ਕਿਸਮ ਦੀ ਗਲਤਫ਼ਹਿਮੀ ਨਾਂ ਫੈਲੇ। ਉਹਨਾਂ ਕਿਹਾ ਕਿ ਪਾਰਲੀਮੈਂਟ ਦੇ ਮੈਂਬਰ ਹੋਣ ਦੇ ਨਾਤੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਬਜਟ ਇਜਲਾਸ ਵਿੱਚ ਸ਼ਾਮਿਲ ਹੋਣ ਦਾ ਸੰਵਿਧਾਨਕ ਹੱਕ ਹੈ ਅਤੇ ਪਾਰਟੀ ਨੂੰ ਨਿਆਂਪਾਲਿਕਾ 'ਤੇ ਪੂਰਾ ਭਰੋਸਾ ਹੈ ਕਿ ਮਾਣਯੋਗ ਅਦਾਲਤ ਇਸ ਮਾਮਲੇ ਵਿੱਚ ਨਿਰਪੱਖ ਅਤੇ ਕਾਨੂੰਨ ਅਨੁਸਾਰ ਫੈਸਲਾ ਦੇਵੇਗੀ।

# ਪੇਂਡੂ ਬੇਰੋਜ਼ਗਾਰ ਨੌਜਵਾਨਾ ਲਈ ਡੇਅਰੀ ਫਾਰਮਿੰਗ ਲਈ ਸਪੈਸ਼ਲ ਸਿਖਲਾਈ ਕੋਰਸ ਸ਼ੁਰੂ ਮਿਤੀ 09-02-2026 ਤੋਂ 20-02-2026 ਤੱਕ

**ਪਠਾਨਕੋਟ, 03 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਜਿਲ੍ਹਾ ਪਠਾਨਕੋਟ ਨਾਲ ਸਬੰਧਤ ਪੇਂਡੂ ਬੇਰੋਜ਼ਗਾਰ ਨੌਜਵਾਨ ਲੜਕੇ/ਲੜਕੀਆਂ ਲਈ ਡੇਅਰੀ ਸਿਖਲਾਈ ਕੋਰਸ ਮਿਤੀ 09-02-2026 ਤੋਂ 20-02-2026 ਤੱਕ ਦਫ਼ਤਰ ਜਿਲ੍ਹਾ ਰੋਜ਼ਗਾਰ, ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਮਲਿਕਪੁਰ, ਜਿਲ੍ਹਾ ਪਠਾਨਕੋਟ ਵਿਖੇ ਚਲਾਇਆ ਜਾ ਰਿਹਾ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆ ਸ਼੍ਰੀ ਕਸ਼ਮੀਰ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਪਠਾਨਕੋਟ ਜੀ ਨੇ ਦੱਸਿਆ ਕਿ ਖੇਤੀ ਵਿੱਚ ਵਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵੱਜੋਂ ਅਪਨਾਉਣ ਲਈ 2 ਹਫ਼ਤੇ ਦੀ ਡੇਅਰੀ ਸਿਖਲਾਈ ਕਰਵਾਈ ਜਾਣੀ ਹੈ । ਇਸ ਸਿਖਲਾਈ ਕੋਰਸ ਵਿੱਚ ਜਿਲ੍ਹਾ ਪਠਾਨਕੋਟ ਨਾਲ ਸਬੰਧਤ ਪੇਂਡੂ ਬੇਰੋਜ਼ਗਾਰ ਨੌਜਵਾਨ ਲੜਕੇ / ਲੜਕੀਆਂ ਜੋ ਘੱਟੋ-ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ । ਸਿਖਲਾਈ ਦੀ ਫੀਸ ਜਨਰਲ ਜਾਤੀ ਲਈ 1000/- ਰੁਪਏ ਅਤੇ ਅਨੁਸੂਚਿਤ ਜਾਤੀ ਲਈ 750/- ਰੁਪਏ ਹੈ, ਜੋ ਕਿ ਮਿਤੀ 09/02/2026 ਨੂੰ ਮੌਕੇ ਤੇ ਹੀ ਜਮ੍ਹਾ ਕਰਵਾਈ ਜਾਵੇਗੀ ਅਤੇ 2 ਹਫ਼ਤੇ ਦੀ ਸਫ਼ਲਤਾ ਪੂਰਵਕ ਸਿਖਲਾਈ ਲੈਣ ਉਪਰੰਤ ਸਿਖਿਆਰਥੀਆਂ ਨੂੰ ਵਿਭਾਗ ਵੱਲੋ ਇੱਕ ਸਰਟੀਫਿਕੇਟ ਵੀ ਦਿੱਤਾ ਜਾਵੇਗਾ, ਜਿਸ ਅਨੁਸਾਰ ਵੱਖ - ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2,5,10 ਅਤੇ 20 ਦੁਧਾਰੂ ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਿਤ ਕਰਕੇ 25% ਜਨਰਲ ਅਤੇ 33% ਅ:ਜਾਤੀ ਲਈ ਸਬਸਿਡੀ ਪ੍ਰਾਪਤ ਕਰ ਸਕਣਗੇ ।ਇਸ ਸਬੰਧੀ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਪਠਾਨਕੋਟ ਵਿਖੇ ਟ੍ਰੇਨਿੰਗ ਲੈਣ ਦੇ ਚਾਹਵਾਨ ਲੜਕੇ/ਲੜਕੀਆਂ ਆਪਣੇ ਅਸਲ ਯੋਗਤਾ ਸਰਟੀਫਿਕੇਟ, ਪਾਸਪੋਰਟ ਸਾਈਜ਼ ਫੋਟੋ, ਆਧਾਰ ਕਾਰਡ, ਪੈਨ ਕਾਰਡ ਲੈ ਕੇ ਮਿਤੀ 06/02/2026 ਤੋਂ ਪਹਿਲਾਂ ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਮਲਿਕਪੁਰ, ਦੂਜੀ ਮੰਜਿਲ, ਕਮਰਾ ਨੰ: 345-ਏ ਵਿਖੇ ਫਾਰਮ ਜਮ੍ਹਾ ਕਰਵਾ ਸਕਦੇ ਹਨ।

### ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ

# ਤਖਤ ਸ੍ਰੀ ਦਮਦਮਾ ਸਾਹਿਬ ਹੋਏ ਨਤਮਸਤਕ





**ਤਲਵੰਡੀ ਸਾਬੋ, 3 ਫਰਵਰੀ (ਗੁਰਜੰਟ ਸਿੰਘ ਨਥੇਹਾ)**-ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਅੱਜ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਏ।ਤਖਤ ਸਾਹਿਬ ਪੁੱਜਣ ਤੇ ਤਖਤ ਸਾਹਿਬ ਦੇ ਪ੍ਰਬੰਧਕਾਂ ਨੇ ਉਨਾਂ ਨੂੰ ਜੀ ਆਇਆਂ ਆਖਿਆ।ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਤਖਤ ਸਾਹਿਬ ਮੱਥਾ ਟੇਕ ਕੇ ਗੁਰਬਾਣੀ ਕੀਰਤਨ ਸ੍ਰਵਣ ਕੀਤਾ।ਤਖਤ ਸਾਹਿਬ ਵਿਖੇ ਪ੍ਰਬੰਧਕਾਂ ਵੱਲੋਂ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਉਨਾਂ ਦੇ ਨਾਲ ਮੌਜੂਦ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲ਼ਾ ਨੂੰ ਸਿਰੋਪਾਉ ਦੀ ਬਖਸ਼ਿਸ ਕੀਤੀ।ਬਾਅਦ ਚ ਗਿਆਨੀ ਕੁਲਦੀਪ ਸਿੰਘ ਨੇ ਸਿੱਖ ਕੌਮ ਦੇ ਮਹਾਨ ਯੋਧੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਤਪ ਅਸਥਾਨ ਭੌਰਾ ਸਾਹਿਬ ਦੇ ਦਰਸ਼ਨ ਦੀਦਾਰੇ ਕੀਤੇ। ਭੌਰਾ ਸਾਹਿਬ ਵਿਖੇ ਗਿਆਨੀ ਗੜਗੱਜ ਨੇ ਇੱਕ ਗੁਰਸਿੱਖ ਬੱਚੇ ਨੂੰ ਮਿਲਦਿਆਂ ਉਸਦੇ ਮਾਤਾ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਉਸਨੂੰ ਸਿੱਖ ਗੁਰੂਆਂ ਦੀ ਕੁਰਬਾਨੀਆਂ ਬਾਰੇ ਪੜਾਉਂਦੇ ਰਹਿਣ ਤਾਂਕਿ ਉਹ ਇਸੇ ਤਰ੍ਹਾਂ ਹਮੇਸ਼ਾ ਸਿੱਖੀ ਸਰੂਪ ਨਾਲ ਜੁੜਿਆ ਰਹੇ।ਜਥੇਦਾਰ ਅਕਾਲ ਤਖਤ ਸਾਹਿਬ ਨੇ ਇਸ ਮੌਕੇ ਪੱਤਰਕਾਰਾਂ ਨਾਲ ਕਿਸੇ ਕਿਸਮ ਦੀ ਗੱਲ ਕਰਨ ਤੋਂ ਇਨਕਾਰ ਕਰਦਿਆਂ ਕਿਹਾ ਕਿ ਉਹ ਮਾਲਵਾ ਖਿੱਤੇ ਦੇ ਇਸ ਇਲਾਕੇ ਚ ਇੱਕ ਸਮਾਗਮ ਚ ਹਾਜ਼ਰੀ ਭਰਨ ਆਏ ਸਨ ਤੇ ਤਖਤ ਸ੍ਰੀ ਦਮਦਮਾ ਸਾਹਿਬ ਸ਼ਰਧਾ ਵਜੋਂ ਨਤਮਸਤਕ ਹੋਣ ਆਏ ਹਨ।ਇਸ ਮੌਕੇ ਜਿੱਥੇ ਤਖਤ ਸਾਹਿਬ ਦੇ ਮੈਨੇਜ਼ਰ ਭਾਈ ਨਰਿੰਦਰਜੀਤ ਸਿੰਘ, ਵਧੀਕ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਮੌਜੂਦ ਸਨ ਉੱਥੇ ਦਮਦਮੀ ਟਕਸਾਲ ਦੇ ਪ੍ਰਚਾਰਕ ਵਜੋਂ ਜਾਣੇ ਜਾਂਦੇ ਜਥੇਦਾਰ ਪਿੱਪਲ ਸਿੰਘ ਵੀ ਮੌਜੂਦ ਨਜ਼ਰ ਆਏ।

### ਸੰਯੁਕਤ ਕਿਸਾਨ ਮੋਰਚਾ ਵਲੋਂ 4 ਫਰਵਰੀ ਤੋਂ 11 ਫਰਵਰੀ ਤੱਕ

# ਮੋਦੀ ਅਤੇ ਟਰੰਪ ਦੇ ਪੁਤਲੇ ਸਾੜਨ ਦੀ ਅਪੀਲ




ਨਵੀਂ ਦਿੱਲੀ 3 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸੰਯੁਕਤ ਕਿਸਾਨ ਮੋਰਚਾ ਅਮਰੀਕੀ ਸਾਮਰਾਜਵਾਦ ਦੇ ਦਬਾਅ ਅੱਗੇ ਝੁਕ ਕੇ, ਅਮਰੀਕੀ ਸਾਮਾਨ 'ਤੇ ਜ਼ੀਰੋ ਪ੍ਰਤੀਸ਼ਤ ਆਯਾਤ ਡਿਊਟੀ ਦੀ ਆਗਿਆ ਦੇ ਕੇ ਮੋਦੀ ਸਰਕਾਰ ਦੇ ਲੋਕਾਂ, ਖਾਸ ਕਰਕੇ ਕਿਸਾਨਾਂ ਨਾਲ ਵਿਸ਼ਵਾਸਘਾਤ ਦੀ ਸਖ਼ਤ ਨਿੰਦਾ ਕਰਦਾ ਹੈ। ਐਸਕੇਐਮ 15 ਅਗਸਤ, 2025 ਨੂੰ ਲਾਲ ਕਿਲ੍ਹੇ ਦੀ ਫ਼ਸੀਲ ਤੋਂ ਪ੍ਰਧਾਨ ਮੰਤਰੀ ਮੋਦੀ ਦੇ ਬਿਆਨ ਨੂੰ ਯਾਦ ਕਰਦਾ ਹੈ, ਕਿ ਉਹ "ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਲਈ ਨਿੱਜੀ ਤੌਰ 'ਤੇ ਭਾਰੀ ਕੀਮਤ ਅਦਾ ਕਰਨ ਲਈ ਤਿਆਰ ਸਨ।" ਅੱਜ, ਉਹੀ ਪ੍ਰਧਾਨ ਮੰਤਰੀ ਸ਼ਰਮਨਾਕ ਤੌਰ 'ਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਹੁਕਮਾਂ ਅੱਗੇ ਝੁਕ ਰਹੇ ਹਨ ਅਤੇ ਜ਼ੀਰੋ ਆਯਾਤ ਡਿਊਟੀਆਂ ਨੂੰ ਸਵੀਕਾਰ ਕਰ ਰਹੇ ਹਨ ਤਾਂ ਜੋ ਅਮਰੀਕੀ ਖੇਤੀਬਾੜੀ ਉਤਪਾਦ ਭਾਰਤੀ ਬਾਜ਼ਾਰ ਵਿੱਚ ਸੁਤੰਤਰ ਰੂਪ ਵਿੱਚ ਪ੍ਰਵਾਹ ਕਰ ਸਕਣ।ਕਿਸਾਨ ਇਸ "ਇਤਿਹਾਸਕ ਵਿਸ਼ਵਾਸਘਾਤ" ਲਈ ਮੋਦੀ ਨੂੰ ਕਦੇ ਮੁਆਫ ਨਹੀਂ ਕਰਨਗੇ।ਇਹ ਵਪਾਰ ਸਮਝੌਤਾ, ਜੋ ਭਾਰਤੀ ਬਾਜ਼ਾਰ ਨੂੰ ਬਹੁਤ ਜ਼ਿਆਦਾ ਸਬਸਿਡੀ ਵਾਲੇ ਅਮਰੀਕੀ ਖੇਤੀਬਾੜੀ ਉਤਪਾਦਾਂ ਨਾਲ ਭਰ ਦਿੰਦਾ ਹੈ, ਭਾਰਤ ਵਿੱਚ ਲੱਖਾਂ ਛੋਟੇ ਅਤੇ ਦਰਮਿਆਨੇ ਆਕਾਰ ਦੇ ਕਿਸਾਨਾਂ ਦੇ ਪਰਿਵਾਰਾਂ ਨੂੰ ਤਬਾਹ ਕਰ ਦੇਵੇਗਾ। ਹਾਲ ਹੀ ਵਿੱਚ 2024 ਦੇ ਇੱਕ ਸਰਵੇਖਣ ਦੇ ਅਨੁਸਾਰ, ਅਮਰੀਕਾ ਵਿੱਚ ਸਿਰਫ 1.88 ਮਿਲੀਅਨ ਕਿਸਾਨ ਹਨ, ਜਦੋਂ ਕਿ 2015 ਦੀ ਖੇਤੀਬਾੜੀ ਜਨਗਣਨਾ ਨੇ ਅੰਦਾਜ਼ਾ ਲਗਾਇਆ ਹੈ ਕਿ ਭਾਰਤ ਵਿੱਚ 146.5 ਮਿਲੀਅਨ ਕਾਰਜਸ਼ੀਲ ਹੋਲਡਿੰਗ ਹਨ। ਭਾਰਤ ਦੇ ਕਾਰਜਬਲ ਦਾ 48% ਅਤੇ ਇਸਦੀ ਆਬਾਦੀ ਦਾ 65% ਖੇਤੀਬਾੜੀ ਅਤੇ ਸਹਾਇਕ ਖੇਤਰਾਂ 'ਤੇ ਨਿਰਭਰ ਕਰਦਾ ਹੈ।ਅਮਰੀਕੀ ਖੇਤੀਬਾੜੀ ਸਕੱਤਰ ਬਰੂਕ ਰੋਲਿੰਸ ਦੇ ਅਨੁਸਾਰ, ਇਸ ਸਮਝੌਤੇ ਦੇ ਤਹਿਤ, ਅਮਰੀਕਾ "ਭਾਰਤ ਦੇ ਵਿਸ਼ਾਲ ਬਾਜ਼ਾਰ ਵਿੱਚ ਹੋਰ ਅਮਰੀਕੀ ਖੇਤੀਬਾੜੀ ਉਤਪਾਦਾਂ ਦਾ ਨਿਰਯਾਤ ਕਰੇਗਾ, ਕੀਮਤਾਂ ਵਧਾਏਗਾ ਅਤੇ ਪੇਂਡੂ ਅਮਰੀਕਾ ਵਿੱਚ ਨਕਦੀ ਲਿਆਏਗਾ," ਜੋ ਭਾਰਤ ਨਾਲ ਅਮਰੀਕਾ ਦੇ £1.3 ਬਿਲੀਅਨ ਖੇਤੀਬਾੜੀ ਵਪਾਰ ਘਾਟੇ ਨੂੰ ਘਟਾਉਣ ਵਿੱਚ ਮਦਦ ਕਰੇਗਾ। ਜਿੱਥੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਅਮਰੀਕਾ ਦੀ ਪੇਂਡੂ ਅਰਥਵਿਵਸਥਾ ਦੀ ਰੱਖਿਆ ਕਰ ਰਹੇ ਹਨ, ਉੱਥੇ ਇਹ ਸ਼ਰਮਨਾਕ ਹੈ ਕਿ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਦੀ ਪੇਂਡੂ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਤੋੜਨ ਲਈ ਆਤਮ ਸਮਰਪਣ ਕਰ ਦਿੱਤਾ ਹੈ।ਐਸਕੇਐਮ ਨੇ 4 ਫਰਵਰੀ ਤੋਂ 11 ਫਰਵਰੀ ਤੱਕ ਮੋਦੀ ਸਰਕਾਰ ਵਿਰੁੱਧ ਪਿੰਡ-ਪਿੰਡ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ ਹੈ, ਜਿਸ ਵਿੱਚ ਨਰਿੰਦਰ ਮੋਦੀ ਅਤੇ ਡੋਨਾਲਡ ਟਰੰਪ ਦੋਵਾਂ ਦੇ ਪੁਤਲੇ ਸਾੜੇ ਜਾਣਗੇ, ਅਤੇ 12 ਫਰਵਰੀ ਨੂੰ ਐਲਾਨੀ ਗਈ ਆਮ ਹੜਤਾਲ ਨੂੰ ਸਫਲ ਬਣਾਉਣ ਲਈ ਤਹਿਸੀਲ ਅਤੇ ਸ਼ਹਿਰੀ ਕੇਂਦਰਾਂ ਵਿੱਚ ਵਿਸ਼ਾਲ ਜਨਤਕ ਪ੍ਰਦਰਸ਼ਨ ਕੀਤੇ ਜਾਣਗੇ।

> ☛ ਮੋਦੀ ਸਰਕਾਰ ਦੇ ਸਾਮਰਾਜਵਾਦ ਅੱਗੇ ਪੂਰੀ ਤਰ੍ਹਾਂ ਸਮਰਪਣ ਦੀ ਸਖ਼ਤ ਨਿੰਦਾ ☛ ਅਮਰੀਕਾ ਨਾਲ ਵਪਾਰ ਸਮਝੌਤਾ ਭਾਰਤੀ ਕਿਸਾਨਾਂ ਨੂੰ ਕਰ ਦੇਵੇਗਾ ਤਬਾਹ

## 8 ਹਜਾਰ ਪੁਲਿਸ ਮੁਲਾਜਮਾਂ ਦੀ ਸੁਰੱਖਿਆ ਵਿਚ ਪੰਜਾਬ ਅੰਦਰ ਵਿਚਰਨਾ ਮਨੁੱਖਤਾ ਵਿਰੋਧੀ ਕਾਲੇ ਕਾਰਨਾਮਿਆ ਬਦੌਲਤ ਵੱਡਾ ਡਰ

### 328 ਪਾਵਨ ਸਰੂਪਾਂ 'ਚ ਲੋੜੀਂਦਾ ਦੋਸ਼ੀ ਜਸਪ੍ਰੀਤ ਸਿੰਘ ਪਿਛਲੇ 10 ਸਾਲਾਂ ਤੋਂ ਪੁਲਿਸ ਦੀ ਪਕੜ ਤੋਂ ਬਾਹਰ: ਇੰਦਰਜੀਤ ਸਿੰਘ ਉਦਾਸੀਨ

**ਚੌਕ ਮਹਿਤਾ, 3 ਫ਼ਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਇੰਦਰਜੀਤ ਸਿੰਘ ਉਦਾਸੀਨ ਨੇ ਦੱਸਿਆ ਕਿ 328 ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪਾਂ ਦੇ ਸਬੰਧ ਵਿੱਚ ਇੱਕ ਮੁਕਦਮਾ 2016 ਦੇ ਵਿੱਚ 0168 ਨੰਬਰ ਦਰਜ ਕੀਤਾ ਗਿਆ ਸੀ ਥਾਣਾ ਸੀ ਡਵੀਜ਼ਨ ਅੰਮ੍ਰਿਤਸਰ ਵਿੱਖੇ ਜਿਸ ਵਿੱਚ ਪਿਛਲੇ ਦਿਨੀ ਮਾਨਯੋਗ ਹਾਈਕੋਰਟ ਨੀ ਅਪਰਾਧੀ ਕੋਹਲੀ ਦੀ ਜਮਾਨਤ ਨੂੰ ਖਾਰਜ ਕਰ ਦਿੱਤਾ ਜੋ ਕਿ ਬਹੁਤ ਹੀ ਸਲਾਘਾਯੋਗ ਕਦਮ ਹੈ ਲੇਕਿਨ ਇੱਥੇ ਧਿਆਨ ਦੇਣ ਯੋਗ ਗੱਲ ਹੈ ਕੀ ਇਸ ਵਿੱਚ 13 ਨੰਬਰ ਅਪਰਾਧੀ ਜਸਪ੍ਰੀਤ ਸਿੰਘ ਹਾਲੇ ਵੀ ਪੁਲਿਸ ਦੀ ਪਕੜ ਤੋਂ ਬਾਹਰ ਹੈ ਜੋ ਕਿ ਆਮ ਆਦਮੀ ਪਾਰਟੀ ਦਾ ਪਲਾਨਿੰਗ ਬੋਰਡ ਦਾ ਚੇਅਰਮੈਨ ਸੀ ਅਤੇ ਅੰਮ੍ਰਿਤਸਰ ਸ਼ਹਿਰੀ ਦਾ ਸਾਬਕਾ ਜ਼ਿਲ੍ਹਾ ਪ੍ਰਧਾਨ ਰਹਿ ਚੁੱਕਾ ਹੈ। ਹੁਣ ਇੱਥੇ ਸਵਾਲ ਉੱਠਦਾ ਹੈ ਕਿ ਉਸ ਦਾ ਹਾਲੇ ਤੱਕ ਪੁਲਿਸ ਦੀ ਪਕੜ ਵਿੱਚ ਨਾ ਆਉਣਾ ਬੜਾ ਹੀ ਹੈਰਾਨੀਜਨਕ ਹੈ 2016 ਤੋਂ ਲੈ ਕੇ 2026 ਤੱਕ ਜਿੱਥੇ ਉਹ ਵੱਖ-ਵੱਖ ਸਿਆਸੀ ਪ੍ਰੋਗਰਾਮਾਂ ਦੇ ਵਿੱਚ ਸ਼ਾਮਿਲ ਹੁੰਦਾ ਰਿਹਾ ਅਤੇ ਸਰੇਆਮ ਆਮ ਆਦਮੀ ਪਾਰਟੀ ਦੇ ਮੌਜੂਦਾ ਲੀਡਰਾਂ ਅਤੇ ਮੌਜੂਦਾ ਮੰਤਰੀ ਦੇ ਨਾਲ ਕਾਫ਼ੀ ਨੇੜਤਾ ਰੱਖਦਾ ਸੀ ਜਾਂ ਹੋਰ ਵੀ ਉੱਘੇ ਹੋਏ ਲੀਡਰਾਂ ਦੇ ਨਾਲ ਦੇ ਨਾਲ ਫੋਟੋ ਖਿੱਚਵਾ ਕੇ ਆਪਣੀ ਸੋਸ਼ਲ ਮੀਡੀਆ ਤੇ ਪਾਉਂਦਾ ਰਿਹਾ ਹੈਰਾਨੀਜਨਕ ਹੈ ਕਿ ਉਹ ਪੁਲਿਸ ਦੀ ਪਕੜ ਤੋਂ ਬਾਹਰ ਕਿਉਂ ਰਿਹਾ ਇੱਕ ਲੋੜੀਂਦਾ ਅਪਰਾਧੀ ਨੂੰ ਆਮ ਆਦਮੀ ਪਾਰਟੀ ਵੱਖ ਵੱਖ ਅਹੁਦਿਆਂ ਨਾਲ ਨਵਾਜ਼ਦੀ ਰਹੀ ਹੈ।ਉਸ ਤੋਂ ਹੈਰਾਨੀ ਗੱਲ ਇਹ ਹੈ ਕਿ 2016 ਤੋਂ ਲੈ ਕੇ 2026 ਤੱਕ ਇਹ ਇਨਸਾਨ ਵੱਖ-ਵੱਖ ਅਹੁਦਿਆਂ ਤੇ ਰਹਿੰਦਿਆਂ ਹੋਇਆ ਫੋਟੋਆਂ ਖਿਚਵਾ ਕੇ ਸੋਸ਼ਲ ਮੀਡੀਆ ਤੇ ਅਪਲੋਡ ਕਰਦਾ ਰਿਹਾ ਅਤੇ ਪੁਲਿਸ ਨੂੰ ਇਹ ਵੀ ਨਹੀਂ ਪਤਾ ਲੱਗਾ ਕਿ ਇਹ ਬੰਦਾ ਇੱਕ ਅਪਰਾਧੀ ਹੈ ਲੋੜੀਂਦਾ ਹੈ 328 ਪਾਵਨ ਸਰੂਪਾਂ ਦੇ ਮੁਕੱਦਮੇ ਵਿੱਚ ਜਾਨ ਬੁੱਝ ਕੇ ਸਿਆਸੀ ਦਬਾਅ ਹੇਠ ਪੁਲਿਸ ਨੇ ਇਸ ਨੂੰ ਗ੍ਰਿਫਤਾਰ ਨਹੀਂ ਕੀਤਾ ਜਿੱਥੇ ਰੋਜ਼ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਐਨਕਾਊਂਟਰ ਕਰ ਰਹੇ ਹਨ ਜਾਂ ਹੋਰ ਵੀ ਛਾਪੇ ਮਾਰ ਕੇ ਨਸ਼ੇ ਦੀ ਫੜ ਕਰ ਰਹੇ ਹਨ ਲੇਕਿਨ ਇੱਥੇ ਉਹਨਾਂ ਦਾ ਇੰਟੈਲੀਜੰਸ ਕੰਮ ਕਿਉਂ ਨਹੀਂ ਕਰ ਰਹਿ ਜਾਂ ਜਾਣ ਬੁੱਝ ਕੇ ਭਗਵੰਤ ਮਾਨ ਸਰਕਾਰ ਆਪਣੇ ਵਰਕਰ ਨੂੰ ਸਿਆਸੀ ਦਬਾਅ ਹੇਠ ਬਚਾ ਰਹੀ ਹੈ ਹੈ ਔਰ ਸਿੱਖ ਭਾਵਨਾਵਾਂ ਨਾਲ ਖਿਲਵਾੜ ਕਰ ਰਹੀ ਹੈ ਜਸਪ੍ਰੀਤ ਸਿੰਘ ਜਿਲਤਕਾਰ ਦਾ ਫੜ੍ਹਿਆ ਜਾਣਾ ਬਹੁਤ ਜਰੂਰੀ ਹੈ ਕਿਉਂਕਿ ਇਸ ਲਈ ਸਮੂਹ ਸਿੱਖ ਜਥੇਬੰਦੀਆਂ ਪਿੱਛਲੇ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੀਆਂ ਹਨ ਸ੍ਰੀ ਗੁਰੂ ਗ੍ਰੰਥ ਸਾਹਿਬ 328 ਸਰੂਪਾਂ ਦੇ ਮਸਲੇ ਦੇ ਵਿੱਚ ਭਗਵੰਤ ਮਾਨ ਸਰਕਾਰ ਨੂੰ ਐਕਸ਼ਨ ਲੈ ਕੇ ਆਪਣਾ ਸਟੈਂਡ ਸਪਸ਼ਟ ਕਰਨਾ ਚਾਹੀਦਾ ਕਿਉਂਕਿ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਉਣ ਤੋਂ ਪਹਿਲਾਂ ਉਹਨਾਂ ਨੇ ਬਹੁਤ ਵੱਡੀਆਂ ਵੱਡੀਆਂ ਗੱਲਾਂ ਕੀਤੀਆਂ ਸਨ ਕਿ ਅਸੀਂ 328 ਸਰੂਪਾਂ ਦੇ ਮਸਲੇ ਦੇ ਵਿੱਚ ਇਰ ਐਸਆਈਟੀ ਬਣਾ ਕੇ ਇਸ ਨੂੰ ਹੱਲ ਕਰਾਂਗੇ ਔਰ ਅਪਰਾਧੀਆਂ ਨੂੰ ਸਲਾਖਾਂ ਦੇ ਪਿੱਛੇ ਲੈ ਕੇ ਜਾਵਾਂਗੇ ਜੋ ਕਿ ਇਹ ਬਿਆਨ ਬਿਆਨਹੀ ਬਣ ਕੇ ਰਹਿ ਗਏ ਜਸਪ੍ਰੀਤ ਸਿੰਘ ਅਪਰਾਧੀ 13 ਨੰਬਰ ਮੰਤਰੀਆਂ ਦੀ ਸ਼ਿਹ ਦੇ ਉੱਤੇ ਆਜ਼ਾਦ ਘੁੰਮ ਰਿਹਾ ਹੈ ਪੁਲਿਸ ਪ੍ਰਸ਼ਾਸਨ ਵਲੋਂ ਉਸ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਨਾ ਚਾਹੀਦਾ ਅਤੇ ਸਿੱਖ ਕੌਮ ਨੂੰ ਇਨਸਾਫ ਦਵਾਉਣਾ ਚਾਹੀਦਾ





## ਔਨਲਾਈਨ ਧੋਖਾਧੜੀ ਤੋਂ ਬਚਾਉਣ ਲਈ ਔਰਤਾਂ ਨੂੰ ਜਾਗਰੂਕ ਹੋਣ ਦੀ ਸਖ਼ਤ ਲੋੜ - ਪਰਮਜੀਤ ਸਿੰਘ ਪੰਮਾ

### ਔਂਗਰੀ ਮੈਨ ਪੰਮਾ ਨੇ ਸੁਰੀਤ ਈਵੈਂਟਸ ਦੀ ਤੀਜੀ ਸ਼ਾਖਾ ਦਾ ਉਦਘਾਟਨ ਕੀਤਾ

ਨਵੀਂ ਦਿੱਲੀ 3 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸੁਰੀਤ ਈਵੈਂਟਸ ਫਾਊਂਡੇਸ਼ਨ ਟਰੱਸਟ ਦੀ ਤੀਜੀ ਸ਼ਾਖਾ ਦਾ ਉਦਘਾਟਨ ਮੁੱਖ ਮਹਿਮਾਨ, ਨੈਸ਼ਨਲ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਦੁਆਰਾ ਕੀਤਾ ਗਿਆ। ਇਸ ਬਾਰੇ ਜਾਣਕਾਰੀ ਦੇਂਦਿਆ ਟ੍ਰਸਟ ਦੇ ਪ੍ਰਧਾਨ ਰਸ਼ਮੀਤ ਕੌਰ ਬਿੰਦਰਾ ਨੇ ਦਸਿਆ ਇਹ ਸ਼ਾਖਾ ਦਿੱਲੀ ਦੇ ਮੋਤੀ ਨਗਰ ਦੇ ਸੁਦਰਸ਼ਨ ਪਾਰਕ ਵਿੱਚ ਖੋਲ੍ਹੀ ਗਈ ਹੈ ਅਤੇ ਇਸਨੂੰ ਰਿਦਮ ਚੱਢਾ ਦੀ ਨਿਗਰਾਨੀ ਹੇਠ ਚਲਾਇਆ ਜਾਵੇਗਾ, ਜੋ ਸੂਬਾ ਪ੍ਰਧਾਨ ਅਤੇ ਰਾਸ਼ਟਰੀ ਬ੍ਰਾਂਡ ਅੰਬੈਸਡਰ ਬਣੇ ਹਨ । ਇਸ ਮੌਕੇ ਨੈਸ਼ਨਲ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਔਰਤਾਂ ਨੂੰ ਔਨਲਾਈਨ ਧੋਖਾਧੜੀ ਤੋਂ ਬਚਾਉਣ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾਣੀ ਚਾਹੀਦੀ ਹੈ। ਇਸ ਮੁਹਿੰਮ ਦਾ ਉਦੇਸ਼ ਔਰਤਾਂ ਵਿੱਚ ਔਨਲਾਈਨ ਸੁਰੱਖਿਆ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਸਾਈਬਰ ਅਪਰਾਧ ਤੋਂ ਆਪਣੇ ਆਪ ਨੂੰ ਬਚਾਉਣ ਲਈ ਲੋੜੀਂਦੀ ਜਾਣਕਾਰੀ ਪ੍ਰਦਾਨ ਕਰਨਾ ਹੈ।




ਪੰਮਾ ਨੇ ਕਿਹਾ ਕਿ ਔਰਤਾਂ ਨੂੰ ਔਨਲਾਈਨ ਧੋਖਾਧੜੀ ਦੇ ਤਰੀਕਿਆਂ ਤੋਂ ਜਾਣੂ ਕਰਵਾਉਣ ਨਾਲ ਉਨ੍ਹਾਂ ਨੂੰ ਸਾਈਬਰ ਸੁਰੱਖਿਆ ਲਈ ਜ਼ਰੂਰੀ ਜਾਣਕਾਰੀ ਮਿਲੇਗੀ। ਰਸ਼ਮੀਤ ਕੌਰ ਬਿੰਦਰਾ ਨੇ ਦੱਸਿਆ ਕਿ ਸੁਰੀਤ ਈਵੈਂਟਸ ਫਾਊਂਡੇਸ਼ਨ ਟਰੱਸਟ ਝੁੱਗੀ-ਝੌਂਪੜੀ ਵਾਲੇ ਇਲਾਕਿਆਂ ਲਈ ਕੰਮ ਕਰਦਾ ਹੈ, ਸ਼ਖਸੀਅਤ ਵਿਕਾਸ, ਪੌਸ਼ਟਿਕ ਭੋਜਨ, ਮੁਫ਼ਤ ਸਿੱਖਿਆ, ਡਾਕਟਰੀ ਸਹੂਲਤਾਂ, ਸੈਨੇਟਰੀ ਨੈਪਕਿਨ, ਕੱਪੜੇ, ਤਿਉਹਾਰ, ਬੱਚਿਆਂ ਦੇ ਜਨਮਦਿਨ ਅਤੇ ਬੱਚਿਆਂ ਨੂੰ ਸਾਰੀਆਂ ਜ਼ਰੂਰੀ ਚੀਜ਼ਾਂ ਪ੍ਰਦਾਨ ਕਰਦਾ ਹੈ। ਰਿਦਮ ਚੱਢਾ ਦੇ ਕੰਮ ਨੂੰ ਦੇਖਦਿਆਂ, ਰਸ਼ਮੀਤ ਕੌਰ ਬਿੰਦਰਾ ਨੇ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ। ਸੁਰੀਤ ਈਵੈਂਟਸ ਦੀ ਤੀਜੀ ਸ਼ਾਖਾ ਦਾ ਉਦਘਾਟਨ ਹੀਰਾ ਸਵੀਟਸ, ਜਨਕਪੁਰੀ ਵਿਖੇ ਹੋਇਆ। ਮੁੱਖ ਮਹਿਮਾਨ ਪਰਮਜੀਤ ਸਿੰਘ ਪੰਮਾ ਪ੍ਰਧਾਨ, ਨੈਸ਼ਨਲ ਅਕਾਲੀ ਦਲ, ਮਸ਼ਹੂਰ ਮਹਿਮਾਨ ਬਾਲੀਵੁੱਡ ਗਾਇਕ ਅਤੇ ਨਿਰਦੇਸ਼ਕ ਆਸ਼ੂ ਪੰਜਾਬੀ, ਵੀਆਈਪੀ ਵਿਸ਼ੇਸ਼ ਮਹਿਮਾਨ ਆਈਕੋਨਿਕ ਕਾਰੋਬਾਰੀ (ਯੂਕੇ) ਸੁਖਵਿੰਦਰ ਸਿੰਘ, ਵਿਸ਼ੇਸ਼ ਮਹਿਮਾਨ ਰਾਸ਼ਟਰੀ ਪ੍ਰਧਾਨ ਮਹਿਲਾ ਵਿੰਗ, ਨੈਸ਼ਨਲ ਅਕਾਲੀ ਦਲ ਭਾਵਨਾ ਧਵਨ ਇਸ ਮੌਕੇ ਹਾਜਿਰ ਸਨ । ਟ੍ਰਸਟ ਦੇ ਸੰਸਥਾਪਕ ਰਸ਼ਮੀਤ ਕੌਰ ਬਿੰਦਰਾ, ਮਿਸ਼ਨ ਦੀ ਬ੍ਰਾਂਡ ਅੰਬੈਸਡਰ ਸਰਬਜੀਤ ਕੌਰ, ਸੀਨੀਅਰ ਏਰੀਆ ਪ੍ਰਧਾਨ ਡਾ. ਨੈਨਸੀ ਚੋਪੜਾ ਅਤੇ ਸੁਨੀਤਾ ਅਰੋੜਾ ਨੇ ਮੌਜੂਦ ਸਾਰੇ ਮੈਂਬਰਾਂ ਦਾ ਸਵਾਗਤ ਕੀਤਾ। ਇਸ ਮੌਕੇ ਹਰਸ਼ਿਤਾ ਦਵਾਰ, ਭੂਮਿਕਾ, ਸਮਾਇਰਾ ਚੱਢਾ, ਰੀਤ ਕੌਰ, ਪਿੰਕੀ, ਪ੍ਰਾਚੀ, ਰਾਮਪਿਆਰੀ, ਦਵਿੰਦਰ ਸਿੰਘ, ਸਰਬਜੀਤ ਕੌਰ, ਮੇਕਓਵਰ ਸਰਿਤਾ, ਆਰਜੇ ਮਲਿਕਾ ਮਹਿਨ, ਡਾ: ਲਲਿਤਾ ਸਮੇਤ ਸਾਰੇ ਮਹਿਮਾਨਾਂ ਨੇ ਪ੍ਰੋਗਰਾਮ ਵਿਚ ਸ਼ਿਰਕਤ ਕੀਤੀ ।

### ਬਿਕਰਮ ਮਜੀਠੀਆ ਜਮਾਨਤ ਬੇਲ 'ਤੇ ਪਿੰਡ ਬੱਗੇ ਦੀ ਖੁਸ਼ੀ ਦੀ ਲਹਿਰ

# ਲਾਭ ਸਿੰਘ ਬੱਗਾ ਵੱਲੋਂ ਵੰਡੇ ਕੇ ਲੱਡੂ ਅਸਤਵਾਦੀ ਚਲਾ ਕੇ ਭੰਗੜੇ ਪਾ ਕੇ ਖੁਸ਼ੀ



**ਚੌਕ ਮਹਿਤਾ, 2 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਅਤੇ ਮਾਝੇ ਦੇ ਜਰਨੈਲ ਬਿਕਰਮ ਸਿੰਘ ਮਜੀਠੀਆ ਨੂੰ ਅੱਜ ਜਮਾਨਤ ਮਿਲਣ ਤੇ ਪਿੰਡ ਬੱਗਾ ਵਿਖੇ ਸਾਬਕਾ ਕੈਬਨਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਨਜ਼ਦੀਕੀ ਸਾਥੀ ਲਾਭ ਸਿੰਘ ਬੱਗਾ ਵੱਲੋਂ ਉਹਨਾਂ ਦੀ ਜਮਾਨਤ ਮਿਲਣ ਤੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ ਅਤੇ ਪਿੰਡ ਵਿੱਚ ਅਸਤਬਾਜੀ ਚਲਾ ਕੇ ਲੱਡੂ ਵੰਡੇ ਗਏ ਅਤੇ ਢੋਲ ਦੇ ਡੱਗੇ ਤੇ ਭੰਗੜੇ ਪਾਏ ਗਏ ਇਸ ਮੌਕੇ ਲਾਭ ਸਿੰਘ ਬੱਗਾ ਨੇ ਕਿਹਾ ਕਿ ਬਿਕਰਮ ਸਿੰਘ ਮਜੀਠੀਏ ਨੂੰ ਸਿਆਸੀ ਦਬਾਅ ਹੇਠ ਸੱਤ ਮਹੀਨੇ ਦੇ ਲਗਭਗ ਜੇਲ ਵਿੱਚ ਰੱਖਿਆ ਗਿਆ ਅਤੇ ਉਹਨਾਂ ਤੇ ਝੂਠੇ ਕੇਸ ਪਾ ਕੇ ਸ਼੍ਰੋਮਣੀ ਅਕਾਲੀ ਦਲ ਅਤੇ ਮਜੀਠੀਏ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਗਈ ਜੋ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਉਹਨਾਂ ਕਿਹਾ ਕਿ 2027 ਵਿੱਚ ਮੈਂ ਤੈਨੂੰ ਲੋਕ ਬਿਕਰਮ ਸਿੰਘ ਮਜੀਠੀਏ ਤੇ ਹੋਏ ਝੂਠੇ ਪਰਚਿਆਂ ਦਾ ਜਵਾਬ ਦੇਣਗੇ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣਗੇ ਇਸ ਮੌਕੇ ਉਹਨਾਂ ਦੇ ਨਾਲ ਸਾਬਕਾ ਸਰਪੰਚ ਕਰਮ ਸਿੰਘ ਕਸ਼ਮੀਰ ਸਿੰਘ ਹਰਦੇਵ ਸਿੰਘ ਜੋਗਾ ਸਿੰਘ ਬਾਬਾ ਮਲਕੀਤ ਸਿੰਘ ਬਾਬਾ ਬਲਜੀਤ ਸਿੰਘ ਰਣਜੀਤ ਸਿੰਘ ਨੰਬਰਦਾਰ ਗੁਰਜੀਤ ਸਿੰਘ ਚਤਰ ਸਿੰਘ ਆਦ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

### ਸ਼੍ਰੋਮਣੀ ਅਕਾਲੀ ਦਲ ਵੱਲੋਂ 'ਮੈਨੂੰ ਮਾਣ ਅਕਾਲੀ ਹੋਣ ਦਾ' ਲਹਿਰ ਦਾ ਰਸਮੀ ਅਗਾਜ਼

# ਪਾਰਟੀ ਵਰਕਰ ਸੰਗਠਨ ਰੂਪ 'ਚ ਕੰਮ ਕਰਨ : ਐੱਸ ਆਰ ਕਲੇਰ



ਜਗਰਾਉ (ਵਰਿਆਮ ਹਠੂਰ) ਅੱਜ ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪਾਰਟੀ ਵਰਕਰਾਂ ਨੂੰ ਪ੍ਰਚਾਰ ਮੁਹਿੰਮ ਤੇਜ ਕਰਨ ਅਤੇ ਪਾਰਟੀ ਦੀ ਮਜਬੂਤੀ ਲਈ ਕੰਮ ਕਰਨ ਲਈ ਹੋਈ ਇਕ ਬੈਠਕ ਦੌਰਾਨ ਹਲਕਾ ਇੰਚਾਰਜ ਅਤੇ ਕੋਰ ਕਮੇਟੀ ਮੈਂਬਰ ਐੱਸ ਆਰ ਕਲੇਰ ਨੇ ਪਾਰਟੀ ਵਰਕਰਾਂ ਸੰਗਠਨ ਰੂਪ 'ਚ ਕੰਮ ਕਰਨ ਦਾ ਸੱਦਾ ਦਿੱਤਾ। ਸ੍ਰੀ ਕਲੇਰ ਨੇ ਆਖਿਆ ਕਿ ਸ੍ਰੋਮਣੀ ਅਕਾਲੀ ਦਲ ਪੰਥ, ਪੰਜਾਬ ਤੇ ਪੰਜਾਬੀਆਂ ਦੀ ਆਪਣੀ ਖੇਤਰੀ ਪਾਰਟੀ ਹੈ ਜਿਸਨੇ ਹਮੇਸ਼ਾਂ ਹੀ ਪੰਜਾਬ ਦੇ ਹੱਕਾਂ ਦੀ ਲੜਾਈ ਲੜੀ ਹੈ। ਸ੍ਰੀ ਕਲੇਰ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਨਿਆਰੇ ਤੇ ਸ਼ਾਨਾਮੱਤੇ ਇਤਿਹਾਸ ਅਤੇ ਵਿਰਸੇ ਉਤੇ ਹਰ ਪੰਜਾਬੀ ਮਾਣ ਕਰਦਾ ਆਇਆ ਹੈ, ਕਰਦਾ ਹੈ ਤੇ ਹਮੇਸ਼ਾ ਕਰਦਾ ਰਹੇਗਾ। ਇਸ ਮੌਕੇ ਉਨ੍ਹਾਂ " ਪਰਾਊਡ ਟੂ ਬੀ ਅਕਾਲੀ " ਲਹਿਰ ਦਾ ਆਗਾਜ਼ ਕਰਦਿਆਂ ਆਖਿਆ ਕਿ ਇਹ ਲਹਿਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਚਾਰ ਅਤੇ ਪਾਸਾਰ ਲਈ ਅਹਿਮ ਰੋਲ ਅਦਾ ਕਰੇਗੀ। ਇਸ ਮੌਕੇ ਪਾਰਟੀ ਵਰਕਰਾਂ ਦੇ ਨਿੱਜੀ ਵਾਹਨਾਂ 'ਤੇ 'ਮੈਨੂੰ ਮਾਣ ਅਕਾਲੀ ਹੋਣ ਦਾ' ਦੇ ਸਟਿੱਕਰ ਲਾ ਕੇ ਇਸ ਲਹਿਰ ਦੀ ਸ਼ੁਰੂਆਤ ਕੀਤੀ। ਇਸ ਮੌਕੇ ਵਾਰਟੀ ਵਰਕਰਾਂ ਵਲੋਂ ਇਸ ਮੁਹਿੰਮ ਨੂੰ ਹਲਕੇ ਦੇ ਸ਼ਹਿਰ, ਪਿੰਡ, ਮੁਹੱਲੇ ਤੇ ਘਰ-ਘਰ ਤੱਕ ਲਿਜਾਣ ਦਾ ਸੰਕਲਪ ਦ੍ਰਿੜ ਕੀਤਾ । ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਚਰਨ ਸਿੰਘ ਗਰੇਵਾਲ , ਸਰਕਲ ਪ੍ਰਧਾਨ ਸ਼ਿਵਰਾਜ ਸਿੰਘ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਨੰਬਰਦਾਰ ਸਤਨਾਮ ਸਿੰਘ ਬੱਸੂਵਾਲ, ਆਈ ਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਐਸ ਸੀ ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ਼ ਕੁਲਾਰਾਂ, ਸਾਬਕਾ ਸਰਪੰਚ ਸਰਪੰਚ ਸੁਰਿੰਦਰ ਸਿੰਘ ਪਰਜੀਆ ਬਿਹਾਰੀਪੁਰ, ਯੂਥ ਆਗੂ ਗੁਰਮੁੱਖ ਸਿੰਘ ਬੱਸੂਵਾਲ, ਆਗੂ ਮਨਦੀਪ ਸਿੰਘ ਭੰਮੀਪੁਰਾ, ਜਸਵੰਤ ਸਿੰਘ ਪੱਤੀ ਮੁਲਤਾਨੀ, ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਸਿੰਘ ਬਿੱਟੂ ਲੰਮੇ, ਸਰਪੰਚ ਪਰਮਿੰਦਰ ਸਿੰਘ ਕੋਠੇ ਫਤਿਹਦੀਨ, ਪ੍ਰਧਾਨ ਜਸਵੰਤ ਸਿੰਘ ਕੋਠੇ ਖੰਜੂਰਾਂ, ਬਲਵੰਤ ਸਿੰਘ ਬਾਦਲ ਹਠੂਰ, ਪ੍ਰਧਾਨ ਪਰਮਿੰਦਰ ਸਿੰਘ ਕੰਬੋ, ਪ੍ਰਧਾਨ ਸੁਖਮੰਦਰ ਸਿੰਘ ਮਾਣੂੰਕੇ, ਸਾਬਕਾ ਪੰਚ ਸਾਧੂ ਸਿੰਘ ਮਾਣੂੰਕੇ, ਸੱਤੀ ਗਗੜਾ ਤੇ ਹੋਰ ਹਾਜ਼ਰ।

### ਭਾਰਤੀ ਕਿਸਾਨ ਯੂਨੀਅਨ ਰਾਜੇਵਾਲ

# ਬਲਾਕ ਧੂਰੀ ਤੇ ਬਲਾਕ ਸ਼ੇਰਪੁਰ ਦੀ ਮੀਟਿੰਗ ਹੋਈ

**ਧੂਰੀ ( ਰਣਜੀਤ ਸਿੰਘ ਪੇਧਨੀ )** -ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਧੂਰੀ ਤੇ ਬਲਾਕ ਸ਼ੇਰਪੁਰ ਦੀ ਮੀਟਿੰਗ ਅਨਾਜ ਮੰਡੀ ਧੂਰੀ ਵਿਖੇ ਭੂਪਿੰਦਰ ਸਿੰਘ ਬਲਾਕ ਪ੍ਰਧਾਨ ਧੂਰੀ ਅਤੇ ਪ੍ਰੀਤਮ ਸਿੰਘ ਬਲਾਕ ਪ੍ਰਧਾਨ ਸ਼ੇਰਪੁਰ ਅਤੇ ਰਛਪਾਲ ਸਿੰਘ ਦੋਹਲਾ ਸੂਬਾ ਸਕੱਤਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਅਤੇ ਹੋਰ ਵੱਖ ਵੱਖ ਜੱਥੇਬੰਦੀਆਂ ਵੱਲੋਂ 6 ਫ਼ਰਵਰੀ ਨੂੰ ਅੰਮ੍ਰਿਤਸਰ ਵੱਡਾ ਇਕੱਠ ਕਰਕੇ ਪਲੀਤ ਹੋ ਰਹੇ ਪਾਣੀਆਂ ਕਾਰਨ ਕੈਂਸਰ ਦਾ ਗੜ੍ਹ ਬਣਦੇ ਜਾ ਰਹੇ ਪੰਜਾਬ ਨੂੰ ਬਚਾਉਣ ਦੇ ਇਕੱਠ ਬਾਰੇ ਚਰਚਾ ਕੀਤੀ ਗਈ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਦੇ ਪਾਣੀਆਂ ਵਿੱਚ ਯੂਰੇਨੀਅਮ, ਲੈਂਡ ਫਲੋਰਾਈਡ, ਨਾਈਟਰੇਟਸ ਵਰਗੇ ਹੋਰ ਮਾਰੂ ਤੱਤ ਆ ਗਏ ਹਨ। ਪਲੀਤ ਹੋਏ ਪਾਣੀ ਅਤੇ ਹੋਰ ਮੰਗਾਂ ਲਈ ਜੱਥੇਬੰਦੀਆਂ ਵੱਲੋਂ ਪ੍ਰਚਾਰ ਮੁਹਿੰਮ ਸ਼ੁਰੂ ਕੀਤੀ ਹੋਈ ਹੈ ਅਤੇ 6 ਫ਼ਰਵਰੀ ਨੂੰ ਸਮੂਹ ਕਿਸਾਨ ਮੁਹਿ.ਮ ਦੀ ਆਰੰਭਤਾ ਸ੍ਰੀ ਦਰਬਾਰ ਸਾਹਿਬ ਵਿਖੇ ਅਰਦਾਸ ਕਰਕੇ ਕਰਨਗੇ। ਆਗੂਆਂ ਨੇ ਕਿਹਾ ਕਿ ਅੰਮ੍ਰਿਤਸਰ ਇਕੱਠ 'ਚ ਧੂਰੀ ਦੇ ਕਿਸਾਨ ਵੱਡੇ ਗਿਣਤੀ ਵਿੱਚ ਪਹੁੰਚਣਗੇ। ਇਸ ਮੌਕੇ ਬਲਵਿੰਦਰ ਸਿੰਘ ਜੱਖਲਾਂ, ਗੁਰਜੀਤ ਸਿੰਘ ਭੜੀ ਮਾਨਸਾ, ਗੁਰਦੇਵ ਸਿੰਘ ਬਟੂਹਾ, ਸੁਖਪਾਲ ਸਿੰਘ ਕਾਂਝਲਾ, ਗੁਰਬਚਨ ਸਿੰਘ ਹਰਚੰਦਪੁਰ, ਸੁਰਜੀਤ ਸਿੰਘ ਕਾਂਝਲਾ, ਜਸਦੇਵ ਸਿੰਘ ਭੁੱਲਰਹੇੜੀ, ਜਗਰੂਪ ਸਿੰਘ ਦੋਹਲਾ, ਚਮਕੌਰ ਸਿੰਘ ਕੱਕੜਵਾਲ, ਜਸਵੀਰ ਸਿੰਘ ਕਾਂਝਲਾ, ਰਾਜ ਸਿੰਘ ਮੂਲੋਵਾਲ ਅਤੇ ਸੁਖਦੇਵ ਸਿੰਘ ਆਦਿ ਵੀ ਹਾਜਰ ਸਨ।



# ਵਿਸ਼ਵਾਸ ਹੀ ਮਨੁੱਖ ਨੂੰ ਅੱਗੇ ਵਧਣ ਦੀ ਹਿੰਮਤ ਦਿੰਦਾ ਹੈ - ਐੱਸ.ਡੀ.ਐੱਮ ਰਿਸ਼ਭ ਬਾਂਸਲ




ਧੂਰੀ ( ਰਣਜੀਤ ਸਿੰਘ ਪੇਧਨੀ ) ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਦੀ ਅਗਵਾਈ ਵਿੱਚ ਸੱਤ ਰੋਜ਼ਾ ਐੱਨ.ਐੱਸ.ਐੱਸ. ਕੈਂਪ ਸ਼ੁਰੂ ਕੀਤਾ ਗਿਆ। ਕੈਂਪ ਦੇ ਉਦਘਾਟਨੀ ਸਮਾਰੋਹ ਵਿੱਚ ਤਹਿਸੀਲ ਧੂਰੀ ਦੇ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਰਿਸ਼ਭ ਬਾਂਸਲ ਨੇ ਮੁੱਖ ਮਹਿਮਾਨ ਵਜੋਂ ਅਤੇ ਗ੍ਰਾਮ ਪੰਚਾਇਤ ਬੇਨੜਾ ਦੇ ਸਰਪੰਚ ਗੋਪਾਲ ਕ੍ਰਿਸ਼ਨ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਮੁੱਖ ਮਹਿਮਾਨ ਨੇ ਕੌਮੀ ਸੇਵਾ ਯੋਜਨਾ ਦੇ ਸ਼ੁਰੂ ਹੋਣ ਵਾਲੇ ਸਾਲ ਤੋਂ ਗੱਲ ਕਰਦੇ ਹੋਏ ਐੱਨ.ਐੱਸ.ਐੱਸ. ਵਲੰਟੀਅਰਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਈ। ਉਨ੍ਹਾਂ ਨੇ ਕਿਹਾ ਇਸ ਵਿੱਦਿਆ ਦੇ ਮੰਦਰ ਵਿੱਚ ਪੜ੍ਹ ਕੇ ਵਿਦਿਆਰਥੀ ਦੇਸ਼ ਦੀ ਤਰੱਕੀ ਵਿੱਚ ਹਿੱਸਾ ਪਾਉਣਗੇ। ਜਿਸ ਨਾਲ ਦੇਸ਼ ਅਤੇ ਸਮਾਜ ਨੂੰ ਫਲ਼ ਪ੍ਰਾਪਤ ਹੋਵੇਗਾ। ਉਨ੍ਹਾਂ ਨੇ ਸਮਾਜ ਸੇਵਾ ਨੂੰ ਖ਼ਾਸ ਮਹੱਤਵ ਦਿੱਤਾ।

ਐੱਨ.ਐੱਸ.ਐੱਸ. ਯੂਨਿਟਾਂ ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ ਤੇ ਡਾ. ਊਸ਼ਾ ਰਾਣੀ ਨੇ ਕੈਂਪ ਦੇ ਥੀਮ ਸਬੰਧੀ ਜ਼ਿਕਰ ਕਰਦੇ ਹੋਏ ਕੈਂਪ ਦੌਰਾਨ ਉਲੀਕੇ ਕਾਰਜਾਂ ਤੋਂ ਜਾਣੂ ਕਰਵਾਇਆ ਅਤੇ ਦੱਸਿਆ ਕਿ ਇਹ ਕਾਲਜ ਦਾ ਚੌਥਾ ਕੈਂਪ ਹੈ ਜਿਸ ਵਿੱਚ ਰੇਗੂਲਰ ਤੇ ਸੈਲਫ਼ ਫਾਇਨਾਂਸ ਯੂਨਿਟਾਂ ਦੇ ਸੌ ਵਲੰਟੀਅਰ ਭਾਗ ਲੈ ਰਹੇ ਹਨ। ਉਦਘਾਟਨੀ ਸਮਾਰੋਹ ਦੇ ਅੰਤ ਵਿੱਚ ਕਾਲਜ ਪ੍ਰਿੰਸੀਪਲ ਨੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਦਾ ਰਸਮੀ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਡਾ. ਰਾਕੇਸ਼ ਕੁਮਾਰ, ਡਾ. ਕਰਮਜੀਤ ਸਿੰਘ, ਡਾ. ਗਗਨਦੀਪ ਸਿੰਘ, ਡਾ. ਮਨਜੋਤ ਕੌਰ, ਪ੍ਰੋ. ਗੁਰਦੀਪ ਸਿੰਘ, ਪ੍ਰੋ. ਪ੍ਰਭਜੋਤ ਕੌਰ, ਗ੍ਰਾਮ ਪੰਚਾਇਤ ਬੇਨੜਾ ਤੋਂ ਪੰਚ ਲੁਕਿੰਦਰ ਸਿੰਘ, ਪੰਚ ਹਰਪ੍ਰੀਤ ਸਿੰਘ ਹਾਜ਼ਰ ਸਨ।

# ਸ: ਜੋਗਿੰਦਰ ਸਿੰਘ ਅਠੌਲਾ ਨਮਿਤ ਪਾਠ ਦਾ ਭੋਗ 5 ਫਰਵਰੀ ਨੂੰ, ਵੱਖ ਵੱਖ ਆਗੂਆਂ ਨੇ "ਅਠੌਲਾ" ਪਰਿਵਾਰ ਨਾਲ ਦੁੱਖ ਸਾਂਝਾ ਕੀਤਾ



**ਚੌਕ ਮਹਿਤਾ, 3 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਫੀਲਡ ਪੱਤਰਕਾਰ ਐਸੋਸੀਏਸ਼ਨ ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ. ਸ਼ੇਲਿੰਦਰਜੀਤ ਸਿੰਘ ਰਾਜਨ, ਪੱਤਰਕਾਰ ਬਲਵਿੰਦਰ ਸਿੰਘ ਅਠੌਲਾ ਅਤੇ ਤੇਜਿੰਦਰ ਸਿੰਘ ਅਠੌਲਾ ਸਾਬਕਾ ਸੰਮਤੀ ਮੈਂਬਰ ਦੇ ਵੱਡੇ ਭਰਾਤਾ, ਅਤੇ ਗੁਰਮਿੰਦਰਪ੍ਰੀਤ ਸਿੰਘ ਵਿੱਕੀ ਅਤੇ ਹਰਮਿੰਦਰਪ੍ਰੀਤ ਸਿੰਘ ਸੰਨੀ ਦੇ ਸਤਿਕਾਰਤ ਪਿਤਾ ਸ. ਜੋਗਿੰਦਰ ਸਿੰਘ ਅਠੌਲਾ (ਸਪੁੱਤਰ ਸਵਰਗੀ ਸ. ਪ੍ਰਿਥੀਪਾਲ ਸਿੰਘ ਅਠੌਲਾ), ਜੋ ਕਿ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਦੇ ਗ੍ਰਹਿ ਵਿਖੇ ਵੱਖ-ਵੱਖ ਸਿਆਸੀ, ਧਾਰਮਿਕ, ਸਮਾਜ ਸੇਵੀ ਸਖਸ਼ੀਅਤਾਂ ਵੱਲੋਂ ਪੁੱਜਕੇ "ਰਾਜਨ" ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ । ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ., ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ, ਸਾ: ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ, ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ, ਸਰਬਜੀਤ ਸਿੰਘ ਖਾਨਪੁਰ ਇੰਚਾਰਜ "ਅਕਾਲੀ ਦਲ ਵਾਰਿਸ ਪੰਜਾਬ ਦੇ÷, ਸੁਰਜੀਤ ਸਿੰਘ ਕੰਗ ਪ੍ਰਧਾਨ ਨਗਰ ਪੰਚਾਇਤ, ਅਮਰਜੀਤ ਸਿੰਘ ਕਾਲੇਕੇ, ਜ: ਜਰਨੈਲ ਸਿੰਘ ਕੋਟ ਮਹਿਤਾਬ ਆਗੂਆਂ ਨੇ "ਅਠੌਲਾ" ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਇਸਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ । ਇਸ ਤੋਂ ਇਲਾਵਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸ: ਸੰਤੋਖ ਸਿੰਘ ਗੁਰਾਇਆ, ਮੀਤ ਪ੍ਰਧਾਨ ਮੁਖਤਾਰ ਸਿੰਘ ਗਿੱਲ, ਕਰਨੈਲ਼ ਸਿੰਘ ਰੰਧਾਵਾ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਮਾ: ਮਨਜੀਤ ਸਿੰਘ ਕੰਬੋ, ਨਵਦੀਪ ਸਿੰਘ ਬਦੇਸ਼ਾ, ਮਾ: ਲਖਵਿੰਦਰ ਸਿੰਘ ਮਾਨ, ਗੁਰਮੇਜ ਸਿੰਘ ਸਹੋਤਾ, ਚੇਅਰਮੈਨ ਗੁਰਵਿੰਦਰ ਸਿੰਘ ਖੱਬੇ ਰਾਜਪੂਤਾਂ, ਚੇਅਰਮੈਨ ਰਣਜੀਤ ਸਿੰਘ ਮੀਆਂਵਿੰਡ, ਦਿਲਬਾਗ ਸਿੰਘ ਬਾਜਵਾ, ਨਿਸ਼ਾਨ ਸਿੰਘ ਗੋਲਡੀ, ਡਿੱਪੀ ਮੀਆਂਵਿੰਡ, ਹਰਜਿੰਦਰ ਸਿੰਘ ਗੋਲ੍ਹਣ, ਬਲਵਿੰਦਰ ਸਿੰਘ ਭੁੱਲਰ, ਕੇ.ਕੇ. ਸ਼ਰਮਾ, ਅਮਿਤ ਸ਼ਰਮਾ, ਠੇਕੇਦਾਰ ਰਾਮ ਲੁਭਾਇਆ, ਰਵਿੰਦਰ ਸਿੰਘ ਰਵੀ ਚੀਮਾਂ, ਗੁਰਵਿੰਦਰ ਸਿੰਘ ਚੀਮਾਂ, ਪੱਤਰਕਾਰ ਹਰਜੀਪ੍ਰੀਤ ਸਿੰਘ ਕੰਗ, ਹਰਜਿੰਦਰ ਸਿੰਘ ਕਲੇਰ, ਰਣਜੀਤ ਸਿੰਘ ਸੰਧੂ, ਸਤਨਾਮ ਸਿੰਘ ਨੌਰੰਗਪੁਰੀ, ਲੱਖਾ ਸਿੰਘ ਅਜ਼ਾਦ, ਡਾ: ਸਰਬਜੀਤ ਸਿੰਘ ਬਿੱਲਾ, ਸੁਖਵਿੰਦਰ ਸਿੰਘ ਚਾਹਲ, ਗੌਰਵ ਜੋਸ਼ੀ, ਸੁਸ਼ੀਲ ਅਰੋੜਾ, ਗੁਰਪ੍ਰੀਤ ਸਿੰਘ, ਧਰਮਿੰਦਰ ਸਿੰਘ ਭੰਮਰਾ, ਕੈਪਟਨ ਸਿੰਘ ਮਹਿਤਾ, ਰਾਜਿੰਦਰ ਰਿਖੀ, ਦਵਿੰਦਰ ਸਿੰਘ ਭੰਗੂ, ਜਗਦੀਸ਼ ਸਿੰਘ ਬਮਰਾਹ, ਕਮਲਪ੍ਰੀਤ ਸਿੰਘ ਹੈਪੀ, ਡਾ: ਸਰਬਜੀਤ ਸਿੰਘ ਬਿੱਲਾ, ਹਰਕੰਵਲਜੀਤ ਸਿੰਘ ਸਾਹਿਲ, ਅਤੇ ਹੋਰਨਾਂ ਨੇ ਘਰ ਪੁਜਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ।

**ਸ: ਜੋਗਿੰਦਰ ਸਿੰਘ ਅਠੌਲਾ ਨਮਿਤ ਪਾਠ ਦਾ ਭੋਗ 5 ਫਰਵਰੀ ਨੂੰ** : ਪਰਿਵਾਰਕ ਸੂਤਰਾਂ ਅਨੁਸਾਰ ਸ. ਜੋਗਿੰਦਰ ਸਿੰਘ ਅਠੌਲਾ ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਮਿਤੀ 5 ਫਰਵਰੀ, ਦਿਨ ਵੀਰਵਾਰ ਨੂੰ, ਉਨ੍ਹਾਂ ਦੇ ਗ੍ਰਹਿ ਬਾਬਾ ਬਕਾਲਾ ਸਾਹਿਬ ਵਿਖੇ ਪਵੇਗਾ, ਉਪਰੰਤ 12 ਤੋਂ 1 ਵਜੇ ਤੱਕ ਕੀਰਤਨ ਅਤੇ ਅੰਤਿਮ ਅਰਦਾਸ ਸੰਤ ਮਾਝਾ ਸਿੰਘ ਕਰਮਜੋਤ ਸੀ: ਸੈ: ਸਕੂਲ (ਬੂੰਗਾ ਸਕੂਲ), ਬਾਬਾ ਬਕਾਲਾ ਸਾਹਿਬ ਵਿਖੇ ਹੋਵੇਗੀ । ਅਠੌਲਾ ਪਰਿਵਾਰ ਵੱਲੋਂ ਸਭਾ ਨੂੰ ਪੁਜਣ ਲਈ ਅਪੀਲ ਕੀਤੀ ਗਈ ਹੈ।

# ਕੈਬਨਿਟ ਮੰਤਰੀ ਡਾ. ਰਵਜੋਤ ਨੇ ਹਸਪਤਾਲ ਪਹੁੰਚ ਕੇ ਹਾਦਸੇ 'ਚ ਜ਼ਖ਼ਮੀ ਲੋਕਾਂ ਦਾ ਹਾਲ-ਚਾਲ ਜਾਣਿਆ

**ਹੁਸ਼ਿਆਰਪੁਰ** : ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਹੁਸ਼ਿਆਰਪੁਰ ਦੇ ਸਿਵਲ ਹਸਪਤਾਲ ਅਤੇ ਸਥਾਨਕ ਨਿੱਜੀ ਹਸਪਤਾਲਾਂ ਵਿੱਚ ਪਹੁੰਚ ਕੇ ਪਿੰਡ ਬਾਗਪੁਰ ਵਿੱਚ ਗੈਸ ਸਿਲੰਡਰ ਫਟਣ ਦੀ ਦਰਦਨਾਕ ਘਟਨਾ ਵਿੱਚ ਜ਼ਖ਼ਮੀ ਹੋਏ ਲੋਕਾਂ ਦਾ ਹਾਲ-ਚਾਲ ਜਾਣਿਆ। ਇਸ ਦੌਰਾਨ ਅੱਗ 'ਤੇ ਕਾਬੂ ਪਾਉਣ ਲਈ ਆਈ ਫਾਇਰ ਬ੍ਰਿਗੇਡ ਟੀਮ ਦੇ ਜ਼ਖ਼ਮੀ ਮੈਂਬਰਾਂ ਦਾ ਵੀ ਮੰਤਰੀ ਨੇ ਹਾਲ-ਚਾਲ ਜਾਣਿਆ। ਉਨ੍ਹਾਂ ਨੇ ਹਸਪਤਾਲ ਵਿੱਚ ਭਰਤੀ ਜ਼ਖ਼ਮੀਆਂ ਨਾਲ ਗੱਲਬਾਤ ਕੀਤੀ, ਉਨ੍ਹਾਂ ਦੇ ਇਲਾਜ ਬਾਰੇ ਜਾਣਕਾਰੀ ਲਈ ਅਤੇ ਡਾਕਟਰਾਂ ਨੂੰ ਹੁਕਮ ਦਿੱਤੇ ਕਿ ਸਭ ਤੋਂ ਵਧੀਆ ਤੋਂ ਵਧੀਆ ਇਲਾਜ ਯਕੀਨੀ ਬਣਾਇਆ ਜਾਵੇ। ਇਸ ਤੋਂ ਪਹਿਲਾਂ ਉਨ੍ਹਾਂ ਨੇ ਘਟਨਾ ਵਾਲੀ ਜਗ੍ਹਾ ਦਾ ਵੀ ਦੌਰਾ ਕੀਤਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਪਿੰਡ ਬਾਗਪੁਰ ਵਿੱਚ ਗੈਸ ਸਿਲੰਡਰ ਫਟਣ ਦੀ ਇਹ ਘਟਨਾ ਬਹੁਤ ਦੁੱਖਦਾਈ ਹੈ। ਉਨ੍ਹਾਂ ਨੇ ਪੀੜਤ ਪਰਿਵਾਰਾਂ ਪ੍ਰਤੀ ਡੂੰਘੀ ਹਮਦਰਦੀ ਜ਼ਾਹਿਰ ਕਰਦਿਆਂ ਕਿਹਾ ਕਿ ਸਰਕਾਰ ਇਸ ਮੁਸ਼ਕਿਲ ਸਮੇਂ ਵਿੱਚ ਪੂਰੀ ਤਰ੍ਹਾਂ ਉਨ੍ਹਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਸਖ਼ਤ ਹੁਕਮ ਦਿੱਤੇ ਕਿ ਜ਼ਖ਼ਮੀਆਂ ਦੇ ਇਲਾਜ ਵਿੱਚ ਕੋਈ ਵੀ ਕਮੀ ਨਾ ਰਹੇ ਅਤੇ ਜ਼ਰੂਰੀ ਸਾਰੀਆਂ ਚਿਕਿਤਸਕ ਸਹੂਲਤਾਂ ਤੁਰੰਤ ਮੁਹੱਈਆ ਕਰਵਾਈਆਂ ਜਾਣ।

ਕੈਬਨਿਟ ਮੰਤਰੀ ਨੇ ਹਸਪਤਾਲ ਪ੍ਰਸ਼ਾਸਨ ਤੋਂ ਇਲਾਜ ਵਿਵਸਥਾ, ਦਵਾਈਆਂ ਦੀ ਉਪਲਬਧਤਾ ਅਤੇ ਮੈਡੀਕਲ ਸਟਾਫ ਦੀ ਤਾਇਨਾਤੀ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਜੇ ਲੋੜ ਪਈ ਤਾਂ ਜ਼ਖ਼ਮੀਆਂ ਨੂੰ ਉੱਚ ਪੱਧਰੀ ਚਿਕਿਤਸਾ ਸਹੂਲਤਾਂ ਲਈ ਹੋਰ ਵੱਡੇ ਹਸਪਤਾਲਾਂ ਵਿੱਚ ਰੈਫਰ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਉਨ੍ਹਾਂ ਨੇ ਘਟਨਾ ਦੇ ਕਾਰਨਾਂ ਦੀ ਡੂੰਘੀ ਜਾਂਚ ਕਰਵਾਉਣ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਰੂਰੀ ਸਾਵਧਾਨੀਆਂ ਵਰਤਣ ਦੇ ਹੁਕਮ ਵੀ ਦਿੱਤੇ। ਡਾ. ਰਵਜੋਤ ਸਿੰਘ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਹੁਕਮ ਦਿੱਤੇ ਕਿ ਪ੍ਰਭਾਵਿਤ ਪਰਿਵਾਰਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕੀਤੀ ਜਾਵੇ।

### ਕਬੱਡੀ ਤੇ ਵੁਸ਼ੂ 'ਚ ਨੈਸ਼ਨਲ ਉਪਲਬਧੀ, ਗੁਰੂ ਹਰਗੋਬਿੰਦ ਸਕੂਲ ਲਹਿਰੀ ਬਣਿਆ ਮਾਣ ਦਾ ਕੇਂਦਰ

# ਮਿਹਨਤ ਨੇ ਦਿੱਤਾ ਮਾਣ, ਨੈਸ਼ਨਲ ਖਿਡਾਰਣਾਂ ਦੇ ਸਨਮਾਨ ਨਾਲ ਗੂੰਜਿਆ ਸਕੂਲ ਕੈਂਪਸ



**ਤਲਵੰਡੀ ਸਾਬੋ, 03 ਫਰਵਰੀ (ਗੁਰਜੰਟ ਸਿੰਘ ਨਥੇਹਾ)**- 69ਵੀਆਂ ਨੈਸ਼ਨਲ ਸਕੂਲ ਗੇਮਜ਼ ਫੈਡਰੇਸ਼ਨ ਵੱਲੋਂ ਆਂਧਰਾ ਪ੍ਰਦੇਸ ਦੇ ਜ਼ਿਲ੍ਹਾ ਗੁੱਡੀਵਾੜਾ ਵਿਖੇ ਕਰਵਾਈ ਗਈ ਅੰਡਰ-14 ਗਰਲਜ਼ ਕਬੱਡੀ ਚੈਂਪੀਅਨਸ਼ਿਪ ਵਿੱਚ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਦੀਆਂ ਦੋ ਹੋਣਹਾਰ ਕਬੱਡੀ ਖਿਡਾਰਨਾਂ, ਇੱਕ ਵੁਸ਼ੂ ਖਿਡਾਰਨ ਅਤੇ ਕਬੱਡੀ ਕੋਚ ਦਾ ਸਕੂਲ ਪਹੁੰਚਣ 'ਤੇ ਸਕੂਲ ਪ੍ਰਬੰਧਕ ਕਮੇਟੀ, ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਨਿੱਘਾ ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਸਵੇਰ ਦੀ ਸਭਾ 'ਚ ਸਕੂਲ ਪ੍ਰਿੰਸੀਪਲ ਲਖਵਿੰਦਰ ਸਿੰਘ ਸਿੱਧੂ ਨੇ ਖਿਡਾਰਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀਆਂ ਬੱਚਿਆਂ ਦੀ ਮਿਹਨਤ, ਅਨੁਸ਼ਾਸਨ ਅਤੇ ਅਧਿਆਪਕਾਂ ਦੀ ਸਹੀ ਰਹਿਨੁਮਾਈ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਖੇਡਾਂ ਨੂੰ ਉਤਸ਼ਾਹਿਤ ਕਰਦਾ ਰਹੇਗਾ ਤਾਂ ਜੋ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਦੇਸ਼ ਦਾ ਨਾਮ ਰੌਸ਼ਨ ਕਰ ਸਕਣ। ਉਹਨਾਂ ਦੱਸਿਆ ਕਿ 69ਵੀਆਂ ਨੈਸ਼ਨਲ ਸਕੂਲ ਗੇਮਜ਼ ਫੈਡਰੇਸ਼ਨ ਵੱਲੋਂ ਆਂਧਰਾ ਪ੍ਰਦੇਸ ਦੇ ਜ਼ਿਲ੍ਹਾ ਗੱਦੀਵਾੜਾ ਵਿਖੇ ਕਰਵਾਈ ਗਈ ਅੰਡਰ-14 ਗਰਲਜ਼ ਕਬੱਡੀ ਚੈਂਪੀਅਨਸ਼ਿਪ ਵਿੱਚ ਕਬੱਡੀ ਖਿਡਾਰਨਾਂ ਕਾਜਲ ਅਤੇ ਸਬਰਜੋਤ ਕੌਰ ਨੇ ਪੰਜਾਬ ਦੀ ਟੀਮ ਦੀ ਨੁਮਾਇੰਦਗੀ ਕਰਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਸਕੂਲ, ਜ਼ਿਲ੍ਹਾ ਤੇ ਸੂਬੇ ਦਾ ਨਾਮ ਰੌਸ਼ਨ ਕੀਤਾ। ਇਸ ਦੇ ਨਾਲ ਹੀ ਵੁਸ਼ੂ ਖੇਡ ਵਿੱਚ ਨੈਸ਼ਨਲ ਪੱਧਰ 'ਤੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਉਣ ਵਾਲੀ ਪਿੰਡ ਲਹਿਰੀ ਦੀ ਜੰਮਪਲ ਜਸ਼ਨਪ੍ਰੀਤ ਕੌਰ ਨੇ ਵੀ ਵੱਡੀ ਉਪਲਬਧੀ ਹਾਸਲ ਕਰਕੇ ਇਲਾਕੇ ਦਾ ਮਾਣ ਵਧਾਇਆ। ਇਸ ਮੌਕੇ ਸਕੂਲ ਪ੍ਰਬੰਧਕੀ ਕਮੇਟੀ ਦੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ੍ਰੀਮਤੀ ਪਰਮਜੀਤ ਕੌਰ ਸੇਖੋਂ ਨੇ ਖਿਡਾਰਣਾਂ ਅਤੇ ਕੋਚ ਹਰਵਿੰਦਰ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਬੱਚੇ ਹੋਰ ਵਿਦਿਆਰਥੀਆਂ ਲਈ ਪ੍ਰੇਰਣਾ ਸਰੋਤ ਹਨ। ਉਨ੍ਹਾਂ ਕਿਹਾ ਕਿ ਸਕੂਲ ਪ੍ਰਬੰਧਨ ਵੱਲੋਂ ਹਮੇਸ਼ਾ ਖਿਡਾਰੀਆਂ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਂਦਾ ਰਹੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

### ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਚੱਲ ਰਹੇ ਹਥਿਆਰ ਤਸਕਰੀ ਨੈੱਟਵਰਕ ਦੇ

# ਦੋ ਕਾਰਕੁਨ 7 ਪਿਸਤੌਲਾਂ ਸਮੇਤ ਕਾਬੂ

### ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਪਾਕਿਸਤਾਨ-ਅਧਾਰਤ ਤਸਕਰਾਂ ਦੇ ਸਿੱਧੇ ਸੰਪਰਕ ਵਿੱਚ ਸਨ ਅਤੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਵਿੱਚ ਸਹਾਇਤਾ ਕਰ ਰਹੇ ਸਨ: ਡੀਜੀਪੀ ਗੌਰਵ ਯਾਦਵ

**ਜੰਡਿਆਲਾ ਗੁਰੂ , 3 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦੇ ਤਿੰਨ ਕਾਰਕੁਨਾਂ ਨੂੰ ਸੱਤ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰੇਸ਼ਮ ਸਿੰਘ ਉਰਫ਼ ਘੁੱਲਾ (30) ਵਾਸੀ ਪਿੰਡ ਦਲੇਰੀ, ਤਰਨਤਾਰਨ, ਸੁਮਿਤ ਉਰਫ਼ ਸਚਿਨ (28) ਵਾਸੀ ਗੁਮਾਨਪੁਰਾ, ਅੰਮ੍ਰਿਤਸਰ ਅਤੇ ਵਿਸ਼ਾਲ ਕੁਮਾਰ (22) ਵਾਸੀ ਭਿਖੀਵਿੰਡ, ਤਰਨਤਾਰਨ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਤਿੰਨ 9 ਐਮਐਮ ਗਲੌਕ ਪਿਸਤੌਲ, ਇਕ ਇਟਲੀ ਦਾ ਬਣਿਆ 9 ਐਮਐਮ ਬੇਰੇਟਾ, ਇਕ ਤੁਰਕੀ ਦਾ ਬਣਿਆ 9 ਐਮਐਮ ਜ਼ਿਗਾਨਾ, ਇਕ ਤੁਰਕੀ ਦਾ ਬਣਿਆ 9 ਐਮਐਮ ਪੀਐਕਸ5 ਗਲੌਕ ਅਤੇ ਇੱਕ .30 ਬੋਰ ਦਾ ਪਿਸਤੌਲ ਸ਼ਾਮਲ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ, ਜੋ ਡਰੋਨ ਰਾਹੀਂ ਗੈਰ-ਕਾਨੂੰਨੀ ਹਥਿਆਰਾਂ ਦੀ ਖੇਪ ਭੇਜਦੇ ਸਨ, ਦੇ ਸਿੱਧੇ ਸੰਪਰਕ ਵਿੱਚ ਸਨ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਅਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਇਨ੍ਹਾਂ ਗੈਰ-ਕਾਨੂੰਨੀ ਹਥਿਆਰਾਂ ਨੂੰ ਅੱਗੇ ਡਿਲੀਵਰ ਕਰਦੇ ਸਨ।

ਡੀਜੀਪੀ ਨੇ ਦੱਸਿਆ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਕਮਿਸ਼ਨਰ ਆਫ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖਾਸ ਤੇ ਭਰੋਸੇਯੋਗ ਗੁਪਤ ਸੂਚਨਾ 'ਤੇ ਕਾਰਵਾਈ ਕਰਦਿਆਂ, ਪੁਲਿਸ ਟੀਮਾਂ ਨੇ ਇੱਕ ਯੋਜਨਾਬੱਧ ਆਪਰੇਸ਼ਨ ਚਲਾਇਆ ਜਿਸ ਦੌਰਾਨ ਦੋਸ਼ੀ ਰੇਸ਼ਮ ਸਿੰਘ ਉਰਫ਼ ਘੁੱਲਾ ਨੂੰ ਦੋ 9 ਐਮਐਮ ਗਲੌਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਇਸ ਉਪਰੰਤ ਉਸ ਵੱਲੋਂ ਦੱਸੇ ਗਏ ਸਥਾਨ ਤੋਂ ਤਿੰਨ ਹੋਰ ਪਿਸਤੌਲ ਬਰਾਮਦ ਕੀਤੇ ਗਏ। ਸੀਪੀ ਨੇ ਦੱਸਿਆ ਕਿ ਹੋਰ ਪੁੱਛਗਿੱਛ ਦੌਰਾਨ, ਗ੍ਰਿਫ਼ਤਾਰ ਮੁਲਜ਼ਮ ਰੇਸ਼ਮ ਉਰਫ਼ ਘੁੱਲਾ ਨੇ ਆਪਣੇ ਸਾਥੀ ਸੁਮਿਤ ਉਰਫ਼ ਸਚਿਨ ਬਾਰੇ ਜਾਣਕਾਰੀ ਦਿੱਤੀ, ਜਿਸ ਨੂੰ ਕਾਰਵਾਈ ਦੌਰਾਨ ਦੋ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ। ਉਨ੍ਹਾਂ ਅੱਗੇ ਦੱਸਿਆ ਕਿ ਜਾਂਚ ਦੌਰਾਨ, ਮੁਲਜ਼ਮ ਵਿਸ਼ਾਲ ਕੁਮਾਰ ਨੂੰ ਵੀ ਦੇਰ ਸ਼ਾਮ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਇਕੋ ਹੈਂਡਲਰ ਦੇ ਨਿਰਦੇਸ਼ਾਂ 'ਤੇ ਕੰਮ ਕਰਦੇ ਸਨ ਅਤੇ ਮੁਲਜ਼ਮ ਰੇਸ਼ਮ ਹੈਂਡਲਰ ਦੇ ਇਸ਼ਾਰੇ 'ਤੇ ਸਰਹੱਦ ਦੇ ਨੇੜਿਓਂ ਖੇਪਾਂ ਪ੍ਰਾਪਤ ਕਰਦਾ ਸੀ, ਜਦੋਂ ਕਿ ਸੁਮਿਤ ਉਰਫ਼ ਸਚਿਨ ਆਪਣੇ ਕਾਰ ਵੇਚਣ/ਖਰੀਦਣ ਦੇ ਕਾਰੋਬਾਰ ਦੀ ਆੜ ਵਿੱਚ ਇਹਨਾਂ ਖੇਪਾਂ ਨੂੰ ਅੱਗੇ ਡਿਲੀਵਰ ਕਰਦਾ ਸੀ। ਇਸ ਸਬੰਧੀ, ਐਫਆਈਆਰ ਨੰਬਰ 18 ਮਿਤੀ 01-02-2026 ਨੂੰ ਅੰਮ੍ਰਿਤਸਰ ਦੇ ਥਾਣਾ ਛਾਉਣੀ ਵਿਖੇ ਅਸਲਾ ਐਕਟ ਦੀ ਧਾਰਾ 25(1-ਏ), 6, 7 ਅਤੇ 8 ਤਹਿਤ ਦਰਜ ਕੀਤੀ ਗਈ ਹੈ।




ਆਵਾਜ਼ਿ ਕੌਮ AWAZE QAUM International Newspaper & WEB TV

# ਖਹਿਰਾ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਬਾਬਾ ਗੁਰਿੰਦਰ ਸਿੰਘ ਜੀ ਖ਼ਿਲਾਫ਼ "ਘਟੀਆ ਭਾਸ਼ਾ" ਦੀ ਵਰਤੋਂ ਦੀ ਕੜੀ ਨਿੰਦਾ



**ਚੰਡੀਗੜ੍ਹ/ਜਲੰਧਰ ( ਰਣਜੀਤ ਸਿੰਘ ਪੇਧਨੀ )**-ਸੀਨੀਅਰ ਕਾਂਗਰਸੀ ਆਗੂ ਅਤੇ ਭੁਲੱਥ ਤੋਂ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਰਾਧਾ ਸੁਆਮੀ ਸਤਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਜੀ ਨੂੰ ਨਿਸ਼ਾਨਾ ਬਣਾਉਂਦੇ ਹੋਏ ਅਪਮਾਨਜਨਕ ਅਤੇ ਘਟੀਆ ਭਾਸ਼ਾ ਵਰਤਣ ਦੀ ਕੜੀ ਨਿੰਦਾ ਕੀਤੀ। ਇਹ ਟਿੱਪਣੀਆਂ ਬਾਬਾ ਜੀ ਦੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਨਾਲ ਮੁਲਾਕਾਤ ਦੇ ਸੰਦਰਭ ਵਿੱਚ ਕੀਤੀਆਂ ਗਈਆਂ। ਖਹਿਰਾ ਨੇ ਕਿਹਾ ਕਿ ਇਹ "ਬਹੁਤ ਦੁਖਦਾਈ ਅਤੇ ਨਿੰਦਣਯੋਗ" ਹੈ ਕਿ ਮੁੱਖ ਮੰਤਰੀ ਨੇ ਸਿਰਫ਼ ਇੱਕ ਸਮਾਜਿਕ ਮੁਲਾਕਾਤ ਨੂੰ ਲੈ ਕੇ ਇੱਕ ਮਾਣਯੋਗ ਮਹਾਨ ਸ਼ਖਸੀਅਤ ਉੱਤੇ ਘਟੀਆ ਰਾਜਨੀਤਿਕ ਤੰਜ ਕਸਿਆ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਅਤੇ ਅਧਿਆਤਮਿਕ ਆਗੂ ਵੱਖ-ਵੱਖ ਵਰਗਾਂ ਦੇ ਲੋਕਾਂ ਨਾਲ ਮਿਲਦੇ ਹਨ ਅਤੇ ਅਜਿਹੀਆਂ ਮੁਲਾਕਾਤਾਂ ਨੂੰ ਸਿਆਸੀ ਰੰਗ ਦੇਣਾ ਮੁੱਖ ਮੰਤਰੀ ਦੇ ਅਹੁਦੇ ਦੀ ਮਰਿਆਦਾ ਨੂੰ ਘਟਾਉਂਦਾ ਹੈ। ਮਜੀਠੀਆ ਖ਼ਿਲਾਫ਼ ਮਾਮਲੇ ਦਾ ਹਵਾਲਾ ਦਿੰਦਿਆਂ ਖਹਿਰਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਇਸ ਦੀ ਵਿਜੀਲੈਂਸ ਬਿਊਰੋ ਵੱਲੋਂ ਹੁਣ ਤੱਕ ਜਨਤਕ ਖੇਤਰ ਵਿੱਚ ਕੋਈ ਭਰੋਸੇਯੋਗ ਅਤੇ ਠੋਸ ਸਬੂਤ ਪੇਸ਼ ਨਹੀਂ ਕੀਤੇ ਗਏ ਜੋ ਲਗੇ ਗੰਭੀਰ ਦੋਸ਼ਾਂ ਨੂੰ ਸਾਬਤ ਕਰ ਸਕਣ। ਉਨ੍ਹਾਂ ਇਹ ਵੀ ਦਰਸਾਇਆ ਕਿ ਮਾਨਯੋਗ ਸੁਪਰੀਮ ਕੋਰਟ ਵੱਲੋਂ ਇਸ ਮਾਮਲੇ ਵਿੱਚ ਜ਼ਮਾਨਤ ਦਿੱਤੀ ਗਈ ਹੈ, ਜੋ ਇਸ ਗੱਲ 'ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ ਕਿ ਇਸ ਕੇਸ ਨੂੰ ਰਾਜਨੀਤਿਕ ਤੌਰ 'ਤੇ ਕਿਵੇਂ ਪੇਸ਼ ਕੀਤਾ ਗਿਆ। ਖਹਿਰਾ ਨੇ ਹੋਰ ਕਿਹਾ ਕਿ ਬਾਬਾ ਗੁਰਿੰਦਰ ਸਿੰਘ ਜੀ ਵੱਲੋਂ ਮਜੀਠੀਆ ਖ਼ਿਲਾਫ਼ ਕਥਿਤ ਝੂਠੇ ਕੇਸ ਬਾਰੇ ਪ੍ਰਗਟ ਕੀਤੇ ਗਏ ਵਿਚਾਰ ਹੁਣ ਸੂਬੇ ਦੇ ਹਰ ਕੋਨੇ ਵਿੱਚ ਗੂੰਜ ਰਹੇ ਹਨ ਅਤੇ ਲੋਕਾਂ ਵਿੱਚ ਇਹ ਧਾਰਣਾ ਮਜ਼ਬੂਤ ਹੋ ਰਹੀ ਹੈ ਕਿ ਆਮ ਆਦਮੀ ਪਾਰਟੀ ਸਰਕਾਰ ਆਪਣੇ ਸਿਆਸੀ ਵਿਰੋਧੀਆਂ ਨੂੰ ਝੂਠੇ ਅਤੇ ਰਾਜਨੀਤੀ ਤੋਂ ਪ੍ਰੇਰਿਤ ਕੇਸਾਂ ਵਿੱਚ ਫਸਾਉਣ ਲਈ ਸੂਬੇ ਦੀ ਪੁਲਿਸ ਮਸ਼ੀਨਰੀ ਦਾ ਦੁਰਉਪਯੋਗ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਹਾਲਾਤ ਮੌਜੂਦਾ ਸੂਬੇ ਵਿੱਚ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਪ੍ਰਤੀ ਲੋਕਾਂ ਵਿੱਚ ਪੈਦਾ ਹੋ ਰਹੇ ਡੂੰਘੇ ਅਵਿਸ਼ਵਾਸ ਨੂੰ ਦਰਸਾਉਂਦੇ ਹਨ। ਖਹਿਰਾ ਨੇ ਕਿਹਾ, "ਬਾਬਾ ਗੁਰਿੰਦਰ ਸਿੰਘ ਜੀ ਨੂੰ ਨਿਸ਼ਾਨਾ ਬਣਾਉਣਾ ਅਤੇ ਉਨ੍ਹਾਂ ਦੀ ਨੀਅਤ ਜਾਂ ਇਮਾਨਦਾਰੀ 'ਤੇ ਘਟੀਆ ਟਿੱਪਣੀਆਂ ਕਰਨਾ ਲੱਖਾਂ ਸੰਗਤਾਂ ਦੀਆਂ ਭਾਵਨਾਵਾਂ 'ਤੇ ਹਮਲਾ ਹੈ ਜੋ ਉਨ੍ਹਾਂ ਨੂੰ ਉੱਚ ਸਤਿਕਾਰ ਦੇ ਨਾਲ ਵੇਖਦੀਆਂ ਹਨ। ਰਾਜਨੀਤਿਕ ਵਖਰੇਵਿਆਂ ਦੇ ਨਾਂ 'ਤੇ ਅਧਿਆਤਮਿਕ ਹਸਤੀਆਂ ਦਾ ਅਪਮਾਨ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ।" ਜਵਾਬਦੇਹੀ ਦੀ ਮੰਗ ਕਰਦਿਆਂ ਖਹਿਰਾ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕੀਤੀ ਕਿ ਉਹ ਰਾਜਨੀਤੀ ਤੋਂ ਉੱਪਰ ਉੱਠ ਕੇ ਆਪਣੇ ਸੰਵਿਧਾਨਕ ਅਹੁਦੇ ਦੀ ਮਰਿਆਦਾ ਕਾਇਮ ਰੱਖਣ। ਖਹਿਰਾ ਨੇ ਕਿਹਾ, "ਮੈਂ ਮੰਗ ਕਰਦਾ ਹਾਂ ਕਿ ਭਗਵੰਤ ਮਾਨ ਤੁਰੰਤ ਬਾਬਾ ਗੁਰਿੰਦਰ ਸਿੰਘ ਜੀ ਅਤੇ ਰਾਧਾ ਸੁਆਮੀ ਸੰਗਤ ਤੋਂ ਆਪਣੀਆਂ ਗੈਰ-ਜ਼ਿੰਮੇਵਾਰਾਨਾ ਅਤੇ ਅਪਮਾਨਜਨਕ ਟਿੱਪਣੀਆਂ ਲਈ ਜਨਤਕ ਮੁਆਫ਼ੀ ਮੰਗਣ।" ਉਨ੍ਹਾਂ ਅੰਤ ਵਿੱਚ ਕਿਹਾ ਕਿ ਪੰਜਾਬ ਨੂੰ ਨਿੱਜੀ ਹਮਲਿਆਂ ਅਤੇ ਸਿਆਸੀ ਨਾਟਕਬਾਜ਼ੀ ਨਹੀਂ, ਸਗੋਂ ਕਾਨੂੰਨ-ਵਿਵਸਥਾ ਅਤੇ ਵਿਕਾਸ 'ਤੇ ਕੇਂਦ੍ਰਿਤ ਜ਼ਿੰਮੇਵਾਰ ਸ਼ਾਸਨ ਦੀ ਲੋੜ ਹੈ। ਪੰਜਾਬ ਸਰਕਾਰ ਵੱਲੋਂ 10 ਫਰਵਰੀ ਨੂੰ ਮਹਾਨ ਯੋਧੇ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਇਆ ਜਾਵੇਗਾ ਰਾਜ ਪੱਧਰੀ ਸਮਾਗਮ

ਆਵਾਜ਼ਿ ਕੌਮ AWAZE QAUM International Newspaper & WEB TV

# ਡਿਪਟੀ ਕਮਿਸ਼ਨਰ ਵੱਲੋਂ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਕੀਤੀ ਮੀਟਿੰਗ



**ਜੰਡਿਆਲਾ ਗੁਰੂ 3 ਫਰਵਰੀ ( ਕੁਲਵੰਤ ਸਿੰਘ ਵਿਰਦੀ )** - ਪੰਜਾਬ ਸਰਕਾਰ ਵੱਲੋਂ ਸਰਕਾਰ-ਏ-ਖ਼ਾਲਸਾ ਦੇ ਮਹਾਨ ਜਰਨੈਲ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 10 ਫਰਵਰੀ ਨੂੰ ਨਰਾਇਣਗੜ੍ਹ (ਛੇਹਰਟਾ) ਅਤੇ ਅਟਾਰੀ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਜਾਵੇਗਾ। ਇਸ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਵੱਲੋਂ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਨੇ ਅਧਿਕਾਰੀਆਂ ਨੂੰ ਰਾਜ ਪੱਧਰੀ ਸਮਾਗਮ ਦੀ ਸਮਾਂ ਰਹਿੰਦੇ ਸਾਰੀਆਂ ਤਿਆਰੀਆਂ ਮੁਕੰਮਲ ਕਰਨ ਦੀ ਹਦਾਇਤ ਦਿੱਤੀ। ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ 10 ਫਰਵਰੀ ਨੂੰ ਸਭ ਤੋਂ ਪਹਿਲਾਂ ਸਵੇਰੇ 10:00 ਵਜੇ ਨਰਾਇਣਗੜ੍ਹ (ਛੇਹਰਟਾ) ਵਿਖੇ ਜੀ.ਟੀ. ਰੋਡ 'ਤੇ ਸਥਾਪਿਤ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੇ ਬੁੱਤ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਜਾਵੇਗੀ। ਇਸ ਉਪਰੰਤ 11:00 ਵਜੇ ਅਟਾਰੀ ਵਿਖੇ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੀ ਸਮਾਧ ਵਿਖੇ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਅਟਾਰੀ ਵਿਖੇ ਧਾਰਮਿਕ ਸਮਾਗਮ ਦੌਰਾਨ ਢਾਡੀ ਜਥੇ ਵੱਲੋਂ ਸਰਦਾਰ ਸ਼ਾਮ ਸਿੰਘ ਅਟਾਰੀਵਾਲੇ ਦੇ ਬਹਾਦਰੀ ਭਰੇ ਕਾਰਨਾਮਿਆਂ ਦੇ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਪੰਜਾਬ ਦਾ ਉਹ ਮਹਾਨ ਯੋਧਾ ਹੋਇਆ ਹੈ ਜਿਸ ਦੀ ਬਹਾਦਰੀ ਦੇ ਗੀਤ ਅੱਜ ਤੱਕ ਵੀ ਗਾਏ ਜਾਂਦੇ ਹਨ। ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਪੰਜਾਬ ਸਰਕਾਰ ਵੱਲੋਂ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 10 ਫਰਵਰੀ ਨੂੰ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮ ਵਿੱਚ ਨਰਾਇਣਗੜ੍ਹ (ਛੇਹਰਟਾ) ਅਤੇ ਅਟਾਰੀ ਵਿਖੇ ਪਹੁੰਚਣ ਅਤੇ ਇਸ ਮਹਾਨ ਯੋਧੇ ਨੂੰ ਆਪਣੀ ਅਕੀਦਤ ਭੇਟ ਕਰਨ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਰੋਹਿਤ ਗੁਪਤਾ, ਐੱਸ.ਡੀ.ਐੱਮ. -2 ਸ. ਮਨਕੰਵਲ ਸਿੰਘ ਚਾਹਲ, ਐੱਸ.ਈ. ਨਗਰ ਨਿਗਮ ਸੰਦੀਪ ਸਿੰਘ, ਜ਼ਿਲ੍ਹਾ ਸਿਹਤ ਅਫ਼ਸਰ ਨਗਰ ਨਿਗਮ ਡਾ. ਰਮਾ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਰਾਜੇਸ਼ ਖੰਨਾ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਡਿਜੀਟਲ ਕੋਲਾਹਲ ਅਤੇ ਮਨੁੱਖੀ ਮਾਨਸਿਕਤਾ

# ਸੋਸ਼ਲ ਮੀਡੀਆ ਦੇ ਦੌਰ ਵਿੱਚ ਗੁਆਚਦੀ ਸ਼ਾਂਤੀ




ਹਉਮੈ ਵਿਚਿ ਜਗੁ ਉਪਜੈ ਪੁਰਖਾ ਨਾਮਿ ਵਿਸਰਿਐ ਦੁਖੁ ਪਾਈ॥
(ਗੁਰੂ ਨਾਨਕ ਦੇਵ ਜੀ, ਅੰਗ 946)

ਗੁਰਬਾਣੀ ਦਾ ਇਹ ਫੁਰਮਾਨ ਅੱਜ ਦੇ ਡਿਜੀਟਲ ਸੰਸਾਰ ਦੀ ਸਭ ਤੋਂ ਵੱਡੀ ਸੱਚਾਈ ਹੈ। ਜਦੋਂ ਮਨੁੱਖ ਨਾਮ (ਸੱਚ ਅਤੇ ਸੰਤੋਖ) ਨੂੰ ਵਿਸਾਰ ਕੇ 'ਹਉਮੈ' (5✿✿) ਦੇ ਅਧੀਨ ਹੋ ਜਾਂਦਾ ਹੈ, ਤਾਂ ਉਹ ਦੁੱਖ ਹੀ ਪਾਉਂਦਾ ਹੈ। ਅੱਜ ਸੋਸ਼ਲ ਮੀਡੀਆ ਇਸੇ ਹਉਮੈ ਨੂੰ ਪੱਠੇ ਪਾਉਣ ਦਾ ਸਭ ਤੋਂ ਵੱਡਾ ਸਾਧਨ ਬਣ ਚੁੱਕਾ ਹੈ।

1. ਇਤਿਹਾਸਕ ਪਿਛੋਕੜ ਅਤੇ ਸੂਚਨਾ ਦਾ ਬਦਲਿਆ ਸਰੂਪ

ਪੁਰਾਣੇ ਸਮਿਆਂ ਵਿੱਚ ਘਟਨਾਵਾਂ ਉਦੋਂ ਵੀ ਵਾਪਰਦੀਆਂ ਸਨ। ਯੁੱਧ, ਕੁਦਰਤੀ ਆਫ਼ਤਾਂ ਅਤੇ ਸਮਾਜਿਕ ਕੁਰੀਤੀਆਂ ਇਤਿਹਾਸ ਦਾ ਹਿੱਸਾ ਰਹੀਆਂ ਹਨ। ਪਰ ਉਸ ਸਮੇਂ ਜਾਣਕਾਰੀ ਦੇ ਸਰੋਤ ਸੀਮਤ ਸਨ। ਕਿਸੇ ਦੂਰ-ਦੁਰਾਡੇ ਦੇ ਪਿੰਡ ਵਿੱਚ ਹੋਈ ਨਿੱਕੀ ਜਿਹੀ ਘਟਨਾ ਉੱਥੋਂ ਦੇ ਸਥਾਨਕ ਲੋਕਾਂ ਤੱਕ ਹੀ ਸੀਮਤ ਰਹਿੰਦੀ ਸੀ। ਇਸ ਦਾ ਫਾਇਦਾ ਇਹ ਸੀ ਕਿ ਬਾਕੀ ਦੁਨੀਆਂ ਵਿੱਚ ਬੇਲੋੜੀ ਦਹਿਸ਼ਤ ਜਾਂ ਗੁੱਸਾ ਨਹੀਂ ਫੈਲਦਾ ਸੀ। ਲੋਕਾਂ ਕੋਲ ਘਟਨਾ ਨੂੰ ਸਮਝਣ ਅਤੇ ਉਸ 'ਤੇ ਵਿਚਾਰ ਕਰਨ ਦਾ ਵਕਤ ਹੁੰਦਾ ਸੀ। ਲੋਕ ਆਪਣੇ ਸੀਮਤ ਘੇਰੇ ਵਿੱਚ ਸ਼ਾਂਤ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਅੱਜ ਸੋਸ਼ਲ ਮੀਡੀਆ ਨੇ 'ਸੂਚਨਾ ਦੇ ਲੋਕਤੰਤਰੀਕਰਨ' ਦੇ ਨਾਮ 'ਤੇ ਹਰ ਹੱਥ ਵਿੱਚ ਇੱਕ ਕੈਮਰਾ ਅਤੇ ਇੱਕ ਮਾਈਕ ਫੜਾ ਦਿੱਤਾ ਹੈ। ਸੋਸ਼ਲ ਮੀਡੀਆ ਨੇ ਦੂਰੀਆਂ ਤਾਂ ਖ਼ਤਮ ਕਰ ਦਿੱਤੀਆਂ ਹਨ, ਪਰ ਦਿਮਾਗੀ ਸਕੂਨ ਵੀ ਖੋਹ ਲਿਆ ਹੈ। ਹੁਣ ਕੋਈ ਘਟਨਾ ਵਾਪਰਦੀ ਬਾਅਦ ਵਿੱਚ ਹੈ, ਉਸ ਦੀ ਵੀਡੀਓ ਪਹਿਲਾਂ ਵਾਇਰਲ ਹੋ ਜਾਂਦੀ ਹੈ। ਇਹ 'ਲਾਈਵ' ਹੋਣ ਦੀ ਦੌੜ ਨੇ ਮਨੁੱਖ ਨੂੰ ਇੱਕ ਅਜਿਹੀ ਮਸ਼ੀਨ ਬਣਾ ਦਿੱਤਾ ਹੈ ਜੋ ਹਰ ਵੇਲੇ ਹਾਈ-ਅਲਰਟ 'ਤੇ ਰਹਿੰਦੀ ਹੈ। ਅੱਜ ਸੂਚਨਾ ਸਿਰਫ਼ ਜਾਣਕਾਰੀ ਨਹੀਂ ਰਹੀ, ਸਗੋਂ ਇੱਕ 'ਉਤਪਾਦ' ਬਣ ਗਈ ਹੈ, ਜਿਸ ਨੂੰ ਵੇਚਣ ਲਈ ਮਸਾਲਾ ਲਗਾਇਆ ਜਾਂਦਾ ਹੈ।

2. ਮਾਨਸਿਕ ਪ੍ਰਦੂਸ਼ਣ ਅਤੇ 'ਕੁਮੈਂਟ ਸੱਭਿਆਚਾਰ' ਦਾ ਵਿਸ਼ਲੇਸ਼ਣ

ਸੋਸ਼ਲ ਮੀਡੀਆ ਦੀ ਸਭ ਤੋਂ ਵੱਡੀ ਦੇਣ 'ਕੁਮੈਂਟ ਸੈਕਸ਼ਨ' ਹੈ, ਜੋ ਅੱਜਕੱਲ੍ਹ ਨਫ਼ਰਤ ਦਾ ਅੱਡਾ ਬਣ ਚੁੱਕਾ ਹੈ। ਲੋਕ ਕੁਮੈਂਟਾਂ ਵਿੱਚ ਆਪਸ ਵਿੱਚ ਲੜਦੇ ਹਨ। ਇਹ ਲੜਾਈ ਸਿਰਫ਼ ਵਿਚਾਰਾਂ ਦੀ ਨਹੀਂ ਹੁੰਦੀ, ਸਗੋਂ ਇਹ ਆਪਣੀ 'ਹਉਮੈ' ਨੂੰ ਦੂਜੇ ਨਾਲੋਂ ਉੱਪਰ ਰੱਖਣ ਦੀ ਜੰਗ ਹੈ। ਜਦੋਂ ਅਸੀਂ ਕਿਸੇ ਪੋਸਟ ਹੇਠਾਂ ਬਹਿਸ ਕਰਦੇ ਹਾਂ, ਤਾਂ ਅਸੀਂ ਸਿਰਫ਼ ਆਪਣੀ ਰਾਏ ਨਹੀਂ ਦੇ ਰਹੇ ਹੁੰਦੇ, ਸਗੋਂ ਆਪਣੇ ਅੰਦਰਲੇ ਗੁੱਸੇ ਨੂੰ ਬਾਹਰ ਕੱਢ ਰਹੇ ਹੁੰਦੇ ਹਾਂ।

ਸੋਸ਼ਲ ਮੀਡੀਆ 'ਤੇ ਲੋਕ ਆਪਣੀ ਅਸਲ ਪਛਾਣ ਛੁਪਾ ਕੇ ਜਾਂ ਸਕਰੀਨ ਦੇ ਪਿੱਛੇ ਬੈਠ ਕੇ ਉਹ ਕੁਝ ਵੀ ਬੋਲ ਦਿੰਦੇ ਹਨ ਜੋ ਉਹ ਸਾਹਮਣੇ ਖੜ੍ਹ ਕੇ ਕਹਿਣ ਦੀ ਹਿੰਮਤ ਨਹੀਂ ਰੱਖਦੇ। ਜਦੋਂ ਸਾਹਮਣੇ ਬੰਦਾ ਨਾ ਹੋਵੇ ਅਤੇ ਸਿਰਫ਼ ਇੱਕ ਮੋਬਾਈਲ ਸਕ੍ਰੀਨ ਹੋਵੇ, ਤਾਂ ਇਨਸਾਨੀ ਸੰਵੇਦਨਾ ਖ਼ਤਮ ਹੋ ਜਾਂਦੀ ਹੈ। ਇਹ 'ਡਿਜੀਟਲ ਬਹਾਦਰੀ' ਸਮਾਜਿਕ ਰਿਸ਼ਤਿਆਂ ਵਿੱਚ ਕੁੜੱਤਣ ਘੋਲ ਰਹੀ ਹੈ।

ਸੋਸ਼ਲ ਮੀਡੀਆ ਦੇ ਐਲਗੋਰਿਦਮ ਸਾਨੂੰ ਉਹੀ ਕੁਝ ਦਿਖਾਉਂਦੇ ਹਨ ਜੋ ਅਸੀਂ ਦੇਖਣਾ ਚਾਹੁੰਦੇ ਹਾਂ। ਜੇਕਰ ਅਸੀਂ ਕਿਸੇ ਖਾਸ ਵਿਚਾਰਧਾਰਾ ਨੂੰ ਪਸੰਦ ਕਰਦੇ ਹਾਂ, ਤਾਂ ਸਾਨੂੰ ਉਹੀ ਨਫ਼ਰਤ ਭਰੀਆਂ ਪੋਸਟਾਂ ਦਿਖਾਈਆਂ ਜਾਣਗੀਆਂ, ਜੋ ਸਾਡੇ ਵਿਰੋਧੀ ਵਿਚਾਰਾਂ ਪ੍ਰਤੀ ਗੁੱਸੇ ਨੂੰ ਹੋਰ ਭੜਕਾਉਣਗੀਆਂ। ਜੇਕਰ ਕਿਸੇ ਧਾਰਮਿਕ ਜਾਂ ਸਮਾਜਿਕ ਮੁੱਦੇ 'ਤੇ ਕੋਈ ਪੋਸਟ ਪਾਈ ਜਾਵੇ, ਤਾਂ ਉਸ ਦੇ ਹੇਠਾਂ ਦਿੱਤੇ ਕੁਮੈਂਟ ਪੜ੍ਹ ਕੇ ਇੰਝ ਲੱਗਦਾ ਹੈ ਜਿਵੇਂ ਸਮਾਜ ਵਿੱਚ ਸੱਭਿਅਤਾ ਨਾਮ ਦੀ ਕੋਈ ਚੀਜ਼ ਹੀ ਨਾ ਬਚੀ ਹੋਵੇ। ਲੋਕ ਇੱਕ-ਦੂਜੇ ਦੇ ਧਰਮ, ਪਰਿਵਾਰ ਅਤੇ ਨਿੱਜੀ ਜੀਵਨ 'ਤੇ ਹਮਲੇ ਕਰਦੇ ਹਨ। ਇਹ ਲੜਾਈ ਕਿਸੇ ਹੱਲ ਲਈ ਨਹੀਂ, ਸਗੋਂ ਦੂਜੇ ਨੂੰ ਨੀਵਾਂ ਦਿਖਾਉਣ ਲਈ ਹੁੰਦੀ ਹੈ।

3. ਮਾੜੇ ਪਹਿਲੂ ਦੀ ਤਰਜੀਹ: ਇੱਕ ਮਨੋਵਿਗਿਆਨਕ ਬਿਮਾਰੀ

ਲੋਕ ਮਾੜੇ ਪਹਿਲੂ ਨੂੰ ਤਰਜੀਹ ਦੇ ਰਹੇ ਹਨ। ਇਸ ਦੇ ਪਿੱਛੇ ਮਨੋਵਿਗਿਆਨਕ ਕਾਰਨ ਹਨ। ਮਨੁੱਖੀ ਦਿਮਾਗ 'ਨਕਾਰਾਤਮਕਤਾ' ਵੱਲ ਜਲਦੀ ਆਕਰਸ਼ਿਤ ਹੁੰਦਾ ਹੈ। ਇੱਕ ਵੀਡੀਓ ਜਿਸ ਵਿੱਚ ਕੋਈ ਸੇਵਾ ਕਰ ਰਿਹਾ ਹੈ, ਉਸ ਨੂੰ 1,000 ਲੋਕ ਦੇਖਣਗੇ, ਪਰ ਜਿਸ ਵੀਡੀਓ ਵਿੱਚ ਕੋਈ ਕਿਸੇ ਨੂੰ ਗਾਲ੍ਹਾਂ ਕੱਢ ਰਿਹਾ ਹੈ, ਉਸ ਨੂੰ ਲੱਖਾਂ ਲੋਕ ਦੇਖਣਗੇ।

ਅੱਜ 'ਵਿਊਜ਼' (Views) ਦੀ ਦੌੜ ਨੇ ਇਨਸਾਨ ਨੂੰ ਇੰਨਾ ਅੰਨ੍ਹਾ ਕਰ ਦਿੱਤਾ ਹੈ ਕਿ ਉਹ ਸ਼ਾਂਤੀ ਨਾਲੋਂ ਹੰਗਾਮੇ ਨੂੰ ਜ਼ਿਆਦਾ ਪਸੰਦ ਕਰਦਾ ਹੈ। ਅਸੀਂ ਦੂਜਿਆਂ ਦੀਆਂ ਨਿੱਜੀ ਜ਼ਿੰਦਗੀਆਂ ਦੇ ਦੁਖਾਂਤ ਵਿੱਚੋਂ 'ਮਨੋਰੰਜਨ' ਲੱਭਣ ਲੱਗ ਪਏ ਹਾਂ।

ਨਿੰਦਿਆ ਦਾ ਸਵਾਦ: ਗੁਰਬਾਣੀ ਅਨੁਸਾਰ "ਨਿੰਦਾ ਭਲੀ ਕਿਸੈ ਕੀ ਨਾਹੀ, ਪਰ ਅੱਜ ਸੋਸ਼ਲ ਮੀਡੀਆ 'ਤੇ ਨਿੰਦਿਆ ਕਰਨਾ ਇੱਕ ਮਨੋਰੰਜਨ ਬਣ ਗਿਆ ਹੈ।

4. ਪਰਿਵਾਰਕ ਅਤੇ ਸਮਾਜਿਕ ਵਿਘਟਨ

ਸੋਸ਼ਲ ਮੀਡੀਆ ਕਾਰਨ ਲੋਕ ਇੱਕੋ ਕਮਰੇ ਵਿੱਚ ਬੈਠੇ ਹੋਣ ਦੇ ਬਾਵਜੂਦ ਇੱਕ ਦੂਜੇ ਤੋਂ ਮੀਲਾਂ ਦੂਰ ਹਨ।

ਉਦਾਹਰਨ: ਪਹਿਲਾਂ ਜਦੋਂ ਪਿੰਡ ਦੀ ਸੱਥ ਵਿੱਚ ਲੋਕ ਬੈਠਦੇ ਸਨ, ਤਾਂ ਵਿਚਾਰਾਂ ਦਾ ਵਟਾਂਦਰਾ ਹੁੰਦਾ ਸੀ, ਭਾਵੇਂ ਬਹਿਸ ਹੁੰਦੀ ਸੀ ਪਰ ਉਸ ਵਿੱਚ ਮਾਨਵੀ ਸੰਪਰਕ ਹੁੰਦਾ ਸੀ। ਅੱਜ ਅਸੀਂ ਫੇਸਬੁੱਕ ਜਾਂ ਇੰਸਟਾਗ੍ਰਾਮ 'ਤੇ ਅਣਜਾਣ ਲੋਕਾਂ ਨਾਲ ਲੜ ਰਹੇ ਹਾਂ ਅਤੇ ਆਪਣੇ ਘਰ ਦੇ ਜੀਅ ਨਾਲ ਗੱਲ ਕਰਨ ਦਾ ਸਾਡੇ ਕੋਲ ਸਮਾਂ ਨਹੀਂ ਹੈ। ਸਾਡੀ ਸ਼ਾਂਤੀ ਇਸ ਲਈ ਭੰਗ ਹੋਈ ਹੈ ਕਿਉਂਕਿ ਅਸੀਂ 'ਬਾਹਰੀ ਸ਼ੋਰ' ਨੂੰ ਆਪਣੇ 'ਅੰਦਰਲੇ ਸ਼ੋਰ' ਨਾਲੋਂ ਜ਼ਿਆਦਾ ਮਹੱਤਵ ਦੇਣਾ ਸ਼ੁਰੂ ਕਰ ਦਿੱਤਾ ਹੈ।

5. ਧਾਰਮਿਕ ਅਤੇ ਰਾਜਨੀਤਿਕ ਕੱਟੜਤਾ

ਸੋਸ਼ਲ ਮੀਡੀਆ ਨੇ ਧਰਮ ਅਤੇ ਰਾਜਨੀਤੀ ਨੂੰ ਹਥਿਆਰ ਬਣਾ ਲਿਆ ਹੈ। ਛੋਟੀਆਂ-ਛੋਟੀਆਂ ਗੱਲਾਂ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਜਾਂਦਾ ਹੈ ਤਾਂ ਜੋ ਦੋ ਫਿਰਕਿਆਂ ਜਾਂ ਦੋ ਧਿਰਾਂ ਵਿਚਾਲੇ ਦਰਾਰ ਪਾਈ ਜਾ ਸਕੇ। ਲੋਕ ਬਿਨਾਂ ਤੱਥਾਂ ਦੀ ਜਾਂਚ ਕੀਤੇ ਸਿਰਫ਼ 'ਹੈੱਡਲਾਈਨ' ਪੜ੍ਹ ਕੇ ਹੀ ਲੜਨਾ ਸ਼ੁਰੂ ਕਰ ਦਿੰਦੇ ਹਨ। ਗੁਰਬਾਣੀ ਕਹਿੰਦੀ ਹੈ: "ਪੜਿਆ ਬੂਝੈ ਸੋ ਪਰਵਾਣੁ ॥ ਜਿਸੁ ਸਿਰਿ ਦਰਗਹ ਦਾ ਨੀਸਾਣੁ॥" ਭਾਵ ਅਸਲ ਪੜ੍ਹਿਆ ਲਿਖਿਆ ਉਹ ਹੈ ਜੋ ਵਿਸ਼ੇ ਨੂੰ ਸਮਝੇ, ਨਾ ਕਿ ਸਿਰਫ਼ ਅਹੰਕਾਰ ਵਿੱਚ ਦੂਜੇ ਨੂੰ ਨੀਵਾਂ ਦਿਖਾਵੇ।

ਸਾਨੂੰ ਇਹ ਸਮਝਣਾ ਪਵੇਗਾ ਕਿ ਹਰ ਚੀਜ਼ ਵਰਤਣ ਦਾ ਇੱਕ ਤਰੀਕਾ ਹੁੰਦਾ ਹੈ। ਅੱਜ ਅਸੀਂ ਸੋਸ਼ਲ ਮੀਡੀਆ ਦੇ ਮਾਲਕ ਨਹੀਂ, ਸਗੋਂ ਗੁਲਾਮ ਬਣ ਚੁੱਕੇ ਹਾਂ। ਸ਼ਾਂਤੀ ਕਾਇਮ ਰੱਖਣ ਲਈ ਹੇਠ ਲਿਖੇ ਨੁਕਤੇ ਜ਼ਰੂਰੀ ਹੋ ਸਕਦੇ ਹਨ:

6. ਹੱਲ ਅਤੇ ਨਵੀਂ ਸੇਧ: 'ਵਿਵੇਕ ਬੁੱਧੀ' ਦੀ ਲੋੜ

ਜੇਕਰ ਅਸੀਂ ਚਾਹੁੰਦੇ ਹਾਂ ਕਿ ਸਾਡੀ ਸ਼ਾਂਤੀ ਬਹਾਲ ਹੋਵੇ, ਤਾਂ ਸਾਨੂੰ ਕੁਝ ਕਦਮ ਚੁੱਕਣੇ ਪੈਣਗੇ:

ੳ) ਸੰਜਮ : ਗੁਰਬਾਣੀ ਕਹਿੰਦੀ ਹੈ, "ਜਿਥੈ ਬੋਲਣਿ ਹਾਰੀਐ ਤਿਥੈ ਚੰਗੀ ਚੁਪ ॥ ਜਿੱਥੇ ਬੋਲਣ ਨਾਲ ਨੁਕਸਾਨ ਹੁੰਦਾ ਹੋਵੇ, ਉੱਥੇ ਚੁੱਪ ਰਹਿਣਾ ਹੀ ਸਿਆਣਪ ਹੈ। ਜਿਵੇਂ ਅਸੀਂ ਖਾਣ-ਪੀਣ ਵਿੱਚ ਪਰਹੇਜ਼ ਰੱਖਦੇ ਹਾਂ, ਉਵੇਂ ਹੀ ਸਾਨੂੰ 'ਡਿਜੀਟਲ ਖ਼ੁਰਾਕ' ਵਿੱਚ ਵੀ ਪਰਹੇਜ਼ ਰੱਖਣਾ ਪਵੇਗਾ। ਹਰ ਪੋਸਟ 'ਤੇ ਕੁਮੈਂਟ ਕਰਨਾ ਜ਼ਰੂਰੀ ਨਹੀਂ ਹੈ।

ਅ) ਤੱਥਾਂ ਦੀ ਜਾਂਚ: ਕਿਸੇ ਵੀ ਖ਼ਬਰ ਨੂੰ ਅੱਗੇ ਭੇਜਣ ਤੋਂ ਪਹਿਲਾਂ ਇਹ ਜ਼ਰੂਰ ਦੇਖੋ ਕਿ ਕੀ ਇਹ ਸੱਚ ਹੈ ਜਾਂ ਸਿਰਫ਼ ਨਫ਼ਰਤ ਫੈਲਾਉਣ ਦਾ ਸਾਧਨ ?

ੲ) ਸਕਾਰਾਤਮਕਤਾ ਦਾ ਪ੍ਰਚਾਰ: ਜੇਕਰ ਮਾੜਾ ਪਹਿਲੂ ਜਲਦੀ ਫੈਲਦਾ ਹੈ, ਤਾਂ ਚੰਗੇ ਪਹਿਲੂ ਨੂੰ ਫੈਲਾਉਣ ਦੀ ਜ਼ਿੰਮੇਵਾਰੀ ਸਾਡੀ ਹੈ। ਸਾਨੂੰ ਚੰਗੇ ਵਿਚਾਰਾਂ, ਕਲਾ ਅਤੇ ਮਨੁੱਖਤਾ ਦੀਆਂ ਕਹਾਣੀਆਂ ਨੂੰ ਵੱਧ ਤੋਂ ਵੱਧ ਸਾਂਝਾ ਕਰਨਾ ਚਾਹੀਦਾ ਹੈ। ਅਸੀਂ ਬਹਿਸ ਤਾਂ ਕਰੀਏ ਪਰ ਕੁਮੈਂਟਾਂ ਵਿੱਚ 'ਲੜਾਈ' ਨਾ ਕਰੀਏ। ਦੂਜੇ ਦੇ ਵਿਚਾਰ ਦਾ ਸਤਿਕਾਰ ਕਰਨਾ ਸਿੱਖੀਏ।

7. ਅਧਿਆਤਮਿਕ ਨਜ਼ਰੀਆ

ਮਨੁੱਖੀ ਮਨ ਦੀ ਸ਼ਾਂਤੀ ਉਦੋਂ ਹੀ ਵਾਪਸ ਆ ਸਕਦੀ ਹੈ ਜਦੋਂ ਉਹ 'ਬਾਹਰ' ਦੀ ਬਜਾਏ 'ਅੰਦਰ' ਵੱਲ ਝਾਤ ਮਾਰੇਗਾ। ਸੋਸ਼ਲ ਮੀਡੀਆ ਸਾਨੂੰ ਦਿਖਾਉਂਦਾ ਹੈ ਕਿ ਦੂਜੇ ਕਿੰਨੇ ਖੁਸ਼ ਹਨ (ਜੋ ਅਕਸਰ ਝੂਠ ਹੁੰਦਾ ਹੈ), ਜਿਸ ਕਾਰਨ ਸਾਡੇ ਅੰਦਰ ਈਰਖਾ ਪੈਦਾ ਹੁੰਦੀ ਹੈ। ਗੁਰੂ ਸਾਹਿਬ ਸਾਨੂੰ ਸਿਖਾਉਂਦੇ ਹਨ ਕਿ ਅਸਲ ਸੁੱਖ ਸੰਤੋਖ ਵਿੱਚ ਹੈ।

ਆਖਰੀ ਗੱਲ:

ਸੋਸ਼ਲ ਮੀਡੀਆ ਇੱਕ ਦੋ-ਧਾਰੀ ਤਲਵਾਰ ਹੈ। ਇਹ ਸਾਨੂੰ ਜੋੜ ਵੀ ਸਕਦਾ ਹੈ ਅਤੇ ਤੋੜ ਵੀ ਸਕਦਾ ਹੈ। ਜੇਕਰ ਅਸੀਂ ਇਸ ਦੀ ਵਰਤੋਂ ਸਿਰਫ਼ ਦੂਜਿਆਂ ਦੀ ਨਿੰਦਿਆ ਜਾਂ ਛੋਟੀਆਂ ਘਟਨਾਵਾਂ 'ਤੇ ਬਹਿਸ ਕਰਨ ਲਈ ਕਰਾਂਗੇ, ਤਾਂ ਸਾਡੀ ਸ਼ਾਂਤੀ ਕਦੇ ਵਾਪਸ ਨਹੀਂ ਆਵੇਗੀ। ਸਾਨੂੰ ਆਪਣੀ ਸੋਚ ਨੂੰ 'ਵਿਕਾਰਾਂ' ਤੋਂ ਮੁਕਤ ਕਰਕੇ 'ਵਿਚਾਰਾਂ' ਵੱਲ ਲਿਜਾਣਾ ਪਵੇਗਾ। ਸਮੁੱਚੀ ਮਨੁੱਖਤਾ ਨੂੰ ਸੇਧ ਦਿੰਦੇ ਹੋਏ, ਸਾਨੂੰ ਇਸ ਮਾਰਗ 'ਤੇ ਚੱਲਣਾ ਚਾਹੀਦਾ ਹੈ ਜਿੱਥੇ ਅਸੀਂ ਟੈਕਨਾਲੋਜੀ ਦੇ ਗੁਲਾਮ ਨਾ ਬਣੀਏ, ਸਗੋਂ ਇਸ ਨੂੰ ਮਨੁੱਖੀ ਭਲਾਈ ਲਈ ਵਰਤੀਏ। "ਸਭ ਕੋ ਮੀਤੁ ਹਮ ਆਪਨ ਕੀਨਾ ਹਮ ਸਭਨਾ ਕੇ ਸਾਜਨ ॥" (ਗੁਰੂ ਅਰਜਨ ਦੇਵ ਜੀ)

ਜਦੋਂ ਅਸੀਂ ਇਸ ਭਾਵਨਾ ਨਾਲ ਸੋਸ਼ਲ ਮੀਡੀਆ 'ਤੇ ਵਿਚਰਾਂਗੇ ਕਿ ਹਰ ਕੋਈ ਸਾਡਾ ਮਿੱਤਰ ਹੈ ਅਤੇ ਅਸੀਂ ਸਭ ਦੇ ਸੱਜਣ ਹਾਂ, ਤਾਂ ਕੁਮੈਂਟਾਂ ਦੀਆਂ ਲੜਾਈਆਂ ਖ਼ਤਮ ਹੋ ਜਾਣਗੀਆਂ ਅਤੇ ਦੁਨੀਆਂ ਵਿੱਚ ਮੁੜ ਸ਼ਾਂਤੀ ਦਾ ਪਸਾਰਾ ਹੋਵੇਗਾ।

**-ਗੁਰਦੇਵ ਸਿੰਘ ਬਠਿੰਡਾ, ਮੋਬ : 9316949649**

# ਮੰਤਰੀ ਲਾਲਜੀਤ ਭੁੱਲਰ ਤੇ ਪ੍ਰਧਾਨ ਗੁਰਮੁਖ ਡੇਹਰੀਵਾਲ ਨੇ ਉਸਾਰੀ ਅਧੀਨ ਸਟੇਡੀਅਮ ਦਾ ਲਿਆ ਜਾਇਜ਼ਾ



ਚੌਂਕ ਮਹਿਤਾ, 3 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਆਪ ਸਰਕਾਰ ਯੋਗ ਉਪਰਾਲੇ ਕਰ ਰਹੀ ਹੈ। ਜਿਸ ਤਹਿਤ ਪਿੰਡਾਂ ਦੇ ਵਿਚ ਖੇਡ ਸਟੇਡੀਅਮ ਅਤੇ ਖੇਡ ਨਰਸਰੀਆਂ ਤਿਆਰ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਪਿੰਡ ਬੁਰਜਰਾਏ ਵਿਖੇ ਨਵੇਂ ਬਣ ਰਹੇ ਸਟੇਡੀਅਮ ਦੇ ਕੰਮ ਦਾ ਜਾਇਜ਼ਾ ਲੈਣ ਮੌਕੇ ਕੀਤਾ। ਜਿਸ ਦੌਰਾਨ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਹਰੀਵਾਲ ਆਪਣੇ ਸਾਥੀਆਂ ਸਮੇਤ ਮੰਤਰੀ ਭੁੱਲਰ ਦੇ ਨਾਲ ਮੌਜੂਦ ਸਨ। ਇਸ ਸਮੇਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ 10 ਏਕੜ ਜ਼ਮੀਨ ਵਿਚ ਕਰੋੜਾਂ ਰੁਪਏ ਦੀ ਲਾਗਤ ਨਾਲ ਇਹ ਆਲੀਸ਼ਾਨ ਸਟੇਡੀਅਮ ਤਿਆਰ ਕੀਤਾ ਜਾਵੇਗਾ। ਜਿਸ ਵਿਚ ਖੇਡਾਂ ਨਾਲ ਸਬੰਧਤ ਹਰ ਆਧੁਨਿਕ ਸਹੂਲਤ ਮੌਜੂਦ ਹੋਵੇਗੀ। ਉਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਨੌਜਵਾਨਾਂ ਦੇ ਉੱਜਵਲ ਭਵਿੱਖ ਲਈ ਦਿਨ ਰਾਤ ਯਤਨਸ਼ੀਲ ਹੈ। ਮਾਨ ਸਰਕਾਰ ਦਾ ਇਹ ਸੁਪਨਾ ਹੈ ਕਿ ਪੰਜਾਬ ਦੇ ਹਰ ਨੌਜਵਾਨ ਨੂੰ ਖੇਡਾਂ ਨਾਲ ਜੋੜਿਆ ਜਾਵੇ ਤਾਂ ਜ਼ੋ ਸਾਡਾ ਸੂਬਾ ਤੰਦਰੁਸਤ ਅਤੇ ਅਰੋਗ ਬਣ ਸਕੇ। ਉਨਾਂ ਨੇ ਪੰਜਾਬ ਦੀ ਨੌਜਵਾਨ ਪੀੜੀ ਨੂੰ ਸੁਨੇਹਾ ਦਿੰਦਿਆਂ ਆਖਿਆ ਕਿ ਆਓ ਸਾਰੇ ਖੇਡਾਂ ਦੇ ਨਾਲ ਜੁੜੀਏ ਅਤੇ ਇਕ ਸਿਹਤਮੰਦ ਤੇ ਨਰੋਏ ਸਮਾਜ ਦੀ ਸਿਰਜਣਾ ਕਰਨ ਵਿਚ ਆਪਣਾ ਬਣਦਾ ਯੋਗਦਾਨ ਪਾਈਏ। ਇਸ ਮੌਕੇ ਸੀਨੀਅਰ ਆਪ ਆਗੂ ਅਤੇ ਮੌਜੂਦਾ ਪੰਚਾਇਤ ਮੈਂਬਰ ਸਿਕੰਦਰ ਸਿੰਘ ਤਾਹਰਪੁਰ, ਰੋਬਿਨਦੀਪ ਸਿੰਘ ਤਾਹਰਪੁਰ, ਸਰਪੰਚ ਗੁਰਵਿੰਦਰ ਸਿੰਘ ਤੇ ਦਿਲਬਾਗ ਸਿੰਘ ਪੰਚ, ਮੱਖਣ ਸਿੰਘ ਪੰਚ, ਭੁਪਿੰਦਰ ਸਿੰਘ ਪੰਚ, ਅੰਮ੍ਰਿਤਪਾਲ ਸਿੰਘ, ਮਨਦੀਪ ਭੱਟੀ ਤੋਂ ਇਲਾਵਾ ਹੋਰ ਵੀ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਇਲੈਕਟ੍ਰੋਹੋਮਿਓਪੈਥੀ ਦਾ ਵੱਧਦਾ ਹੋਇਆ ਰੁਝਾਨ



ਇਲੈਕਟ੍ਰੋਹੋਮਿਓਪੈਥੀ ਇਲਾਜ਼ ਦੀ ਇੱਕ ਪ੍ਰਣਾਲੀ ਹੈ ਜਿਸ ਬਾਰੇ ਬਹੁਤ ਸਾਰੇ ਲੋਕ ਮੂੰਹ-ਜ਼ੁਬਾਨੀ, ਸਥਾਨਕ ਲੋਕਾਂ ਜਾਂ ਸੋਸ਼ਲ ਮੀਡੀਆ ਰਾਹੀਂ ਜਾਣਕਾਰੀ ਲੈਂਦੇ ਹਨ। ਇਸ ਦੇ ਸਮਰਥਕ ਇਸਨੂੰ ਕੁਦਰਤੀ, ਪੌਦਿਆਂ 'ਤੇ ਆਧਾਰਿਤ ਇਲਾਜ ਪ੍ਰਣਾਲੀ ਦੱਸਦੇ ਹਨ, ਜਦਕਿ ਆਲੋਚਕ ਕਹਿੰਦੇ ਹਨ ਕਿ ਇਸਦੇ ਪੱਖ ਵਿੱਚ ਮਜ਼ਬੂਤ ਵਿਗਿਆਨਕ ਸਬੂਤ ਮੌਜੂਦ ਨਹੀਂ ਹਨ। ਇਲੈਕਟ੍ਰੋਹੋਮਿਓਪੈਥੀ ਦਾ ਵਿਕਾਸ 19ਵੀਂ ਸਦੀ ਵਿੱਚ ਇੱਕ ਇਟਾਲੀਅਨ ਵਿਅਕਤੀ ਕਾਉਂਟ ਸੇਜ਼ਾਰੇ ਮਾਤੇਈ ਵੱਲੋਂ ਕੀਤਾ ਗਿਆ। ਉਸਦਾ ਮੰਨਣਾ ਸੀ ਕਿ ਬਹੁਤ ਸਾਰੀਆਂ ਬਿਮਾਰੀਆਂ ਸਰੀਰ ਦੇ ਰੱਤ ਅਤੇ ਲਿੰਫ਼ (ਲਸੀਕਾ — ਜੋ ਰੋਗ-ਰੋਧਕ ਪ੍ਰਣਾਲੀ ਨੂੰ ਸਹਾਰਾ ਦਿੰਦੀ ਹੈ) ਦੇ ਅਸ਼ੁੱਧ ਜਾਂ ਅਸੰਤੁਲਿਤ ਹੋਣ ਕਾਰਨ ਪੈਦਾ ਹੁੰਦੀਆਂ ਹਨ। ਉਸਦੀ ਸਿਧਾਂਤਕ ਸੋਚ ਅਨੁਸਾਰ, ਇਸ ਸੰਤੁਲਨ ਨੂੰ ਮੁੜ ਬਹਾਲ ਕਰਨ ਨਾਲ ਸਰੀਰ ਆਪਣੇ ਆਪ ਨੂੰ ਠੀਕ ਕਰ ਸਕਦਾ ਹੈ। ਇੱਥੇ ਇਲੈਕਟ੍ਰੋ ਸ਼ਬਦ ਦਾ ਅਰਥ ਆਧੁਨਿਕ ਵਿਗਿਆਨਕ ਮਾਇਨੇ ਵਿੱਚ ਬਿਜਲੀ ਨਹੀਂ ਹੈ। ਮਾਤੇਈ ਨੇ ਇਸ ਸ਼ਬਦ ਨੂੰ ਇੱਕ ਜੀਵਨ-ਸ਼ਕਤੀ ਜਾਂ ਊਰਜਾ ਵਜੋਂ ਵਰਤਿਆ, ਜਿਸ ਬਾਰੇ ਉਸਦਾ ਵਿਸ਼ਵਾਸ ਸੀ ਕਿ ਇਹ ਸਰੀਰ ਵਿੱਚ ਪ੍ਰਵਾਹਿਤ ਹੁੰਦੀ ਹੈ। ਇਹ ਦਵਾਈਆਂ ਮੁੱਖ ਤੌਰ 'ਤੇ ਪੌਦਿਆਂ ਦੇ ਅਰਕਾਂ ਤੋਂ ਬਣਾਈਆਂ ਜਾਂਦੀਆਂ ਸਨ ਅਤੇ ਉਹਨਾਂ ਨੂੰ ਉਹਨਾਂ ਬਿਮਾਰੀਆਂ ਦੇ ਆਧਾਰ 'ਤੇ ਨਾਂ ਦਿੱਤੇ ਜਾਂਦੇ ਸਨ, ਜਿਨ੍ਹਾਂ ਦੇ ਇਲਾਜ ਲਈ ਇਹ ਤਿਆਰ ਕੀਤੀਆਂ ਜਾਂਦੀਆਂ ਸਨ।

ਇਲੈਕਟ੍ਰੋਹੋਮਿਓਪੈਥੀ ਦੇ ਮੁੱਖ ਸਿਧਾਂਤ ਕੀ ਹਨ ?

ਇਲੈਕਟ੍ਰੋਹੋਮਿਓਪੈਥੀ ਕੁਝ ਸਧਾਰਣ ਵਿਚਾਰਾਂ 'ਤੇ ਆਧਾਰਿਤ ਹੈ:

ਰੋਗ ਰੱਤ ਅਤੇ ਲਿੰਫ਼ ਦੇ ਅਸੰਤੁਲਨ ਕਾਰਨ ਹੁੰਦੇ ਹਨ।

ਸਰੀਰ ਵਿੱਚ ਕੁਦਰਤੀ ਤੌਰ 'ਤੇ ਆਪਣੇ ਆਪ ਨੂੰ ਠੀਕ ਕਰਨ ਦੀ ਸਮਰੱਥਾ ਹੁੰਦੀ ਹੈ।

ਪੌਦਿਆਂ 'ਤੇ ਆਧਾਰਿਤ ਦਵਾਈਆਂ ਸੰਤੁਲਨ ਮੁੜ ਸਥਾਪਿਤ ਕਰਨ ਵਿੱਚ ਮਦਦਗਾਰ ਹੋ ਸਕਦੀਆਂ ਹਨ।

ਇਲਾਜ਼ ਨਰਮ ਅਤੇ ਹੌਲੀ-ਹੌਲੀ ਹੁੰਦਾ ਹੈ।

ਇਸ ਪ੍ਰਣਾਲੀ ਦੇ ਪ੍ਰਚਾਰਕਾਂ ਦਾ ਦਾਅਵਾ ਹੈ ਕਿ ਇਹ ਦਵਾਈਆਂ ਸਰੀਰ ਦੀ ਸ਼ੁੱਧੀ ਕਰਦੀਆਂ ਹਨ, ਰੋਗ-ਰੋਧਕ ਸ਼ਕਤੀ ਨੂੰ ਮਜ਼ਬੂਤ ਕਰਦੀਆਂ ਹਨ ਅਤੇ ਸਿਰਫ਼ ਲੱਛਣਾਂ ਦੇ ਇਲਾਜ ਦੀ ਬਜਾਏ ਲੰਬੇ ਸਮੇਂ ਦੀ ਸਿਹਤ ਨੂੰ ਸਹਾਰਾ ਦਿੰਦੀਆਂ ਹਨ।

ਕੀ ਇਲੈਕਟ੍ਰੋਹੋਮਿਓਪੈਥੀ ਸੱਚਮੁੱਚ ਪ੍ਰਭਾਵਸ਼ਾਲੀ ਹੈ ?

ਇੱਥੇ ਹੀ ਸਾਰਿਆਂ ਦੀ ਰਾਏ ਵਿੱਚ ਸਭ ਤੋਂ ਵੱਡਾ ਅੰਤਰ ਪੈਂਦਾ ਹੈ।

ਕਈ ਲੋਕ ਦਾਅਵਾ ਕਰਦੇ ਹਨ ਕਿ ਇਲੈਕਟ੍ਰੋਹੋਮਿਓਪੈਥੀ ਦੀਆਂ ਦਵਾਈਆਂ ਲੈਣ ਤੋਂ ਬਾਅਦ ਉਹਨਾਂ ਨੂੰ ਸੁਧਾਰ ਮਹਿਸੂਸ ਹੋਇਆ। ਇਹ ਤਜ਼ਰਬੇ ਹਕੀਕਤੀ ਹਨ ਅਤੇ ਉਹਨਾਂ ਦਾ ਆਦਰ ਕੀਤਾ ਜਾਣਾ ਚਾਹੀਦਾ ਹੈ। ਪਰ ਆਧੁਨਿਕ ਇਲਾਜ਼ ਪ੍ਰਣਾਲੀ ਵਿਗਿਆਨ ਕਿਸੇ ਇਲਾਜ਼ ਦੀ ਅਸਲ ਪ੍ਰਭਾਵਸ਼ੀਲਤਾ ਸਾਬਤ ਕਰਨ ਲਈ ਨਿਯੰਤਰਿਤ ਅਧਿਐਨਾਂ 'ਤੇ ਨਿਰਭਰ ਕਰਦਾ ਹੈ, ਤਾਂ ਜੋ ਇਹ ਜਾਣਿਆ ਜਾ ਸਕੇ ਕਿ ਲਾਭ ਸਿਰਫ਼ ਵਿਸ਼ਵਾਸ ਜਾਂ ਸੰਯੋਗ ਦਾ ਨਤੀਜਾ ਨਹੀਂ ਹੈ। ਅਜੇਹੇ ਮਜ਼ਬੂਤ ਵਿਗਿਆਨਕ ਅਧਿਐਨ ਮੌਜੂਦ ਨਹੀਂ ਹਨ ਜੋ ਇਹ ਸਾਬਤ ਕਰਨ ਕਿ ਇਲੈਕਟ੍ਰੋਹੋਮਿਓਪੈਥੀ ਖਾਸ ਬਿਮਾਰੀਆਂ ਦਾ ਇਲਾਜ ਕਰਦੀ ਹੈ। ਵੱਡੇ ਅਤੇ ਢੰਗ ਨਾਲ ਤਿਆਰ ਕੀਤੇ ਗਏ ਕਲੀਨਿਕਲ ਨਤੀਜ਼ਿਆਂ ਦੀ ਕਮੀ ਹੈ। ਵਿਗਿਆਨੀਆਂ ਨੂੰ ਇਹ ਸਪਸ਼ਟ ਜੀਵ-ਵਿਗਿਆਨਕ ਵਿਆਖਿਆ ਨਹੀਂ ਮਿਲੀ ਕਿ ਇਹ ਦਵਾਈਆਂ ਸਰੀਰ ਵਿੱਚ ਕਿਵੇਂ ਕੰਮ ਕਰਦੀਆਂ ਹਨ। ਇਸ ਕਾਰਨ ਡਾਕਟਰ ਅਤੇ ਸਿਹਤ ਅਧਿਕਾਰੀਆਂ ਦਾ ਮੰਨਣਾ ਹੈ ਕਿ ਇਸਦੇ ਸੰਭਾਵਿਤ ਲਾਭ ਪਲੇਸੀਬੋ ਪ੍ਰਭਾਵ, ਕੁਦਰਤੀ ਸੁਧਾਰ ਜਾਂ ਸਹਾਇਕ ਦੇਖਭਾਲ ਕਾਰਨ ਹੋ ਸਕਦੇ ਹਨ, ਨਾ ਕਿ ਦਵਾਈ ਦੇ ਸਿੱਧੇ ਪ੍ਰਭਾਵ ਕਾਰਨ।

ਇਸਦੇ ਸਮਰਥਕ ਕੁਝ ਲਾਭ ਗਿਣਾਉਂਦੇ ਹਨ: ਪੌਦਿਆਂ 'ਤੇ ਆਧਾਰਿਤ ਅਤੇ ਆਮ ਤੌਰ 'ਤੇ ਘੱਟ ਵਿਸ਼ਾਕਤ, ਬਿਨਾਂ ਸਰਜਰੀ ਦੇ, ਨਰਮ ਇਲਾਜ ਅਕਸਰ ਕਿਫ਼ਾਇਤੀ, ਸਮੂਹਿਕ ਸਿਹਤ ਅਤੇ ਸੁੱਖ 'ਤੇ ਧਿਆਨ ਕਈ ਲੋਕ ਇਲਾਜ਼ ਵੇਲੇ ਦਿੱਤੇ ਜਾਣ ਵਾਲੇ ਸਮੇਂ ਅਤੇ ਨਿੱਜੀ ਧਿਆਨ ਨੂੰ ਵੀ ਮਹੱਤਵ ਦਿੰਦੇ ਹਨ, ਜੋ ਮਨੋਵਿਗਿਆਨਕ ਸਹੂਲਤ ਅਤੇ ਆਤਮ-ਵਿਸ਼ਵਾਸ ਵਧਾ ਸਕਦਾ ਹੈ।

**ਸੀਮਾਵਾਂ ਅਤੇ ਖ਼ਤਰੇ** -ਇਸ ਨਾਲ ਕੁਝ ਮਹੱਤਵਪੂਰਨ ਚਿੰਤਾਵਾਂ ਵੀ ਜੁੜੀਆਂ ਹੋਈਆਂ ਹਨ: ਵਿਗਿਆਨਕ ਸਬੂਤਾਂ ਦੀ ਘਾਟ, ਜੀਵ-ਵਿਗਿਆਨਕ ਕਾਰਜ-ਵਿਧੀ ਦੀ ਸਪਸ਼ਟ ਵਿਆਖਿਆ ਨਾ ਹੋਣਾ, ਗੰਭੀਰ ਬਿਮਾਰੀਆਂ ਵਿੱਚ ਢੁੱਕਵੇਂ ਇਲਾਜ ਵਿੱਚ ਦੇਰੀ ਦਾ ਖ਼ਤਰਾ, ਬਹੁਤ ਸਾਰੀਆਂ ਇਲਾਜ਼ ਕੌਂਸਲਾਂ ਵੱਲੋਂ ਮਾਨਤਾ ਪ੍ਰਾਪਤ ਨਾ ਹੋਣਾ, ਸੰਕਰਮਣ, ਕੈਂਸਰ ਜਾਂ ਦਿਲ ਦੀ ਬਿਮਾਰੀ ਵਰਗੀਆਂ ਗੰਭੀਰ ਸਥਿਤੀਆਂ ਵਿੱਚ ਪ੍ਰਮਾਣਿਤ ਇਲਾਜ਼ ਦੀ ਥਾਂ ਇਲੈਕਟ੍ਰੋਹੋਮਿਓਪੈਥੀ ਵਰਤਣਾ ਖਤਰਨਾਕ ਹੋ ਸਕਦਾ ਹੈ।

ਇਲੈਕਟ੍ਰੋਹੋਮਿਓਪੈਥੀ ਦਾ ਭਵਿੱਖ ਖੋਜ ਅਤੇ ਇਮਾਨਦਾਰੀ 'ਤੇ ਨਿਰਭਰ ਕਰਦਾ ਹੈ।ਜੇਕਰ ਇਸ ਦੀਆਂ ਦਵਾਈਆਂ ਵਿੱਚ ਸੱਚਮੁੱਚ ਮਹੱਤਤਾ ਹੈ, ਤਾਂ ਉਹਨਾਂ ਨੂੰ: ਪ੍ਰਯੋਗਸ਼ਾਲਾਵਾਂ ਵਿੱਚ ਢੰਗ ਨਾਲ ਜਾਂਚਿਆ ਜਾਣਾ ਚਾਹੀਦਾ ਹੈ,,ਨਿਯੰਤਰਿਤ ਕਲੀਨਿਕਲ ਟ੍ਰਾਇਲਾਂ ਵਿੱਚ ਅਧਿਐਨ ਕੀਤਾ ਜਾਣਾ ਚਾਹੀਦਾ ਹੈ,,ਸੁਰੱਖਿਆ ਅਤੇ ਗੁਣਵੱਤਾ ਲਈ ਮਿਆਰੀਕ੍ਰਿਤ ਕੀਤਾ ਜਾਣਾ ਚਾਹੀਦਾ ਹੈ।ਜਦ ਤੱਕ ਇਹ ਨਹੀਂ ਹੁੰਦਾ, ਇਲੈਕਟ੍ਰੋਹੋਮਿਓਪੈਥੀ ਸੰਭਵਤ: ਇੱਕ ਪੂਰਕ ਇਲਾਜ ਪੱਧਤੀ ਵਜੋਂ ਹੀ ਰਹੇਗੀ, ਜਿਸਨੂੰ ਆਧੁਨਿਕ ਇਲਾਜ਼ ਦੇ ਨਾਲ ਨਾ ਕਿ ਉਸਦੀ ਥਾਂ — ਵਰਤਣਾ ਚਾਹੀਦਾ ਹੈ। ਇਲੈਕਟ੍ਰੋਹੋਮਿਓਪੈਥੀ ਇਲਾਜ਼ ਇਤਿਹਾਸ ਦਾ ਇੱਕ ਹਿੱਸਾ ਹੈ ਅਤੇ ਅਜੇ ਵੀ ਕੁਦਰਤੀ ਇਲਾਜ਼ ਦੀ ਖੋਜ ਕਰਨ ਵਾਲੇ ਲੋਕਾਂ ਨੂੰ ਖਿੱਚ ਕਰਦੀ ਹੈ। ਭਾਵੇਂ ਇਹ ਕੁਝ ਲੋਕਾਂ ਨੂੰ ਮਨੋਵਿਗਿਆਨਕ ਸਹੂਲਤ ਅਤੇ ਵਿਅਕਤੀਗਤ ਸੁਧਾਰ ਦੇ ਅਨੁਭਵ ਦੇ ਸਕਦੀ ਹੈ, ਪਰ ਵਿਗਿਆਨ ਨੇ ਅਜੇ ਤੱਕ ਇਸ ਦੀ ਪ੍ਰਭਾਵਸ਼ੀਲਤਾ ਦੀ ਪੁਸ਼ਟੀ ਨਹੀਂ ਕੀਤੀ। ਸਭ ਤੋਂ ਸੁਰੱਖਿਅਤ ਰਸਤਾ ਇਹ ਹੈ ਕਿ ਇਸਦਾ ਵਰਤੋਂ ਸਾਵਧਾਨੀ ਨਾਲ ਕੀਤੀ ਜਾਵੇ, ਜਾਣਕਾਰੀ ਦੇ ਆਧਾਰ 'ਤੇ ਫੈਸਲੇ ਲਏ ਜਾਣ ਅਤੇ ਪੇਸ਼ੇਵਰ ਸਲਾਹ ਤੋਂ ਬਿਨਾਂ ਜ਼ਰੂਰੀ ਇਲਾਜ਼ ਨੂੰ ਕਦੇ ਵੀ ਨਾ ਛੱਡਿਆ ਜਾਵੇ।ਸਿਹਤ ਦੇ ਮਾਮਲਿਆਂ ਵਿੱਚ, ਵਿਸ਼ਵਾਸ ਨੂੰ ਸਬੂਤਾਂ ਦੇ ਨਾਲ-ਨਾਲ ਚਲਣਾ ਚਾਹੀਦਾ ਹੈ — ਉਹਨਾਂ ਤੋਂ ਅੱਗੇ ਨਹੀਂ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਅੰਗਰੇਜ਼ਾਂ ਅੱਗੇ ਨਾ ਝੁਕਣ ਵਾਲੀ ਨਾਭਾ ਸਿੱਖ ਰਿਆਸਤ ਮਹਾਰਾਜਾ ਹੀਰਾ ਸਿੰਘ ਦੇ ਛੇਵੇਂ ਵੰਸਜ਼

# ਅਭੀਉਦੇਪਰਤਾਪ ਸਿੰਘ ਦੀ ਪਹਿਲੀ ਦਸਤਾਰਬੰਦੀ

## ਅੰਬੈਸਡਰ ਫਾਰ ਪੀਸ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਅਨੇਕਾਂ ਸ਼ਖਸੀਅਤਾਂ ਪਹੁੰਚੀਆਂ















ਅੰਗਰੇਜ਼ਾਂ ਅੱਗੇ ਨਾ ਝੁਕਣ ਵਾਲੀ ਨਾਭਾ ਸਿੱਖ ਰਿਆਸਤ ਮਹਾਰਾਜਾ ਹੀਰਾ ਸਿੰਘ ਦੇ ਛੇਵੇਂ ਵੰਸਜ਼ ਅਭੀਉਦੇਪਰਤਾਪ ਸਿੰਘ ਦੀ ਪਹਿਲੀ ਦਸਤਾਰਬੰਦੀ 2 ਫਰਵਰੀ 2026 ਨੂੰ ਹੀਰਾ ਮਹਿਲ ਨਾਭਾ ਵਿਖੇ ਹੋਈ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਾਵਨ ਬਾਣੀ ਦੇ ਸ੍ਰੀ ਅਖੰਡ ਪਾਠਾਂ ਦੇ ਭੋਗ ਇੱਕ ਸਿੰਘ ਬਾਬਾ ਰਾਜਾ ਸਿੰਘ ਕਾਲਝਰਾਣੀ ਵੱਲੋਂ ਇੱਕ ਚੌਂਕੜੇ ਵਿੱਚ ਪਾਏ ਗਏ ਸ਼ਬਦ ਕੀਰਤਨ ਹੋਇਆ ਗੌਰ ਤਲਬ ਹੈ ਕੇ ਮਹਾਰਾਜਾ ਰਿਪੁਦਮਨ ਸਿੰਘ ਨਾਭਾ ਨੇ ਸਿੱਖ ਪੰਥ ਦੀ ਸੇਵਾ ਕਰਦਿਆਂ ਅੰਗਰੇਜ਼ਾਂ ਦਾ ਭਾਰੀ ਤਸ਼ੱਦਦ ਝੱਲਿਆ ਤੇ ਕਾਲੇ ਪਾਣੀ ਕੋਡਾਈ ਕਨਾਲ ਦੀ ਸਜ਼ਾ ਕੱਟਣਾ ਕੀਤੀ ਸਿੱਖ ਪੰਥ ਨੇ ਮੋਰਚਾ ਲਗਾਇਆ ਕੇ ਮਹਾਰਾਜਾ ਰਿਪੁਦਮਨ ਸਿੰਘ ਦਾ ਰਾਜ ਭਾਗ ਉਸ ਨੂੰ ਮੁੜ ਵਾਪਸ ਕੀਤਾ ਜਾਵੇ ਦਸਤਾਰਬੰਦੀ ਸਮਾਗਮ ਵਿੱਚ ਅਨੇਕਾਂ ਧਾਰਮਿਕ ਰਾਜਨੀਤਿਕ ਸਮਾਜਿਕ ਆਗੂ ਅਤੇ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ ਇਸ ਸਮੇਂ ਅੰਬੈਸਡਰ ਫਾਰ ਪੀਸ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਬਾਬਾ ਸੇਵਾ ਸਿੰਘ ਰਾਮਪੁਰ ਖੇੜਾ,ਬਾਬਾ ਗੁਰਿੰਦਰ ਸਿੰਘ ਢਿੱਲੋ ਮੁਖੀ ਡੇਰਾ ਬਿਆਸ,ਬਾਬਾ ਕਰਨੈਲ ਦਾਸ ਮੁਖੀ ਡੇਰਾ ਝਮਟ,ਸਵਾਮੀ ਰਜੇਸ਼ਵਰਾਨੰਦ ਅੰਬਾਲਾ,ਸੰਤ ਬਾਬਾ ਅਮਰ ਸਿੰਘ ਮੁਖੀ ਸੰਪਰਦਾਇ ਰਾੜਾ ਸਾਹਿਬ,ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ ਅਲਹੌਰਾਂ ਵਾਲੇ,ਬਾਬਾ ਨਰਿੰਦਰ ਸਿੰਘ ਅਲਹੌਰਾਂ ਵਾਲੇ,ਨੌਜਵਾਨ ਸਿੱਖ ਹਿਸਟੋਰੀਅਨ ਸਿਮਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਤ ਮਹਾਂਪੁਰਸ਼ ਹਾਜ਼ਰ ਸਨ ਮਹਾਰਾਣੀ ਪ੍ਰੀਤੀ ਸਿੰਘ ਨਾਭਾ ਨੇ ਪੁੱਜੀਆਂ ਸਖ਼ਸ਼ੀਅਤਾਂ ਦਾ ਸਿਰਪਾਉ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਗੁਰਦੁਆਰਾ ਨਾਨਕਸਰ ਕੁਟੀਆ ਤ੍ਰਿਪੜੀ ਪਟਿਆਲਾ ਵਿਖੇ

# ‘ਗੁਰਭਗਤੀ ਸ਼ਬਦ ਜਾਪ ਸਮਾਗਮ’ ਆਯੋਜਿਤ

## ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਾਜ਼ਰੀ ਭਰੀ











‘ਗੁਰਭਗਤੀ ਸ਼ਬਦ ਜਾਪ ਸਮਾਗਮ’ ਗੁਰਦੁਆਰਾ ਨਾਨਕਸਰ ਕੁਟੀਆ ਤ੍ਰਿਪੜੀ ਪਟਿਆਲਾ ਵਿਖੇ 2 ਫਰਵਰੀ 2026 ਰਾਤ ਨੂੰ ਗੁਰਮਤਿ ਸਮਾਗਮ ਦੀ ਹਾਜ਼ਰੀ ਭਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਹਾਜ਼ਰ ਸਿੱਖ ਸੰਗਤਾਂ ਸਨਮਾਨਿਤ ਕਰਦੇ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਹਰਚਰਨ ਸਿੰਘ ਜੀ ਨਾਨਕਸਰ ਕੁਟੀਆ ਤ੍ਰਿਪੜੀ ਪਟਿਆਲਾ ਵਾਲੇ।



ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243